ਨਾਨਕ ਨਾਮ ਚੜ੍ਹਦੀਕਲਾ ਤੇਰੇ ਭਾਣੇ ਸਰਬਤ ਦਾ ਭਲਾ

ਰਜਿਸਟਰਡ ਪੋਸਟਲ ਰਜਿ: ਨੰ.
Pb/PTA(0274)/2024-26,
ਸਾਲ (Year) 58
ਅੰਕ ਨੰਬਰ (Volume No.) 111
ਫ਼ੋਨ: +91- 92168-07500
E-mail: news@charhdikala.com
www.charhdikala.com

ਚੜ੍ਹਦੀਕਲਾ

DAILY CHARHDIKALA, PATIALA

ਬਾਨੀ : (ਸਵ.) ਗਿ. ਹਰਨਾਮ ਸਿੰਘ ਜੀ | ਮੁੱਖ ਸੰਪਾਦਕ : ਡਾ. ਜਗਜੀਤ ਸਿੰਘ ਦਰਦੀ | ਸੰਪਾਦਕ : ਹਰਪ੍ਰੀਤ ਸਿੰਘ ਦਰਦੀ

ਕੁੱਲ ਪੰਨੇ: 12 (Thursday, 23 April, 2026) ਵੀਰਵਾਰ, 23 ਅਪ੍ਰੈਲ, 2026, 10 ਵੈਸਾਖ, ਨਾਨਕਸ਼ਾਹੀ ਸੰਮਤ 558, ਬਿਕ੍ਰਮੀ 2083/ PRGI (RNI) Regd. No. 22972/1972/ ਮੁੱਲ: 2 ਰੁਪਏ

ਬ੍ਰਿਟੇਨ ਨੇ ਹੋਰਮੁਜ਼ ਖੋਲ੍ਹਣ ਬਾਰੇ ਸੱਦੀ 30 ਦੇਸ਼ਾਂ ਦੀ ਮੀਟਿੰਗ !

ਲੰਡਨ, 22 ਅਪ੍ਰੈਲ (ਚ.ਨ.ਸ.):ਦੁਨੀਆਂ ਭਰ ਦੀ ਅਰਥਵਿਵਸਥਾ ਲਈ ਬੇਹੱਦ ਅਹਿਮ ਸਮੁੰਦਰੀ ਮਾਰਗ 'ਸਟ੍ਰੇਟ ਆਫ਼ ਹੋਰਮੁਜ਼' ਵਿੱਚ ਜਹਾਜ਼ਾਂ ਦੀ ਸੁਰੱਖਿਅਤ ਆਵਾਜਾਈ ਬਹਾਲ ਕਰਨ ਲਈ ਬ੍ਰਿਟੇਨ ਅਤੇ ਫਰਾਂਸ ਨੇ ਵੱਡੀ ਪਹਿਲ ਕੀਤੀ ਹੈ। ਬੁੱਧਵਾਰ ਨੂੰ ਲੰਡਨ ਦੇ ਨਾਰਥਵੁੱਡ ਸਥਿਤ 'ਪਰਮਾਨੈਂਟ ਜੁਆਇੰਟ ਹੈੱਡਕੁਆਰਟਰ' ਵਿੱਚ 30 ਤੋਂ ਵੱਧ ਦੇਸ਼ਾਂ ਦੇ ਫੌਜੀ ਸਲਾਹਕਾਰਾਂ ਦੀ ਦੋ ਦਿਨਾਂ ਬੈਠਕ ਸ਼ੁਰੂ ਹੋ ਰਹੀ ਹੈ। ਇਸ ਕਾਨਫਰੰਸ ਦਾ ਮੁੱਖ ਮਕਸਦ ਵੱਖ-ਵੱਖ ਦੇਸ਼ਾਂ ਦੀਆਂ ਫੌਜੀ ਤਾਕਤਾਂ, ਕਮਾਂਡ ਇਨਫ੍ਰਾਸਟ੍ਰਕਚਰ ਅਤੇ ਖੇਤਰ ਵਿੱਚ ਫੌਜਾਂ ਦੀ (ਬਾਕੀ ਸਫਾ 2 'ਤੇ)

ਟਰੰਪ ਨੇ ਈਰਾਨ ਨਾਲ ਵਧਾਈ ਜੰਗਬੰਦੀ

ਈਰਾਨੀ ਬੰਦਰਗਾਹਾਂ ਦੀ ਨਾਕਾਬੰਦੀ ਜਾਰੀ ਰੱਖਣ ਦੇ ਦਿੱਤੇ ਹੁਕਮ

ਚੜ੍ਹਦੀਕਲਾ ਬਿਊਰੋ
==========

ਵਾਸ਼ਿੰਗਟਨ, 22 ਅਪ੍ਰੈਲ : ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਕਿਹਾ ਹੈ ਕਿ ਅਮਰੀਕਾ ਪਾਕਿਸਤਾਨ ਦੀ ਬੇਨਤੀ 'ਤੇ ਈਰਾਨ ਨਾਲ ਜੰਗਬੰਦੀ ਵਧਾ ਰਿਹਾ ਹੈ, ਹਾਲਾਂਕਿ ਉਨ੍ਹਾਂ ਨੇ ਇਹ ਨਹੀਂ ਦੱਸਿਆ ਕਿ ਕਿੰਨੇ ਦਿਨਾਂ ਲਈ ਜੰਗਬੰਦੀ ਵਧਾਈ ਗਈ ਹੈ। ਟਰੰਪ ਨੇ ਕਿਹਾ ਕਿ ਇਸ ਸਮੇਂ ਈਰਾਨੀ ਲੀਡਰਸ਼ਿਪ ਅਤੇ ਸਰਕਾਰ ਦੇ ਅੰਦਰ ਏਕਤਾ ਦੀ ਘਾਟ ਹੈ। ਪਾਕਿਸਤਾਨੀ ਪ੍ਰਧਾਨ ਮੰਤਰੀ ਸ਼ਾਹਬਾਜ਼ ਸ਼ਰੀਫ ਅਤੇ ਫੌਜ ਮੁਖੀ ਨੇ ਉਨ੍ਹਾਂ ਨੂੰ ਈਰਾਨ 'ਤੇ ਹਮਲੇ ਅਸਥਾਈ ਤੌਰ 'ਤੇ ਰੋਕਣ ਦੀ ਅਪੀਲ ਕੀਤੀ ਤਾਂ ਜੋ ਈਰਾਨ ਨੂੰ ਇੱਕ ਸਾਂਝਾ ਮਤਾ ਤਿਆਰ ਕਰਨ ਲਈ ਸਮਾਂ ਮਿਲ ਸਕੇ। ਟਰੰਪ ਨੇ ਕਿਹਾ ਕਿ ਇਸ ਅਪੀਲ 'ਤੇ ਧਿਆਨ ਦਿੰਦੇ ਹੋਏ, ਉਨ੍ਹਾਂ ਨੇ ਅਮਰੀਕੀ ਫੌਜ ਨੂੰ ਹਮਲੇ ਨੂੰ ਫਿਲਹਾਲ ਰੋਕਣ ਦਾ ਹੁਕਮ ਦਿੱਤਾ ਹੈ। ਹਾਲਾਂਕਿ, ਫੌਜ ਨੂੰ ਇਹ ਵੀ ਕਿਹਾ ਗਿਆ ਸੀ ਕਿ ਉਹ ਪੂਰੀ ਤਰ੍ਹਾਂ ਤਿਆਰ ਰਹੇ ਅਤੇ ਈਰਾਨ 'ਤੇ ਦਬਾਅ ਬਣਾਈ ਰੱਖਣ ਲਈ ਨਾਕਾਬੰਦੀ ਜਾਰੀ ਰਹੇਗੀ। ਉਨ੍ਹਾਂ ਸਪੱਸ਼ਟ ਕੀਤਾ ਕਿ ਜੰਗਬੰਦੀ ਉਦੋਂ ਤੱਕ ਜਾਰੀ ਰਹੇਗੀ ਜਦੋਂ ਤੱਕ ਈਰਾਨ ਇੱਕ ਠੋਸ ਅਤੇ ਏਕੀਕ੍ਰਿਤ ਪ੍ਰਸਤਾਵ ਪੇਸ਼ ਨਹੀਂ ਕਰਦਾ ਅਤੇ ਗੱਲਬਾਤ ਪੂਰੀ ਨਹੀਂ ਹੋ ਜਾਂਦੀ।

ਹੋਰਮੁਜ਼ 'ਚ ਈਰਾਨ ਵੱਲੋਂ ਦੋ ਜਹਾਜ਼ ਜ਼ਬਤ !

ਤੇਹਰਾਨ/ਵਾਸ਼ਿੰਗਟਨ, 22 ਅਪ੍ਰੈਲ (ਚ.ਨ.ਸ.): ਅਮਰੀਕਾ ਤੇ ਈਰਾਨ ਦੇ ਵਿਚਕਾਰ ਵਧਦੇ ਤਣਾਅ ਦੇ ਦੌਰਾਨ, ਈਰਾਨ ਦੀ ਸ਼ਕਤੀਸ਼ਾਲੀ ਸੈਨਾ ਇਸਲਾਮਿਕ ਰੈਵੋਲਿਊਸ਼ਨਰੀ ਗਾਰਡ ਕੋਰਪਸ (ਆਈ.ਆਰ.ਜੀ.ਸੀ.) ਨੇ ਰਣਨੀਤਕ ਤੌਰ 'ਤੇ ਮਹੱਤਵਪੂਰਨ ਹੋਰਮੁਜ਼ 'ਚ ਦੋ ਜਹਾਜ਼ਾਂ ਨੂੰ ਜ਼ਬਤ ਕਰਨ ਦਾ ਵੱਡਾ ਦਾਅਵਾ ਕੀਤਾ ਹੈ। ਈਰਾਨ ਦੇ ਸਰਕਾਰੀ ਮੀਡੀਆ ਅਨੁਸਾਰ,ਜ਼ਬਤ ਕੀਤੇ ਗਏ ਜਹਾਜ਼ਾਂ ਦੇ ਨਾਮ ਐੱਮ.ਐੱਸ.ਸੀ.- ਫਰਾਂਸਿਸਕਾ ਤੇ ਈਪਾਮੀਨੋਂਡੇਸ ਹਨ। ਆਈ.ਆਰ.ਜੀ.ਸੀ. ਦਾ ਕਹਿਣਾ ਹੈ ਕਿ ਇਹ ਜਹਾਜ਼ ਵਾਰ-ਵਾਰ ਈਰਾਨੀ ਸਮੁੰਦਰੀ ਨਿਯਮਾਂ ਦੀ ਉਲੰਘਣਾ ਕਰ ਰਹੇ ਸਨ ਤੇ ਬਿਨਾਂ ਇਜਾਜ਼ਤ ਇਸ ਮਹੱਤਵਪੂਰਨ ਰਸਤੇ ਤੋਂ ਬਾਹਰ ਨਿਕਲਣ ਦੀ ਕੋਸ਼ਿਸ਼ ਕਰ ਰਹੇ ਸਨ। ਈਰਾਨ ਨੇ ਇਹ ਵੀ ਦੋਸ਼ ਲਾਇਆ ਹੈ ਕਿ ਇਨ੍ਹਾਂ ਜਹਾਜ਼ਾਂ ਨੇ ਆਪਣੇ ਨੇਵੀਗੇਸ਼ਨ (ਬਾਕੀ ਸਫਾ 2 'ਤੇ)

ਭਾਰਤ ਖ਼ਤਮ ਕਰਵਾਏਗਾ ਅਮਰੀਕਾ-ਈਰਾਨ ਜੰਗ: ਰਾਜਨਾਥ

ਬਰਲਿਨ, 22 ਅਪ੍ਰੈਲ (ਚ.ਨ.ਸ.):ਭਾਰਤ ਦੇ ਰੱਖਿਆ ਮੰਤਰੀ ਰਾਜਨਾਥ ਸਿੰਘ ਤਿੰਨ ਦਿਨਾਂ ਦੌਰੇ 'ਤੇ ਜਰਮਨੀ ਪਹੁੰਚੇ ਹੋਏ ਹਨ। ਇਸੇ ਦੌਰਾਨ ਬੁੱਧਵਾਰ ਨੂੰ ਜਰਮਨੀ ਦੀ ਰਾਜਧਾਨੀ ਬਰਲਿਨ ਵਿੱਚ ਭਾਰਤੀ ਭਾਈਚਾਰੇ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਨੇ ਪੱਛਮੀ ਏਸ਼ੀਆ ਵਿੱਚ ਚੱਲ ਰਹੇ ਤਣਾਅ 'ਤੇ ਭਾਰਤ ਦਾ ਰੁਖ਼ ਸਪੱਸ਼ਟ ਕੀਤਾ। ਉਨ੍ਹਾਂ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਭਾਰਤ ਵਿਸ਼ਵ ਪੱਧਰੀ ਜੰਗਾਂ, ਖਾਸ ਕਰਕੇ ਅਮਰੀਕਾ-ਈਰਾਨ ਸੰਕਟ ਨੂੰ ਸੁਲਝਾਉਣ ਵਿੱਚ ਵੱਡੀ ਭੂਮਿਕਾ ਨਿਭਾਅ ਸਕਦਾ ਹੈ। ਰਾਜਨਾਥ ਸਿੰਘ ਨੇ ਕਿਹਾ, 'ਭਾਰਤ ਨੇ ਕੋਸ਼ਿਸ਼ ਕੀਤੀ ਸੀ ਪਰ ਹਰ ਚੀਜ਼ ਦਾ ਇੱਕ ਸਮਾਂ ਹੁੰਦਾ ਹੈ। ਹੋ ਸਕਦਾ ਹੈ ਕਿ ਕੱਲ੍ਹ ਹੀ ਉਹ ਸਮਾਂ ਆ ਜਾਵੇ ਜਦੋਂ ਭਾਰਤ ਇਸ ਜੰਗ 'ਚ ਆਪਣੀ ਭੂਮਿਕਾ ਨਿਭਾਏ ਅਤੇ ਜੰਗ ਨੂੰ ਖ਼ਤਮ ਕਰਨ 'ਚ ਸਫ਼ਲਤਾ ਹਾਸਲ ਕਰੇ।' ਉਨ੍ਹਾਂ ਪ੍ਰਧਾਨ ਮੰਤਰੀ ਮੋਦੀ ਦੇ ਰੂਸ, ਯੂਕ੍ਰੇਨ ਅਤੇ ਅਮਰੀਕੀ ਨੇਤਾਵਾਂ ਨਾਲ ਨਿੱਜੀ ਸੰਪਰਕ ਦਾ ਹਵਾਲਾ ਦਿੰਦਿਆਂ ਕਿਹਾ ਕਿ ਭਾਰਤ ਸ਼ਾਂਤੀ ਲਈ ਵਚਨਬੱਧ ਹੈ। ਉਨ੍ਹਾਂ ਸਟ੍ਰੇਟ ਆਫ਼ ਹੋਰਮੁਜ਼ ਦੀ ਉਦਾਹਰਣ ਦਿੰਦਿਆਂ ਕਿਹਾ ਕਿ ਜਿੱਥੇ ਹੋਰ ਦੇਸ਼ਾਂ ਦੇ ਜਹਾਜ਼ਾਂ ਨੂੰ ਮੁਸ਼ਕਲਾਂ ਆ (ਬਾਕੀ ਸਫਾ 2 'ਤੇ)

ਬੇਅੰਤ ਸਿੰਘ ਕਤਲ ਕਾਂਡ

ਸੁਪਰੀਮ ਕੋਰਟ ਨੇ ਕੇਂਦਰ ਨੂੰ ਰਾਜੋਆਣਾ ਦੀ ਪਟੀਸ਼ਨ 'ਤੇ ਦੋ ਹਫ਼ਤਿਆਂ 'ਚ ਹਲਫ਼ਨਾਮਾ ਦਾਇਰ ਕਰਨ ਲਈ ਕਿਹਾ

ਚੜ੍ਹਦੀਕਲਾ ਬਿਊਰੋ
==========

ਨਵੀਂ ਦਿੱਲੀ, 22 ਅਪ੍ਰੈਲ :ਸੁਪਰੀਮ ਕੋਰਟ ਨੇ ਬੁੱਧਵਾਰ ਨੂੰ ਕੇਂਦਰ ਨੂੰ 1995 ਦੇ ਪੰਜਾਬ ਦੇ ਤਤਕਾਲੀ ਮੁੱਖ ਮੰਤਰੀ ਬੇਅੰਤ ਸਿੰਘ ਦੇ ਹੱਤਿਆ ਕਾਂਡ ਵਿੱਚ ਦੋਸ਼ੀ ਬਲਵੰਤ ਸਿੰਘ ਰਾਜੋਆਣਾ ਦੀ ਪਟੀਸ਼ਨ 'ਤੇ ਦੋ ਹਫ਼ਤਿਆਂ ਦੇ ਅੰਦਰ ਆਪਣਾ ਹਲਫ਼ਨਾਮਾ ਦਾਇਰ ਕਰਨ ਲਈ ਕਿਹਾ ਹੈ। ਰਾਜੋਆਣਾ ਨੇ ਆਪਣੀ ਰਹਿਮ ਦੀ ਅਪੀਲ 'ਤੇ ਫੈਸਲਾ ਲੈਣ ਵਿੱਚ ਹੋ ਰਹੀ ਦੇਰੀ ਕਾਰਨ ਆਪਣੀ ਮੌਤ ਦੀ ਸਜ਼ਾ ਨੂੰ ਉਮਰ ਕੈਦ ਵਿੱਚ ਬਦਲਣ ਦੀ ਮੰਗ ਕੀਤੀ ਹੈ। ਰਾਜੋਆਣਾ 29 ਸਾਲਾਂ ਤੋਂ ਵੱਧ ਸਮੇਂ ਤੋਂ ਜੇਲ੍ਹ ਵਿੱਚ ਬੰਦ ਹੈ, ਜਿਸ ਵਿੱਚੋਂ ਉਹ 15 ਸਾਲਾਂ ਤੋਂ ਵੱਧ ਸਮੇਂ ਤੋਂ ਫਾਂਸੀ ਦੀ ਸਜ਼ਾ ਦਾ ਸਾਹਮਣਾ ਕਰ ਰਿਹਾ ਹੈ। ਜਸਟਿਸ ਵਿਕਰਮ ਨਾਥ, ਸੰਦੀਪ ਮਹਿਤਾ ਅਤੇ ਵਿਜੇ ਬਿਸ਼ਨੋਈ ਦੇ ਬੈਂਚ

ਨੇ ਕੇਂਦਰ ਵੱਲੋਂ ਪੇਸ਼ ਹੋਏ ਵਕੀਲ ਨੂੰ ਪੁੱਛਿਆ,'ਤੁਸੀਂ ਹੁਣ ਤੱਕ ਆਪਣਾ ਜਵਾਬੀ ਹਲਫ਼ਨਾਮਾ ਦਾਇਰ ਕਿਉਂ ਨਹੀਂ ਕੀਤਾ? ' ਵਕੀਲ ਨੇ ਕਿਹਾ ਕਿ ਉਹ ਅਦਾਲਤ ਦੇ ਸਾਹਮਣੇ ਸੀਲਬੰਦ ਲਿਫ਼ਾਫ਼ੇ ਵਿੱਚ ਕੁਝ ਦਸਤਾਵੇਜ਼ ਰੱਖਣਾ ਚਾਹੁੰਦੇ ਹਨ। ਬੈਂਚ ਨੇ ਕਿਹਾ,'ਤੁਸੀਂ ਆਪਣਾ ਜਵਾਬੀ ਹਲਫ਼ਨਾਮਾ ਦਾਇਰ ਕਰੋ ਨਹੀਂ ਤਾਂ ਉਸ ਦੇ (ਰਾਜੋਆਣਾ ਦੇ) ਦੋਸ਼ਾਂ ਦਾ ਕੋਈ ਖੰਡਨ ਨਹੀਂ ਹੋਵੇਗਾ,' ਅਦਾਲਤ ਨੇ ਅੱਗੇ ਕਿਹਾ,'ਤੁਸੀਂ ਜੋ ਵੀ ਕਹਿਣਾ ਚਾਹੁੰਦੇ ਹੋ, ਹਲਫ਼ਨਾਮੇ ਵਿੱਚ ਰੱਖੋ।' ਰਾਜੋਆਣਾ ਵੱਲੋਂ ਪੇਸ਼ ਹੋਏ ਸੀਨੀਅਰ ਵਕੀਲ ਮੁਕੁਲ ਰੋਹਤਗੀ ਨੇ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਮਾਰਚ, 2012 ਵਿੱਚ ਪਟੀਸ਼ਨਰ ਦੀ ਤਰਫੋਂ ਦਾਇਰ ਕੀਤੀ ਗਈ ਰਹਿਮ ਦੀ ਅਪੀਲ ਅਜੇ ਵੀ ਲਟਕ ਰਹੀ ਹੈ। ਉਨ੍ਹਾਂ ਕਿਹਾ ਕਿ ਸੁਪਰੀਮ ਕੋਰਟ ਨੇ 2023 ਵਿੱਚ ਕਿਹਾ ਸੀ ਕਿ ਅਧਿਕਾਰੀਆਂ ਨੂੰ ਰਹਿਮ ਦੀ ਅਪੀਲ 'ਤੇ ਫੈਸਲਾ ਲੈਣਾ ਚਾਹੀਦਾ ਹੈ।

ਰੋਹਤਗੀ ਨੇ ਸੁਪਰੀਮ ਕੋਰਟ ਦੇ ਪਿਛਲੇ ਸਾਲ 24 ਸਤੰਬਰ ਦੇ ਹੁਕਮ ਦਾ ਹਵਾਲਾ ਦਿੱਤਾ ਜਿਸ ਵਿੱਚ ਕਿਹਾ ਗਿਆ ਸੀ ਕਿ ਜਵਾਬਦੇਹ ਧਿਰਾਂ ਵੱਲੋਂ ਮਾਮਲੇ ਵਿੱਚ ਮੁਲਤਵੀ ਕਰਨ ਦੀ ਕਿਸੇ ਵੀ ਹੋਰ ਬੇਨਤੀ ਨੂੰ ਸਵੀਕਾਰ ਨਹੀਂ ਕੀਤਾ ਜਾਵੇਗਾ। ਬੈਂਚ ਨੇ ਕੇਂਦਰ ਦੇ ਵਕੀਲ ਨੂੰ ਹਲਫ਼ਨਾਮਾ ਦਾਇਰ ਕਰਨ ਲਈ ਦੋ ਹਫ਼ਤਿਆਂ ਦਾ ਸਮਾਂ ਦਿੱਤਾ ਅਤੇ ਸਪੱਸ਼ਟ ਕੀਤਾ ਕਿ ਹੋਰ ਸਮਾਂ ਨਹੀਂ ਦਿੱਤਾ ਜਾਵੇਗਾ। ਸੁਪਰੀਮ ਕੋਰਟ ਨੇ ਇਸ ਤੋਂ ਪਹਿਲਾਂ ਕੇਂਦਰ ਨੂੰ (ਬਾਕੀ ਸਫਾ 2 'ਤੇ)

ਪੰਜਾਬ ਵਿੱਚ ਭਲਕੇ ਹੋਵੇਗਾ 'ਬਲੈਕਆਊਟ'

ਚੰਡੀਗੜ੍ਹ, 22 ਅਪ੍ਰੈਲ (ਚ.ਨ.ਸ.): ਸੂਬੇ ਵਿੱਚ ਸਿਵਲ ਡਿਫੈਂਸ ਸਬੰਧੀ ਤਿਆਰੀ ਦੀ ਅਜ਼ਮਾਇਸ਼ ਕਰਨ ਦੇ ਉਦੇਸ਼ ਨਾਲ ਪੰਜਾਬ ਵਿੱਚ 24 ਅਪ੍ਰੈਲ, 2026 ਨੂੰ ਸ਼ਾਮ 8 ਵਜੇ ਸਿਵਲ ਡਿਫੈਂਸ ਏਅਰ ਰੇਡ/ ਬਲੈਕਆਊਟ ਮੌਕ ਐਕਸਰਸਾਈਜ਼ ਕਰਵਾਈ ਜਾਵੇਗੀ। ਇਹ ਐਕਸਰਸਾਈਜ਼ , ਭਾਰਤ ਸਰਕਾਰ ਦੇ ਗ੍ਰਹਿ ਮੰਤਰਾਲੇ ਦੇ ਨਿਰਦੇਸ਼ਾਂ ਅਨੁਸਾਰ ਸੂਬੇ ਦੇ ਸਾਰੇ ਜ਼ਿਲ੍ਹਿਆਂ ਵਿੱਚ ਕਰਵਾਈ ਜਾ ਰਹੀ ਹੈ। ਇਹ ਮੌਕ ਐਕਸਰਸਾਈਜ਼ ਇੱਕ ਏਅਰ ਰੇਡ ਚੇਤਾਵਨੀ ਸਿਗਨਲ ਨਾਲ ਸ਼ੁਰੂ ਹੋਵੇਗੀ, ਜਿਸ ਦੌਰਾਨ ਦੋ ਮਿੰਟ ਦੀ ਮਿਆਦ ਲਈ ਹਾਈ-ਲੋਅ ਪਿੱਚ ਸਾਇਰਨ ਵਜਾਏ ਜਾਣਗੇ। ਇਸ ਅਭਿਆਸ ਦੌਰਾਨ ਸਬੰਧਤ ਡਿਪਟੀ ਕਮਿਸ਼ਨਰ-ਕਮ-ਕੰਟਰੋਲਰ, ਸਿਵਲ ਡਿਫੈਂਸ ਵੱਲੋਂ ਪਛਾਣੇ ਗਏ ਖਾਸ ਖੇਤਰਾਂ ਵਿੱਚ ਇੱਕ ਸਿਮੂਲੇਟਿਡ ਬਲੈਕਆਊਟ ਲਾਗੂ ਕੀਤਾ ਜਾਵੇਗਾ। ਇਹਨਾਂ ਪਛਾਣੇ ਗਏ ਖੇਤਰਾਂ ਵਿੱਚ ਆਮ (ਬਾਕੀ ਸਫਾ 2 'ਤੇ)

ਮਾਨ ਸਰਕਾਰ ਵੱਲੋਂ ਗੜ੍ਹੇਮਾਰੀ ਨਾਲ ਨੁਕਸਾਨੀਆਂ ਫ਼ਸਲਾਂ ਲਈ 123.28 ਕਰੋੜ ਦੀ ਰਾਹਤ ਰਾਸ਼ੀ ਜਾਰੀ

ਚੜ੍ਹਦੀਕਲਾ ਬਿਊਰੋ
==========

ਚੰਡੀਗੜ੍ਹ, 22 ਅਪ੍ਰੈਲ :ਪੰਜਾਬ ਦੇ ਮਾਲ, ਮੁੜ ਵਸੇਬਾ ਅਤੇ ਆਫ਼ਤ ਪ੍ਰਬੰਧਨ ਮੰਤਰੀ ਸ. ਹਰਦੀਪ ਸਿੰਘ ਮੁੰਡੀਆਂ ਨੇ ਅੱਜ ਦੱਸਿਆ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਪਿਛਲੇ ਦਿਨੀਂ ਸੂਬੇ ਵਿੱਚ ਹੋਈ ਗੜ੍ਹੇਮਾਰੀ ਕਾਰਨ ਨੁਕਸਾਨੀਆਂ ਫ਼ਸਲਾਂ ਦੇ ਮੁਆਵਜ਼ੇ ਤਹਿਤ ਕਿਸਾਨਾਂ ਲਈ 123.28 ਕਰੋੜ ਰੁਪਏ ਤੋਂ ਵੱਧ ਦਾ ਰਾਹਤ ਪੈਕੇਜ ਮਨਜ਼ੂਰ ਕੀਤਾ ਗਿਆ ਹੈ।

ਪੰਜਾਬ ਸਰਕਾਰ ਨੇ ਪ੍ਰਭਾਵਿਤ ਕਿਸਾਨਾਂ ਲਈ ਫ਼ੌਰੀ ਰਾਹਤ ਯਕੀਨੀ ਬਣਾਈ: ਮੁੰਡੀਆਂ

ਉਨ੍ਹਾਂ ਦੱਸਿਆ ਕਿ ਸੂਬਾ ਸਰਕਾਰ ਨੇ ਵੱਖ-ਵੱਖ ਜ਼ਿਲ੍ਹਾ ਪ੍ਰਸ਼ਾਸਨਾਂ ਵੱਲੋਂ ਗਿਰਦਾਵਰੀ ਦਾ ਕੰਮ ਮੁਕੰਮਲ ਹੋਣ ਤੋਂ ਬਾਅਦ ਤੁਰੰਤ ਕਾਰਵਾਈ ਵਿੱਢੀ ਤਾਂ ਜੋ ਪ੍ਰਭਾਵਿਤ ਕਾਸ਼ਤਕਾਰਾਂ ਨੂੰ ਸਮੇਂ ਸਿਰ ਮੁਆਵਜ਼ਾ ਮਿਲ ਸਕੇ ਅਤੇ ਵਾਢੀ ਦੇ ਸੀਜ਼ਨ ਦੌਰਾਨ ਹੋਏ ਅਣਕਿਆਸੇ ਨੁਕਸਾਨ ਤੋਂ ਉਭਰਿਆ ਜਾ ਸਕੇ।

ਮਾਲ ਮੰਤਰੀ ਨੇ ਦੱਸਿਆ ਕਿ ਸੱਤ ਜ਼ਿਲ੍ਹਿਆਂ ਦੇ 111 ਪਿੰਡਾਂ ਵਿੱਚ 92695 ਏਕੜ ਰਕਬੇ 'ਚ ਹੋਏ ਫ਼ਸਲੀ ਨੁਕਸਾਨ ਲਈ 123,28,05,938 ਰੁਪਏ ਦੇ ਕੁੱਲ ਰਾਹਤ ਪੈਕੇਜ ਨੂੰ ਮਨਜ਼ੂਰੀ ਦਿੱਤੀ ਗਈ ਹੈ। ਉਨ੍ਹਾਂ ਦੱਸਿਆ ਕਿ ਨੁਕਸਾਨ ਕੁੱਲ ਖੇਤਰ ਵਿੱਚ 26 ਤੋਂ 32 ਫ਼ੀਸਦੀ ਨੁਕਸਾਨ ਵਾਲਾ 992 ਏਕੜ ਰਕਬਾ, 33 ਤੋਂ 75 ਫ਼ੀਸਦੀ ਨੁਕਸਾਨਿਆ ਗਿਆ 61115 ਏਕੜ ਰਕਬਾ ਅਤੇ 76 ਤੋਂ 100 ਫ਼ੀਸਦੀ ਖ਼ਰਾਬੇ ਵਾਲਾ 30588 ਏਕੜ ਰਕਬਾ ਸ਼ਾਮਲ ਹੈ। ਉਨ੍ਹਾਂ ਅੱਗੇ ਕਿਹਾ, "ਸਾਡੀ ਸਰਕਾਰ ਇਸ (ਬਾਕੀ ਸਫਾ 2 'ਤੇ)

ਫ਼ਸਲੀ ਵਿਭਿੰਨਤਾ ਨੂੰ ਹੁਲਾਰਾ ਦੇਣ ਲਈ ਪੰਜਾਬ ਵਿੱਚ ਬਣੇਗਾ ਬਾਸਮਤੀ ਦਾ 'ਸੈਂਟਰ ਆਫ਼ ਐਕਸੀਲੈਂਸ': ਮਾਨ

ਅੰਮ੍ਰਿਤਪਾਲ ਸਿੰਘ
==========

ਚੰਡੀਗੜ੍ਹ, 22 ਅਪ੍ਰੈਲ :ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਸੁਹਿਰਦ ਯਤਨਾਂ ਸਦਕਾ ਸੂਬੇ ਵਿੱਚ ਬਾਸਮਤੀ ਲਈ ਆਹਲਾ ਦਰਜੇ ਦਾ ਕੇਂਦਰ (ਸੈਂਟਰ ਆਫ਼ ਐਕਸੀਲੈਂਸ) ਬਣੇਗਾ ਜਿਸ ਨਾਲ ਸੂਬੇ ਵਿੱਚ ਫਸਲੀ ਵੰਨ-ਸੁਵੰਨਤਾ ਨੂੰ ਹੁਲਾਰਾ ਮਿਲੇਗਾ ਅਤੇ ਕਿਸਾਨਾਂ ਦੇ ਭਵਿੱਖ ਨੂੰ ਸੰਵਾਰਨ ਵਿੱਚ ਸਹਾਈ ਹੋਵੇਗਾ।

ਨੀਦਰਲੈਂਡ ਦੇ ਦੌਰੇ ਦੌਰਾਨ ਮੁੱਖ ਮੰਤਰੀ ਨੇ ਸੂਬੇ ਦੇ ਕਿਸਾਨਾਂ ਨੂੰ ਲਾਭ ਪਹੁੰਚਾਉਣ ਲਈ ਖੇਤੀਬਾੜੀ ਤੇ ਉਦਯੋਗ ਵਿੱਚ ਸਭ ਤੋਂ ਵਧੀਆ ਅਭਿਆਸਾਂ ਦੀ ਪੜਚੋਲ ਕੀਤੀ, ਜਿਨ੍ਹਾਂ ਨੇ ਦੇਸ਼ ਨੂੰ ਅਨਾਜ ਉਤਪਾਦਨ ਵਿੱਚ ਆਤਮਨਿਰਭਰ ਬਣਾਉਣ ਵਿੱਚ ਮੁੱਖ ਭੂਮਿਕਾ ਨਿਭਾਈ । ਉਨ੍ਹਾਂ ਕਿਹਾ ਕਿ ਦੇਸ਼ ਦੀ ਭਲਾਈ ਲਈ ਸੂਬੇ ਦੇ ਕਿਸਾਨਾਂ ਨੇ ਉਪਜਾਊ ਜ਼ਮੀਨ ਅਤੇ ਪਾਣੀ ਦੇ ਰੂਪ ਵਿੱਚ ਬੇਸ਼ਕੀਮਤੀ ਕੁਦਰਤੀ ਸਰੋਤਾਂ

ਦੀ ਬਹੁਤ ਜ਼ਿਆਦਾ ਵਰਤੋਂ ਕੀਤੀ ਹੈ, ਜਿਸ ਕਾਰਨ ਕਿਸਾਨਾਂ ਨੂੰ ਕਣਕ-ਝੋਨੇ ਦੇ ਚੱਕਰ ਵਿੱਚੋਂ ਬਾਹਰ ਕੱਢਣਾ ਸਮੇਂ ਦੀ ਲੋੜ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸ ਉਦੇਸ਼ ਲਈ ਸੂਬੇ ਵਿੱਚ ਫਸਲੀ ਵਿਭਿੰਨਤਾ ਨੂੰ ਵੱਡਾ ਹੁਲਾਰਾ ਦੇਣ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਇਸ ਨੇਕ ਕਾਰਜ ਵਿੱਚ ਨੀਦਰਲੈਂਡ, ਪੰਜਾਬ ਦੀ ਬਹੁਤ ਮਦਦ ਕਰ ਸਕਦਾ ਹੈ। ਮੁੱਖ ਮੰਤਰੀ ਨੇ ਰੋਟਰਡੈਮ ਵਿੱਚ ਐਲਟੀ ਫੂਡਜ਼ ਦੀ ਸਹੂਲਤ ਦਾ ਦੌਰਾ ਕੀਤਾ ਜਿੱਥੇ ਕੰਪਨੀ ਨੇ 80 ਤੋਂ ਵੱਧ ਦੇਸ਼ਾਂ ਵਿੱਚ ਆਪਣੀ ਮੌਜੂਦਗੀ ਅਤੇ ਇੱਕ ਲੱਖ ਤੋਂ (ਬਾਕੀ ਸਫਾ 2 'ਤੇ)

ਚੋਣ ਕਮਿਸ਼ਨ ਵੱਲੋਂ ਮਲਿਕਾਰਜੁਨ ਖੜਗੇ ਨੂੰ 24 ਘੰਟੇ ਦਾ ਅਲਟੀਮੇਟਮ

ਪ੍ਰਧਾਨ ਮੰਤਰੀ ਲਈ ਵਰਤੇ ਗਏ 'ਟੈਰੋਰਿਸਟ' ਸ਼ਬਦ ਸਬੰਧੀ ਜਵਾਬ ਮੰਗਿਆ

ਚੜ੍ਹਦੀਕਲਾ ਬਿਊਰੋ
==========

ਨਵੀਂ ਦਿੱਲੀ, 22 ਅਪ੍ਰੈਲ :ਭਾਰਤੀ ਚੋਣ ਕਮਿਸ

ਸਾਬਕਾ ਫ਼ੌਜ ਮੁਖੀ ਨਰਵਣੇ ਨੇ ਫ਼ੌਜੀ ਕਿੱਸਿਆਂ 'ਤੇ ਲਿਖੀ ਨਵੀਂ ਕਿਤਾਬ; ਸ਼ਸ਼ੀ ਥਰੂਰ ਤੋਂ ਲਈ ਪ੍ਰੇਰਨਾ

ਨਵੀਂ ਦਿੱਲੀ, 22 ਅਪ੍ਰੈਲ (ਚ.ਨ.ਸ.) : ਭਾਰਤ ਦੇ ਸਾਬਕਾ ਫੌਜ ਮੁਖੀ ਜਨਰਲ ਮਨੋਜ ਮੁਕੁੰਦ ਨਰਵਣੇ ਹੁਣ ਇੱਕ ਲੇਖਕ ਵਜੋਂ ਫੌਜ ਦੇ ਅਣਸੁਣੇ ਅਤੇ ਦਿਲਚਸਪ ਕਿੱਸਿਆਂ ਨੂੰ ਦੁਨੀਆ ਸਾਹਮਣੇ ਲੈ ਕੇ ਆਏ ਹਨ। ਉਨ੍ਹਾਂ ਦੀ ਨਵੀਂ ਕਿਤਾਬ 'The Curious and the Classified: Unearthing Military Myths and Mysteries' (ਦਿ ਕਿਊਰੀਅਸ ਐਂਡ ਦਿ ਕਲਾਸੀਫਾਈਡ) ਰਿਲੀਜ਼ ਹੋਈ ਹੈ, ਜਿਸ ਵਿੱਚ ਭਾਰਤੀ ਫੌਜ, ਜਲ ਸੈਨਾ ਅਤੇ ਹਵਾਈ ਫੌਜ ਨਾਲ ਜੁੜੇ ਅਜੀਬੋ-ਗਰੀਬ ਅਤੇ ਮਨੋਰੰਜਕ ਤੱਥਾਂ ਦਾ ਜ਼ਿਕਰ ਕੀਤਾ ਗਿਆ ਹੈ।

ਜਨਰਲ ਨਰਵਣੇ ਅਨੁਸਾਰ, ਇਸ ਕਿਤਾਬ ਨੂੰ ਲਿਖਣ ਦਾ ਖਿਆਲ ਉਨ੍ਹਾਂ ਨੂੰ ਦੋ ਸਾਲ ਪਹਿਲਾਂ ਆਪਣੇ ਇੱਕ ਦੋਸਤ ਦੇ ਘਰ ਸ਼ਸ਼ੀ ਥਰੂਰ ਦੀ ਕਿਤਾਬ 'ਏ ਵੰਡਰਲੈਂਡ ਆਫ਼ ਵਰਡਜ਼' ਦੇਖ ਕੇ ਆਇਆ ਸੀ। ਉਨ੍ਹਾਂ ਸੋਚਿਆ ਕਿ ਜੇਕਰ ਅੰਗਰੇਜ਼ੀ ਭਾਸ਼ਾ ਦੀਆਂ ਬਾਰੀਕੀਆਂ 'ਤੇ ਇੰਨੀ ਦਿਲਚਸਪ ਕਿਤਾਬ ਲਿਖੀ ਜਾ ਸਕਦੀ ਹੈ, ਤਾਂ ਭਾਰਤੀ ਫੌਜ ਦੇ ਰੰਗਾਂ ਅਤੇ ਪਰੰਪਰਾਵਾਂ ਬਾਰੇ ਅਜਿਹੀ ਕੋਸ਼ਿਸ਼ ਕਿਉਂ ਨਹੀਂ ਹੋ ਸਕਦੀ। ਉਨ੍ਹਾਂ ਨੇ ਸਾਲ 2025 ਦੇ ਅੱਧ ਵਿੱਚ ਇਸ 'ਤੇ ਗੰਭੀਰਤਾ ਨਾਲ ਕੰਮ ਸ਼ੁਰੂ ਕੀਤਾ ਸੀ।

'ਬਦਲੂਰਾਮ ਕਾ ਬਦਨ' ਦਾ ਇਤਿਹਾਸ

ਰੂਪਾ ਪਬਲੀਕੇਸ਼ਨ ਵੱਲੋਂ ਛਾਪੀ ਗਈ ਇਸ ਕਿਤਾਬ ਵਿੱਚ ਅਸਾਮ ਰੈਜੀਮੈਂਟ ਦੇ ਮਸ਼ਹੂਰ ਗੀਤ 'ਬਦਲੂਰਾਮ ਕਾ ਬਦਨ' ਦੇ ਪਿਛੋਕੜ ਬਾਰੇ ਦੱਸਿਆ ਗਿਆ ਹੈ। ਰਾਈਫਲਮੈਨ ਬਦਲੂਰਾਮ 1944 ਵਿੱਚ ਕੋਹਿਮਾ ਦੀ ਜੰਗ ਵਿੱਚ ਸ਼ਹੀਦ ਹੋ ਗਏ ਸਨ, ਪਰ ਉਨ੍ਹਾਂ ਦੇ ਨਾਮ ਦਾ ਰਾਸ਼ਨ ਜਾਰੀ ਹੁੰਦਾ ਰਿਹਾ। ਜਦੋਂ ਜਪਾਨੀ ਫੌਜ ਨੇ ਘੇਰਾਬੰਦੀ ਕੀਤੀ ਅਤੇ ਸਪਲਾਈ ਲਾਈਨਾਂ ਕੱਟੀਆਂ ਗਈਆਂ, ਤਾਂ ਬਦਲੂਰਾਮ ਦੇ ਨਾਮ 'ਤੇ ਜਮ੍ਹਾਂ ਹੋਏ ਵਾਧੂ ਰਾਸ਼ਨ ਨੇ ਕਈ ਫੌਜੀਆਂ ਦੀ ਜਾਨ ਬਚਾਈ। ਇਸੇ ਘਟਨਾ ਤੋਂ ਪ੍ਰੇਰਿਤ ਹੋ ਕੇ 1946 ਵਿੱਚ ਇਹ ਮਾਰਚਿੰਗ ਗੀਤ ਬਣਾਇਆ ਗਿਆ ਸੀ।ਜਨਰਲ ਨਰਵਣੇ ਨੇ ਕਿਤਾਬ ਵਿੱਚ ਹੋਰ ਵੀ ਕਈ ਦਿਲਚਸਪ ਜਾਣਕਾਰੀਆਂ ਦਿੱਤੀਆਂ ਹਨ, ਜਿਵੇਂ ਕਿ:

ਮਸ਼ਹੂਰ ਨਾਅਰਾ 'ਚੱਕ ਦੇ ਫੱਟੇ' ਅਸਲ ਵਿੱਚ 17ਵੀਂ-18ਵੀਂ ਸਦੀ ਦੀ ਸਿੱਖ ਫੌਜ ਨਾਲ ਸਬੰਧਤ ਹੈ।

ਸਿੱਕਮ ਦੇ ਸਰਹੱਦੀ ਰਾਖੇ ਬਾਬਾ ਹਰਭਜਨ ਸਿੰਘ ਦੀ ਅਮਰ ਆਤਮਾ ਦੀ ਕਹਾਣੀ।

ਆਈ.ਐਨ.ਐਸ. ਖੁਕਰੀ) ਦੀ ਕਿਸਮਤ ਅਤੇ ਫੌਜੀ ਖੱਚਰ 'ਪੇਡੋਂਗੀ' ਦੀ ਬਹਾਦਰੀ।

ਸਾਬਕਾ ਫੌਜ ਮੁਖੀ ਨੇ ਸਪੱਸ਼ਟ ਕੀਤਾ ਕਿ ਇਹ ਕੋਈ ਗੰਭੀਰ ਅਕਾਦਮਿਕ ਕਿਤਾਬ ਜਾਂ ਪ੍ਰੀਖਿਆਵਾਂ ਦੀ ਗਾਈਡ ਨਹੀਂ ਹੈ, ਸਗੋਂ ਇਸ ਦਾ ਮਕਸਦ ਆਮ ਨਾਗਰਿਕਾਂ ਅਤੇ ਫੌਜ ਵਿਚਾਲੇ ਦੂਰੀ ਨੂੰ ਘਟਾਉਣਾ ਹੈ। ਜ਼ਿਕਰਯੋਗ ਹੈ ਕਿ ਜਨਰਲ ਨਰਵਣੇ ਦੀ ਸਵੈ-ਜੀਵਨੀ 'ਫੋਰ ਸਟਾਰਜ਼ ਆਫ਼ ਡੈਸਟਿਨੀ') ਵੀ ਚਰਚਾ ਵਿੱਚ ਰਹੀ ਹੈ, ਜਿਸ ਦਾ ਪ੍ਰਕਾਸ਼ਨ ਫਿਲਹਾਲ ਰੁਕਿਆ ਹੋਇਆ ਹੈ। ਉਨ੍ਹਾਂ ਉਮੀਦ ਜਤਾਈ ਕਿ ਇਹ ਨਵੀਂ ਕਿਤਾਬ ਪਾਠਕਾਂ ਨੂੰ ਫੌਜੀ ਜੀਵਨ ਦੇ ਅਣਦੇਖੇ ਪਹਿਲੂਆਂ ਨਾਲ ਜੋੜੇਗੀ।

ਪਹਿਲਗਾਮ ਹਮਲੇ ਦੀ ਬਰਸੀ ਮੌਕੇ ਰਾਸ਼ਟਰਪਤੀ ਮੁਰਮੂ ਨੇ ਪੀੜਤਾਂ ਨੂੰ ਦਿੱਤੀ ਸ਼ਰਧਾਂਜਲੀ

ਨਵੀਂ ਦਿੱਲੀ, 22 ਅਪ੍ਰੈਲ (ਚ.ਨ.ਸ.) : ਰਾਸ਼ਟਰਪਤੀ ਦ੍ਰੌਪਦੀ ਮੁਰਮੂ ਨੇ ਬੁੱਧਵਾਰ ਨੂੰ ਪਹਿਲਗਾਮ ਅੱਤਵਾਦੀ ਹਮਲੇ ਦੇ ਪੀੜਤਾਂ ਨੂੰ ਸ਼ਰਧਾਂਜਲੀ ਭੇਂਟ ਕਰਦਿਆਂ ਕਿਹਾ ਕਿ ਭਾਰਤ ਅੱਤਵਾਦ ਦੇ ਹਰ ਰੂਪ ਨੂੰ ਹਰਾਉਣ ਲਈ ਪੂਰੀ ਤਰ੍ਹਾਂ ਦ੍ਰਿੜ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਅਜਿਹੀਆਂ ਕਾਇਰਾਨਾ ਹਰਕਤਾਂ ਸ਼ਾਂਤੀ ਅਤੇ ਏਕਤਾ ਪ੍ਰਤੀ ਦੇਸ਼ ਦੀ ਵਚਨਬੱਧਤਾ ਨੂੰ ਹਿਲਾ ਨਹੀਂ ਸਕਦੀਆਂ।

ਆਪਣੇ ਸੋਸ਼ਲ ਮੀਡੀਆ ਅਕਾਊਂਟ 'ਤੇ ਪੋਸਟ ਸਾਂਝੀ ਕਰਦਿਆਂ ਰਾਸ਼ਟਰਪਤੀ ਨੇ ਲਿਖਿਆ, 'ਮੈਂ ਪਹਿਲਗਾਮ 'ਚ ਹੋਏ ਅੱਤਵਾਦੀ ਹਮਲੇ ਦੇ ਪੀੜਤਾਂ ਨੂੰ ਸ਼ਰਧਾਂਜਲੀ ਦਿੰਦੀ ਹਾਂ। ਇਸ ਭਿਆਨਕ ਹਾਦਸੇ 'ਚ ਜਾਨਾਂ ਗੁਆਉਣ ਵਾਲੇ ਮਾਸੂਮਾਂ ਦੀਆਂ ਯਾਦਾਂ ਸਾਡੇ ਦਿਲਾਂ 'ਚ ਛਪ ਗਈਆਂ ਹਨ। ਪੀੜਤ ਪਰਿਵਾਰਾਂ ਨਾਲ ਹਮਦਰਦੀ ਜਤਾਉਂਦੀ ਹਾਂ।"

ਉਨ੍ਹਾਂ ਅੱਗੇ ਲਿਖਿਆ, "ਪੂਰਾ ਦੇਸ਼ ਇਸ ਹਮਲੇ ਦੇ ਪੀੜਤਾਂ ਨਾਲ ਖੜ੍ਹਾ ਹੈ। ਅਜਿਹੇ ਹਮਲੇ ਸਾਡੀ ਏਕਤਾ ਤੇ ਸ਼ਾਂਤੀ ਦੀ ਵਚਨਬੱਧਤਾ ਨੂੰ ਹਿਲਾ ਨਹੀਂ ਸਕਦੇ। ਅਸੀਂ ਹਰ ਤਰ੍ਹਾਂ ਦੇ ਅੱਤਵਾਦ ਨੂੰ ਹਰਾਉਣ ਦੇ ਆਪਣੇ ਇਰਾਦੇ 'ਤੇ ਕਾਇਮ ਰਹਾਂਗੇ।"

ਜ਼ਿਕਰਯੋਗ ਹੈ ਕਿ ਅੱਜ ਤੋਂ ਪੂਰਾ ਇਕ ਸਾਲ ਪਹਿਲਾਂ 22 ਅਪ੍ਰੈਲ 2025 ਨੂੰ ਪਾਕਿਸਤਾਨ ਸਮਰਥਿਤ ਅੱਤਵਾਦੀ ਸੰਗਠਨ ਲਸ਼ਕਰ-ਏ-ਤਾਇਬਾ ਦੇ ਤਿੰਨ ਅੱਤਵਾਦੀਆਂ ਨੇ ਜੰਮੂ-ਕਸ਼ਮੀਰ ਦੇ ਪਹਿਲਗਾਮ 'ਚ 25 ਸੈਲਾਨੀਆਂ ਅਤੇ ਇੱਕ ਸਥਾਨਕ ਘੋੜੇ ਵਾਲੇ ਦਾ ਬੇਰਹਿਮੀ ਨਾਲ ਕਤਲ ਕਰ ਦਿੱਤਾ ਸੀ। ਇਸ ਹਮਲੇ 'ਚ ਸ਼ਾਮਲ ਤਿੰਨੋਂ ਅੱਤਵਾਦੀਆਂ ਨੂੰ ਪਿਛਲੇ ਸਾਲ 28 ਜੁਲਾਈ ਨੂੰ ਸ਼੍ਰੀਨਗਰ ਦੇ ਬਾਹਰਵਾਰ 'ਆਪ੍ਰੇਸ਼ਨ ਮਹਾਦੇਵ' ਦੌਰਾਨ ਫੌਜ ਨੇ ਮਾਰ ਮੁਕਾਇਆ ਸੀ।ਇਸ ਹਮਲੇ ਦਾ ਬਦਲਾ ਲੈਣ ਲਈ ਭਾਰਤੀ ਫੌਜ ਨੇ 7 ਮਈ, 2025 ਨੂੰ ਪਾਕਿਸਤਾਨ ਅਤੇ ਪਾਕਿਸਤਾਨ ਦੇ ਕਬਜ਼ੇ ਵਾਲੇ ਕਸ਼ਮੀਰ (PoK) ਵਿੱਚ ਅੱਤਵਾਦੀ ਟਿਕਾਣਿਆਂ 'ਤੇ 'ਆਪ੍ਰੇਸ਼ਨ ਸਿੰਦੂਰ' ਤਹਿਤ ਸਰਜੀਕਲ ਸਟ੍ਰਾਈਕ ਕੀਤੀ ਸੀ। ਇਸ ਕਾਰਵਾਈ ਵਿੱਚ ਲਸ਼ਕਰ ਅਤੇ ਜੈਸ਼-ਏ-ਮੁਹੰਮਦ ਦੇ ਮੁੱਖ ਦਫ਼ਤਰਾਂ ਅਤੇ ਸਿਖਲਾਈ ਕੇਂਦਰਾਂ ਸਮੇਤ 9 ਟਿਕਾਣਿਆਂ ਨੂੰ ਨਿਸ਼ਾਨਾ ਬਣਾਇਆ ਗਿਆ ਸੀ।

ਬੰਬੇ ਹਾਈ ਕੋਰਟ ਵੱਲੋਂ ਮਾਲੇਗਾਓਂ ਧਮਾਕਾ ਮਾਮਲੇ 'ਚ 4 ਮੁਲਜ਼ਮ ਬਰੀ; ਦੋਸ਼ ਵੀ ਕੀਤੇ ਰੱਦ

ਮੁੰਬਈ, 22 ਅਪ੍ਰੈਲ (ਚ.ਨ.ਸ.) : : ਬੰਬੇ ਹਾਈ ਕੋਰਟ ਨੇ ਬੁੱਧਵਾਰ ਨੂੰ 2006 ਦੇ ਮਾਲੇਗਾਓਂ ਧਮਾਕਾ ਮਾਮਲੇ ਵਿੱਚ ਚਾਰ ਮੁਲਜ਼ਮਾਂ ਨੂੰ ਬਰੀ ਕਰ ਦਿੱਤਾ ਹੈ ਅਤੇ ਇੱਕ ਵਿਸ਼ੇਸ਼ ਅਦਾਲਤ ਵੱਲੋਂ ਉਨ੍ਹਾਂ ਵਿਰੁੱਧ ਤੈਅ ਕੀਤੇ ਗਏ ਦੋਸ਼ਾਂ ਦੇ ਹੁਕਮ ਨੂੰ ਰੱਦ ਕਰ ਦਿੱਤਾ ਹੈ।

ਚੀਫ਼ ਜਸਟਿਸ ਸ਼੍ਰੀ ਚੰਦਰਸ਼ੇਖਰ ਅਤੇ ਜਸਟਿਸ ਸ਼ਿਆਮ ਚਾਂਡਕ ਦੀ ਬੈਂਚ ਨੇ ਚਾਰ ਮੁਲਜ਼ਮਾਂ ਰਾਜੇਂਦਰ ਚੌਧਰੀ, ਧਾਨ ਸਿੰਘ, ਮਨੋਹਰ ਰਾਮ ਸਿੰਘ ਨਰਵਾਰੀਆ ਅਤੇ ਲੋਕੇਸ਼ ਸ਼ਰਮਾ ਵੱਲੋਂ ਵਿਸ਼ੇਸ਼ ਅਦਾਲਤ ਦੇ ਹੁਕਮਾਂ ਵਿਰੁੱਧ ਦਾਖਲ ਕੀਤੀਆਂ ਅਪੀਲਾਂ ਨੂੰ ਪਰਵਾਨ ਕੀਤਾ ਸੀ।

ਇਨ੍ਹਾਂ ਚਾਰਾਂ 'ਤੇ ਕਤਲ, ਅਪਰਾਧਿਕ ਸਾਜ਼ਿਸ਼ ਰਚਣ ਦੀਆਂ ਆਈ ਪੀ ਸੀ ਦੀਆਂ ਵੱਖ-ਵੱਖ ਧਾਰਾਵਾਂ ਅਤੇ ਸਖ਼ਤ ਗੈਰ-ਕਾਨੂੰਨੀ ਗਤੀਵਿਧੀਆਂ ਰੋਕੂ ਐਕਟ (ਯੂ.ਏ.ਪੀ.ਏ.) ਦੇ ਤਹਿਤ ਮਾਮਲਾ ਦਰਜ ਕੀਤਾ ਗਿਆ ਸੀ।

8 ਸਤੰਬਰ, 2006 ਨੂੰ ਨਾਸਿਕ ਜ਼ਿਲ੍ਹੇ ਦੇ ਮਾਲੇਗਾਓਂ ਕਸਬੇ ਵਿੱਚ ਚਾਰ ਬੰਬ ਧਮਾਕੇ ਹੋਏ ਸਨ। ਇਨ੍ਹਾਂ ਵਿੱਚੋਂ ਤਿੰਨ ਧਮਾਕੇ ਸ਼ੁੱਕਰਵਾਰ ਦੀ ਨਮਾਜ਼ ਤੋਂ ਬਾਅਦ ਹਮੀਦੀਆ ਮਸਜਿਦ ਅਤੇ ਬੜਾ ਕਬਰਸਤਾਨ ਦੇ ਅੰਦਰ ਹੋਏ, ਜਦਕਿ ਚੌਥਾ ਧਮਾਕਾ ਮੁਸ਼ਾਵਰਤ ਚੌਕ ਵਿੱਚ ਹੋਇਆ ਸੀ। ਇਨ੍ਹਾਂ ਧਮਾਕਿਆਂ ਵਿੱਚ 31 ਲੋਕ ਮਾਰੇ ਗਏ ਸਨ ਅਤੇ 312 ਲੋਕ ਜ਼ਖਮੀ ਹੋਏ ਸਨ।ਸ਼ੁਰੂ ਵਿੱਚ ਇਸ ਮਾਮਲੇ ਦੀ ਜਾਂਚ ਕਰਨ ਵਾਲੇ ਸੂਬੇ ਦੇ ਅਤਿਵਾਦ ਵਿਰੋਧੀ ਦਸਤੇ (ATS) ਨੇ ਇਸ ਸਬੰਧ ਵਿੱਚ ਨੌ ਮੁਸਲਿਮ ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਸੀ। ਬਾਅਦ ਵਿੱਚ ਜਦੋਂ ਰਾਸ਼ਟਰੀ ਜਾਂਚ ਏਜੰਸੀ (NIA) ਨੇ ਇਹ ਮਾਮਲਾ ਆਪਣੇ ਹੱਥ ਵਿੱਚ ਲਿਆ ਤਾਂ ਉਸ ਨੇ ਇਨ੍ਹਾਂ ਧਮਾਕਿਆਂ ਪਿੱਛੇ ਸੱਜੇ-ਪੱਖੀ ਕੱਟੜਪੰਥੀਆਂ ਦਾ ਹੱਥ ਦੱਸਿਆ ਤੇ ਇਸ ਦੇ ਆਧਾਰ 'ਤੇ ਇਨ੍ਹਾਂ ਚਾਰ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਸੀ।

ਇਸ ਤੋਂ ਪਹਿਲਾਂ ਨੌ ਮੁਸਲਿਮ ਵਿਅਕਤੀਆਂ ਨੂੰ ਇੱਕ ਵਿਸ਼ੇਸ਼ ਅਦਾਲਤ ਵੱਲੋਂ ਮਾਮਲੇ ਵਿੱਚੋਂ ਬਰੀ ਕਰ ਦਿੱਤਾ ਗਿਆ ਸੀ। ਪਿਛਲੇ ਸਾਲ ਸਤੰਬਰ ਵਿੱਚ, ਇੱਕ ਵਿਸ਼ੇਸ਼ ਅਦਾਲਤ ਨੇ ਚਾਰਾਂ ਮੁਲਜ਼ਮਾਂ ਵਿਰੁੱਧ ਦੋਸ਼ ਤੈਅ ਕੀਤੇ ਸਨ, ਜਿਸ ਤੋਂ ਬਾਅਦ ਉਨ੍ਹਾਂ ਨੇ ਅਦਾਲਤ ਦੇ ਹੁਕਮਾਂ ਵਿਰੁੱਧ ਹਾਈ ਕੋਰਟ ਦਾ ਰੁਖ ਕੀਤਾ ਸੀ।ਇਸ ਸਾਲ ਜਨਵਰੀ ਵਿੱਚ, ਹਾਈ ਕੋਰਟ ਨੇ ਪਟੀਸ਼ਨਾਂ ਨੂੰ ਸੁਣਵਾਈ ਲਈ ਪਰਵਾਨ ਕਰਦਿਆਂ ਕਿਹਾ ਸੀ ਕਿ ਇਸ ਮਾਮਲੇ ਵਿੱਚ ਦਖ਼ਲ ਦੇਣ ਦੀ ਲੋੜ ਜਾਪਦੀ ਹੈ। ਇਸ ਦੇ ਨਾਲ ਹੀ ਅਦਾਲਤ ਨੇ ਕੇਸ ਦਾ ਫ਼ੈਸਲਾ ਆਉਣ ਤੱਕ ਹੇਠਲੀ ਅਦਾਲਤ (ਟ੍ਰਾਇਲ ਕੋਰਟ) ਦੀ ਅੱਗੇ ਦੀ ਕਾਰਵਾਈ 'ਤੇ ਰੋਕ ਲਗਾ ਦਿੱਤੀ ਸੀ।

ਹਾਈ ਕੋਰਟ ਵਿੱਚ ਆਪਣੀ ਪਟੀਸ਼ਨ ਵਿੱਚ ਚਾਰਾਂ ਮੁਲਜ਼ਮਾਂ ਨੇ ਦਾਅਵਾ ਕੀਤਾ ਸੀ ਕਿ ਐੱਨ ਆਈ ਏ ਉਨ੍ਹਾਂ ਵਿਰੁੱਧ ਕੋਈ ਵੀ ਸਬੂਤ ਪੇਸ਼ ਕਰਨ ਵਿੱਚ ਅਸਫ਼ਲ ਰਹੀ ਹੈ।

ਬ੍ਰਿਟੇਨ ਨੇ ਹੋਰਮੁਜ਼ ਖੋਲ੍ਹਣ ਬਾਰੇ

ਤਾਇਨਾਤੀ 'ਤੇ ਚਰਚਾ ਕਰਨਾ ਹੈ ਤਾਂ ਜੋ ਇੱਕ ਸਥਾਈ ਜੰਗਬੰਦੀ ਹੁੰਦੇ ਹੀ ਮਾਰਗ ਨੂੰ ਤੁਰੰਤ ਖੋਲ੍ਹਿਆ ਜਾ ਸਕੇ। ਬ੍ਰਿਟਿਸ਼ ਰੱਖਿਆ ਸਕੱਤਰ ਜੌਨ ਹੀਲੀ ਅਨੁਸਾਰ, ਇਸ ਬੈਠਕ ਦਾ ਕੰਮ ਸਹਿਮਤੀ ਨੂੰ ਇੱਕ ਠੋਸ ਸਾਂਝੀ ਫੌਜੀ ਯੋਜਨਾ ਵਿੱਚ ਬਦਲਣਾ ਹੈ। ਉਨ੍ਹਾਂ ਕਿਹਾ ਕਿ ਅੰਤਰਰਾਸ਼ਟਰੀ ਵਪਾਰ ਅਤੇ ਊਰਜਾ ਸੁਰੱਖਿਆ ਲਈ ਸਮੁੰਦਰੀ ਆਜ਼ਾਦੀ ਬਹਾਲ ਕਰਨਾ ਬਹੁਤ ਜ਼ਰੂਰੀ ਹੈ। ਜ਼ਿਕਰਯੋਗ ਹੈ ਕਿ ਅਮਰੀਕਾ ਅਤੇ ਇਜ਼ਰਾਈਲ ਦੇ ਹਮਲਿਆਂ ਦੇ ਜਵਾਬ ਵਿੱਚ ਈਰਾਨ ਵੱਲੋਂ ਇਸ ਮਾਰਗ 'ਤੇ ਲਗਾਈਆਂ ਪਾਬੰਦੀਆਂ ਕਾਰਨ ਵਿਸ਼ਵ ਪੱਧਰ 'ਤੇ ਤੇਲ ਅਤੇ ਗੈਸ ਦੀ ਸਪਲਾਈ ਬੁਰੀ ਤਰ੍ਹਾਂ ਪ੍ਰਭਾਵਿਤ ਹੋਈ ਹੈ। ਪਿਛਲੇ ਹਫ਼ਤੇ ਬ੍ਰਿਟਿਸ਼ ਪ੍ਰਧਾਨ ਮੰਤਰੀ ਕੀਰ ਸਟਾਰਮਰ ਅਤੇ ਫਰਾਂਸ ਦੇ ਰਾਸ਼ਟਰਪਤੀ ਇਮੈਨੁਅਲ ਮੈਕਰੋਨ ਦੀ ਮੇਜ਼ਬਾਨੀ ਵਿੱਚ ਹੋਏ ਵਰਚੁਅਲ ਸੰਮੇਲਨ ਵਿੱਚ 51 ਦੇਸ਼ਾਂ ਨੇ ਇਸ ਰਸਤੇ ਨੂੰ ਬਿਨਾਂ ਸ਼ਰਤ ਤੁਰੰਤ ਖੋਲ੍ਹਣ ਦੀ ਮੰਗ ਕੀਤੀ ਸੀ।

ਸੁਪਰੀਮ ਕੋਰਟ ਨੇ ਕੇਂਦਰ ਨੂੰ ਰਾਜੋਆਣਾ

ਰਾਜੋਆਣਾ ਦੀ ਰਹਿਮ ਦੀ ਪਟੀਸ਼ਨ 'ਤੇ ਫੈਸਲਾ ਲੈਣ ਲਈ ਕਿਹਾ ਸੀ। ਕੇਂਦਰ ਨੇ ਉਦੋਂ ਮਾਮਲੇ ਦੀ ਸੰਵੇਦਨਸ਼ੀਲਤਾ ਦਾ ਹਵਾਲਾ ਦਿੱਤਾ ਸੀ ਅਤੇ ਕਿਹਾ ਸੀ ਕਿ ਰਹਿਮ ਦੀ ਅਪੀਲ ਵਿਚਾਰ ਅਧੀਨ ਹੈ। ਸਤੰਬਰ 2024 ਵਿੱਚ ਸਿਖਰਲੀ ਅਦਾਲਤ ਨੇ ਰਾਜੋਆਣਾ ਦੀ ਪਟੀਸ਼ਨ 'ਤੇ ਕੇਂਦਰ, ਪੰਜਾਬ ਸਰਕਾਰ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ ਦੇ ਪ੍ਰਸ਼ਾਸਨ ਤੋਂ ਜਵਾਬ ਮੰਗਿਆ ਸੀ। ਪੰਜਾਬ ਦੇ ਸਾਬਕਾ ਮੁੱਖ ਮੰਤਰੀ ਬੇਅੰਤ ਸਿੰਘ ਅਤੇ 16 ਹੋਰ 31 ਅਗਸਤ, 1995 ਨੂੰ ਚੰਡੀਗੜ੍ਹ ਵਿੱਚ ਸਿਵਲ ਸਕੱਤਰੇਤ ਦੇ ਪ੍ਰਵੇਸ਼ ਦੁਆਰ 'ਤੇ ਹੋਏ ਧਮਾਕੇ ਵਿੱਚ ਮਾਰੇ ਗਏ ਸਨ। ਇੱਕ ਵਿਸ਼ੇਸ਼ ਅਦਾਲਤ ਨੇ ਜੁਲਾਈ 2007 ਵਿੱਚ ਰਾਜੋਆਣਾ ਨੂੰ ਮੌਤ ਦੀ ਸਜ਼ਾ ਸੁਣਾਈ ਸੀ। ਰਾਜੋਆਣਾ ਦੀ ਪਟੀਸ਼ਨ ਵਿੱਚ ਉਸ ਦੀ ਰਿਹਾਈ ਦੀ ਮੰਗ ਕੀਤੀ ਗਈ ਸੀ।

3 ਮਈ, 2023 ਨੂੰ, ਸੁਪਰੀਮ ਕੋਰਟ ਨੇ ਉਸ ਦੀ ਮੌਤ ਦੀ ਸਜ਼ਾ ਨੂੰ ਬਦਲਣ ਤੋਂ ਇਨਕਾਰ ਕਰ ਦਿੱਤਾ ਸੀ ਅਤੇ ਕਿਹਾ ਸੀ ਕਿ ਸਮਰੱਥ ਅਥਾਰਟੀ ਉਸ ਦੀ ਰਹਿਮ ਦੀ ਅਪੀਲ ਨਾਲ ਨਜਿੱਠ ਸਕਦੀ ਹੈ। 2024 ਵਿੱਚ ਦਾਇਰ ਆਪਣੀ ਨਵੀਂ ਪਟੀਸ਼ਨ ਵਿੱਚ, ਰਾਜੋਆਣਾ ਨੇ 28.8 ਸਾਲ ਜੇਲ੍ਹ ਵਿੱਚ ਕੱਟਣ ਦਾ ਜ਼ਿਕਰ ਕੀਤਾ, ਜਿਸ ਵਿੱਚੋਂ ਉਸ ਨੇ 15 ਸਾਲਾਂ ਤੋਂ ਵੱਧ ਸਮਾਂ ਫਾਂਸੀ ਦੀ ਸਜ਼ਾ ਵਾਲੇ ਕੈਦੀ ਵਜੋਂ ਬਿਤਾਇਆ ਹੈ। ਉਸ ਨੇ ਕਿਹਾ ਕਿ ਐੱਸ.ਜੀ.ਪੀ.ਸੀ. ਨੇ ਮਾਰਚ, 2012 ਵਿੱਚ ਧਾਰਾ 72 ਦੇ ਤਹਿਤ ਇੱਕ ਰਹਿਮ ਦੀ ਅਪੀਲ ਪੇਸ਼ ਕੀਤੀ ਸੀ। ਪਟੀਸ਼ਨ ਵਿੱਚ ਕਿਹਾ ਗਿਆ ਹੈ ਕਿ ਸੁਪਰੀਮ ਕੋਰਟ ਵੱਲੋਂ ਸਮਰੱਥ ਅਥਾਰਟੀ ਨੂੰ ਰਹਿਮ ਦੀ ਅਪੀਲ 'ਤੇ ਫੈਸਲਾ ਲੈਣ ਦੇ ਦਿੱਤੇ ਨਿਰਦੇਸ਼ ਨੂੰ ਇੱਕ ਸਾਲ ਤੋਂ ਵੱਧ ਸਮਾਂ ਬੀਤ ਚੁੱਕਾ ਹੈ। ਇਸ ਵਿੱਚ ਸੁਪਰੀਮ ਕੋਰਟ ਦੇ ਅਪਰੈਲ 2023 ਦੇ ਇੱਕ ਵੱਖਰੇ ਮਾਮਲੇ ਦੇ ਹੁਕਮ ਦਾ ਹਵਾਲਾ ਦਿੱਤਾ ਗਿਆ ਹੈ ਜਿਸ ਵਿੱਚ ਅਦਾਲਤ ਨੇ ਸਾਰੇ ਰਾਜਾਂ ਅਤੇ ਉਚਿਤ ਅਧਿਕਾਰੀਆਂ ਨੂੰ ਲਟਕਦੀਆਂ ਰਹਿਮ ਦੀਆਂ ਪਟੀਸ਼ਨਾਂ ਦਾ ਜਲਦੀ ਅਤੇ ਬਿਨਾਂ ਕਿਸੇ ਦੇਰੀ ਦੇ ਫੈਸਲਾ ਕਰਨ ਦੇ ਨਿਰਦੇਸ਼ ਦਿੱਤੇ ਸਨ।

ਭਾਰਤ ਖ਼ਤਮ ਕਰਵਾਏਗਾ

ਰਹੀਆਂ ਹਨ, ਉੱਥੇ ਭਾਰਤ ਦੀ ਸੰਤੁਲਿਤ ਨੀਤੀ ਕਾਰਨ ਸਾਡੇ 7-8 ਜਹਾਜ਼ ਸੁਰੱਖਿਅਤ ਨਿਕਲਣ ਵਿੱਚ ਕਾਮਯਾਬ ਹੋਏ ਹਨ। ਉਨ੍ਹਾਂ ਕਿਹਾ, 'ਅਮਰੀਕਾ ਜਾਂ ਈਰਾਨ, ਕੋਈ ਵੀ ਭਾਰਤ ਨੂੰ ਆਪਣਾ ਦੁਸ਼ਮਣ ਨਹੀਂ ਮੰਨਦਾ, ਇਹ ਸਾਡੀ ਕੂਟਨੀਤੀ ਦੀ ਜਿੱਤ ਹੈ।'

ਹੋਰਮੁਜ਼ 'ਚ ਈਰਾਨ ਵੱਲੋਂ ਦੋ ਜਹਾਜ਼ ਜ਼ਬਤ !

ਸਿਸਟਮ ਨਾਲ ਛੇੜਛਾੜ ਕੀਤੀ ਸੀ, ਜਿਸ ਨਾਲ ਸਮੁੰਦਰ 'ਚ ਹੋਰ ਜਹਾਜ਼ਾਂ ਦੀ ਸੁਰੱਖਿਆ ਨੂੰ ਖਤਰਾ ਪੈਦਾ ਹੋ ਸਕਦਾ ਸੀ। ਖੁਫੀਆ ਨਿਗਰਾਨੀ ਦੇ ਆਧਾਰ 'ਤੇ ਕੀਤੀ ਗਈ ਇਸ ਕਾਰਵਾਈ ਤੋਂ ਬਾਅਦ, ਦੋਵਾਂ ਜਹਾਜ਼ਾਂ ਨੂੰ ਜਾਂਚ ਲਈ ਈਰਾਨੀ ਜਲ ਖੇਤਰ 'ਚ ਲਿਜਾਇਆ ਗਿਆ ਹੈ। ਇਹ ਘਟਨਾ ਅਜਿਹੇ ਸਮੇਂ ਵਾਪਰੀ ਹੈ ਜਦੋਂ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਈਰਾਨ ਨਾਲ ਚੱਲ ਰਹੀ ਅਸਥਾਈ ਜੰਗਬੰਦੀ ਨੂੰ ਅੱਗੇ ਵਧਾਉਣ ਦਾ ਐਲਾਨ

ਕਟਾਰੂਚੱਕ ਨੇ ਗੁਰਦਾਸਪੁਰ ਦਾਣਾ ਮੰਡੀ ਵਿਖੇ ਪਹੁੰਚ ਕੇ ਖਰੀਦ ਪ੍ਰਬੰਧਾਂ ਦਾ ਲਿਆ ਜਾਇਜ਼ਾ

ਸੂਬੇ 'ਚ 57 ਲੱਖ ਮੀਟ੍ਰਿਕ ਟਨ ਕਣਕ ਦੀ ਖਰੀਦ ਤੇ 7109 ਕਰੋੜ ਦੀ ਅਦਾਇਗੀ ਕਿਸਾਨਾਂ ਨੂੰ ਕੀਤੀ ਜਾ ਚੁੱਕੀ ਹੈ

ਚੰਡੀਗੜ੍ਹ/ਗੁਰਦਾਸਪੁਰ, 22 ਅਪ੍ਰੈਲ (ਚ.ਨ.ਸ.): ਪੰਜਾਬ ਦੇ ਖੁਰਾਕ ਤੇ ਸਿਵਲ ਸਪਲਾਈਜ਼ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਅੱਜ ਗੁਰਦਾਸਪੁਰ ਦਾਣਾ ਮੰਡੀ ਵਿਖੇ ਪਹੁੰਚੇ ਅਤੇ ਕਣਕ ਦੇ ਖਰੀਦ ਪ੍ਰਬੰਧਾਂ ਦਾ ਜਾਇਜ਼ਾ ਲਿਆ। ਇਸ ਮੌਕੇ ਹਲਕਾ ਇੰਚਾਰਜ ਗੁਰਦਾਸਪੁਰ ਰਮਨ ਬਹਿਲ, ਹਲਕਾ ਇੰਚਾਰਜ ਦੀਨਾਨਗਰ ਸਮਸ਼ੇਰ ਸਿੰਘ, ਅਨੁਪ੍ਰੀਤ ਕੌਰ ਐੱਸ ਡੀ ਐੱਮ ਗੁਰਦਾਸਪੁਰ, ਭਾਰਤ ਭੂਸ਼ਣ ਸ਼ਰਮਾ ਚੇਅਰਮੈਨ ਮਾਰਕਿਟ ਕਮੇਟੀ ਗੁਰਦਾਸਪੁਰ ਤੇ ਰਜਨੀਸ਼ ਕੌਰ ਡਿਪਟੀ ਡਾਇਰੈਕਟਰ ਖੁਰਾਕ ਅਤੇ ਸਪਲਾਈ ਵਿਭਾਗ ਵੀ ਮੌਜੂਦ ਸਨ। ਇਸ ਮੌਕੇ ਪੱਤਰਕਾਰਾਂ ਨਾਲ ਗੱਲ ਕਰਦਿਆਂ ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵਲੋਂ ਕਣਕ ਦਾ ਇਕ-ਇਕ ਦਾਣਾ ਖਰੀਦਣ ਦੀ ਵਚਨਬੱਧਤਾ ਦੁਹਰਾਉਂਦਿਆਂ ਕਿਹਾ ਕਿ ਹੁਣ ਤੱਕ 61 ਰੱਖ ਮੀਟਰਕ ਟਨ ਫਸਲ ਮੰਡੀਆਂ ਵਿੱਚ ਪਹੁੰਚੀ ਹੈ, ਜਿਸ ਵਿੱਚੋਂ 57 ਲੱਖ ਮੀਟ੍ਰਿਕ ਟਨ ਕਣਕ ਦੀ ਖਰੀਦ ਅਤੇ 7109 ਕਰੋੜ ਰੁਪਏ ਦੀ ਅਦਾਇਗੀ ਕੀਤੀ ਜਾ ਚੁੱਕੀ ਹੈ। ਉਨ੍ਹਾਂ ਦੱਸਿਆ ਕਿ ਬੀਤੇ ਕੱਲ੍ਹ ਰਿਕਾਰਡ 12 ਲੱਖ ਮੀਟਰਕ ਟਨ ਫਸਲ ਕਣਕ ਦੀ ਆਮਦ ਵਿੱਚ ਤੇਜ਼ੀ ਆਈ ਹੈ ਅਤੇ ਪੰਜਾਬ ਭਰ ਦੀਆਂ ਮੰਡੀਆਂ ਵਿੱਚ ਰੋਜ਼ਾਨਾ ਵੱਡੀ ਤਦਾਦ ਵਿੱਚ ਫਸਲ ਪਹੁੰਚ ਰਹੀ ਹੈ। ਉਨ੍ਹਾਂ ਕਿਹਾ ਕਿ ਮੰਡੀਆਂ ਵਿੱਚ ਕਿਸਾਨਾਂ ਦੀ ਸਹੂਲਤ ਲਈ ਸੁਚਾਰੂ ਢੰਗ ਨਾਲ ਪ੍ਰਬੰਧ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਉਹ ਰੋਜ਼ਾਨਾ ਵੱਖ ਵੱਖ ਜ਼ਿਲ੍ਹਿਆਂ ਦੀਆਂ ਦਾਣਾ ਮੰਡੀਆਂ ਵਿੱਚ ਜਾ ਕੇ ਖਰੀਦ ਪ੍ਰਬੰਧਾਂ ਦਾ ਜਾਇਜ਼ਾ ਲੈ ਰਹੇ ਹਨ ਤਾਂ ਜੋ ਕਿਸਾਨਾਂ ਨੂੰ ਕਿਸੇ ਕਿਸਮ ਦੀ ਕੋਈ ਮੁਸ਼ਕਿਲ ਪੇਸ਼ ਨਾ ਆਵੇ। ਕਟਾਰੂਚੱਕ ਨੇ ਅੱਗੇ ਕਿਹਾ ਕਿ ਇਸ ਸੀਜ਼ਨ ਵਿੱਚ ਸੂਬੇ ਦਾ 122 ਲੱਖ ਮੀਟ੍ਰਿਕ ਟਨ ਕਣਕ ਖਰੀਦ ਕਰਨ ਦਾ ਟੀਚਾ ਹੈ। ਉਨ੍ਹਾਂ ਨੇ ਮੰਡੀ ਵਿੱਚ ਮੌਜੂਦ ਕਿਸਾਨਾਂ ਅਤੇ ਆੜ੍ਹਤੀਆਂ ਨਾਲ ਵੀ ਗੱਲਬਾਤ ਕੀਤੀ।

ਗੁਰਦਾਸਪੁਰ ਦਾਣਾ ਮੰਡੀ ਵਿੱਚ ਫਸਲ ਲੈ ਕੇ ਪੁੱਜੇ ਪਿੰਡ ਬਾਹੀਆ ਤੋਂ ਕਿਸਾਨ ਹਰਜਿੰਦਰ ਸਿੰਘ ਨੇ ਗੱਲਬਾਤ ਦੌਰਾਨ ਦੱਸਿਆ ਕਿ ਅੱਜ ਸਵੇਰੇ ਕਣਕ ਲੈ ਕੇ ਆਏ ਸਨ ਤੇ ਆਉਂਦੇ ਹੀ ਅੱਜ ਹੀ ਉਨ੍ਹਾਂ ਦੀ ਫੇਰੀ ਖਰੀਦ ਕੀਤੀ ਗਈ ਅਤੇ 24 ਘੰਟੇ ਅੰਦਰ ਕਿਸਾਨਾਂ ਨੂੰ ਪੇਮੈਂਟ ਕਰਨ ਦਾ ਵਾਅਦਾ ਪੰਜਾਬ ਸਰਕਾਰ ਵੱਲੋਂ ਨਿਭਾਇਆ ਜਾ ਰਿਹਾ ਹੈ ਤਾਂ ਜੋ ਕਿਸਾਨਾਂ ਨੂੰ ਕਿਸੇ ਕਿਸਮ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ। ਇਸ ਮੌਕੇ ਕੈਬਨਿਟ ਮੰਤਰੀ ਕਟਾਰੂਚੱਕ ਨੇ ਮੰਡੀਆਂ ਵਿੱਚ ਬਾਰਦਾਨੇ ਦੀ ਉਪਲੱਬਧਤਾ, ਲਿਫਟਿੰਗ, ਸਾਫ਼-ਸਫਾਈ ਤੇ ਕਿਸਾਨਾਂ ਲਈ ਪੀਣ ਵਾਲੇ ਪਾਣੀ, ਛਾਂ ਆਦਿ ਦੇ ਪ੍ਰਬੰਧਾਂ ਦਾ ਵੀ ਨਿਰੀਖਣ ਕੀਤਾ। ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਮੰਡੀਆਂ ਵਿੱਚ ਆਉਣ ਵਾਲੇ ਕਿਸਾਨਾਂ ਨੂੰ ਕਿਸੇ ਕਿਸਮ ਦੀ ਪ੍ਰੇਸ਼ਾਨੀ ਨਹੀਂ ਆਉਣੀ ਚਾਹੀਦੀ ਅਤੇ ਲਿਫਟਿੰਗ ਦਾ ਕੰਮ ਤੇਜ਼ੀ ਨਾਲ ਨੇਪਰੇ ਚਾੜ੍ਹਿਆ ਜਾਵੇ।

ਦੱਸਣਯੋਗ ਹੈ ਗੁਰਦਾਸਪੁਰ ਜ਼ਿਲ੍ਹੇ ਅੰਦਰ 1 ਲੱਖ 69 ਹਜ਼ਾਰ 195 ਮੀਟਰਕ ਟਨ ਫਸਲ ਦੀ ਖਰੀਦ (21 ਅਪ੍ਰੈਲ ਤੱਕ) ਕੀਤੀ ਜਾ ਚੁੱਕੀ ਹੈ ਅਤੇ ਕਿਸਾਨਾਂ ਨੂੰ 267 ਕਰੋੜ 60 ਲੱਖ ਰੁਪਏ ਦੀ ਅਦਾਇਗੀ ਕੀਤੀ ਜਾ ਚੁੱਕੀ ਹੈ। ਇਸ ਮੌਕੇ ਐਡਵੋਕੇਟ ਸੁੱਚਾ ਸਿੰਘ ਮੁਲਤਾਨੀ ਮੈਂਬਰ ਜ਼ਿਲ੍ਹਾ ਪ੍ਰੀਸ਼ਦ ਅਮਨਜੋਤ ਸਿੰਘ ਡੀ.ਐੱਫ.ਐੱਸ.ਸੀ ਗੁਰਦਾਸਪੁਰ, ਜਸਵਿੰਦਰ ਸਿੰਘ ਜ਼ਿਲ੍ਹਾ ਮੰਡੀ ਅਫਸਰ , ਵਿਜੇ ਕੁਮਾਰ ਡੀ.ਡੀ.ਐੱਮ, ਗਗਨ ਮਹਾਜਨ, ਵਪਾਰ ਮੰਡਲ ਦੇ ਪ੍ਰਧਾਨ ਅਸ਼ਵਨੀ ਮਹਾਜਨ, ਹਿਤੇਸ਼ ਮਹਾਜਨ ਅਤੇ ਕਿਸਾਨ, ਮਜ਼ਦੂਰ ਤੇ ਆੜ੍ਹਤੀ ਹਾਜ਼ਰ ਸਨ।

ਗੈਂਗਸਟਰਾਂ 'ਤੇ ਵਾਰ ਦੇ 92ਵੇਂ ਦਿਨ 541 ਥਾਵਾਂ ਉੱਤੇ ਛਾਪੇਮਾਰੀ ਦੌਰਾਨ 254 ਕਾਬੂ

ਚੰਡੀਗੜ੍ਹ, 22 ਅਪ੍ਰੈਲ (ਚ.ਨ.ਸ.): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਹੇਠ ਸ਼ੁਰੂ ਕੀਤੀ ਗਈ ਫੈਸਲਾਕੁੰਨ ਮੁਹਿੰਮ "ਗੈਂਗਸਟਰਾਂ ਤੇ ਵਾਰ" ਦੇ 92ਵੇਂ ਦਿਨ ਪੰਜਾਬ ਪੁਲਿਸ ਨੇ ਅੱਜ ਸੂਬੇ ਭਰ ਵਿੱਚ ਗੈਂਗਸਟਰਾਂ ਦੇ ਸਾਥੀਆਂ ਦੇ ਪਛਾਣੇ ਗਏ ਤੇ ਮੈਪ ਕੀਤੇ 541 ਟਿਕਾਣਿਆਂ 'ਤੇ ਛਾਪੇਮਾਰੀ ਕੀਤੀ। ਜ਼ਿਕਰਯੋਗ ਹੈ ਕਿ "ਗੈਂਗਸਟਰਾਂ ਤੇ ਵਾਰ" ਪੰਜਾਬ ਨੂੰ ਗੈਂਗਸਟਰ ਮੁਕਤ ਸੂਬਾ ਬਣਾਉਣ ਲਈ ਫੈਸਲਾਕੁੰਨ ਜੰਗ ਹੈ, ਜਿਸ ਦੀ ਸ਼ੁਰੂਆਤ 20 ਜਨਵਰੀ ਨੂੰ ਪੁਲਿਸ ਡਾਇਰੈਕਟਰ ਜਨਰਲ (ਡੀਜੀਪੀ) ਪੰਜਾਬ ਗੌਰਵ ਯਾਦਵ ਵੱਲੋਂ ਕੀਤੀ ਗਈ ਸੀ। ਐਂਟੀ-ਗੈਂਗਸਟਰ ਟਾਸਕ ਫੋਰਸ (ਏਜੀਟੀਐਫ) ਪੰਜਾਬ ਦੇ ਤਾਲਮੇਲ ਨਾਲ ਸਾਰੇ ਜ਼ਿਲ੍ਹਿਆਂ ਦੀਆਂ ਪੁਲਿਸ ਟੀਮਾਂ ਸੂਬੇ ਭਰ ਵਿੱਚ ਵਿਸ਼ੇਸ਼ ਕਾਰਵਾਈਆਂ ਕਰ ਰਹੀਆਂ ਹਨ। ਉਨ੍ਹਾਂ ਦੱਸਿਆ ਕਿ 92ਵੇਂ ਦਿਨ, ਪੁਲਿਸ ਟੀਮਾਂ ਨੇ ਚਾਰ ਹਥਿਆਰਾਂ ਸਮੇਤ 254 ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ, ਜਿਸ ਨਾਲ ਮੁਹਿੰਮ ਦੀ ਸ਼ੁਰੂਆਤ ਤੋਂ ਹੁਣ ਤੱਕ ਕੁੱਲ ਗ੍ਰਿਫ਼ਤਾਰੀਆਂ ਦੀ ਗਿਣਤੀ 23,140 ਹੋ ਗਈ ਹੈ।

ਇਸ ਤੋਂ ਇਲਾਵਾ 79 ਵਿਅਕਤੀਆਂ ਵਿਰੁੱਧ ਇਹਤਿਆਤੀ ਕਾਰਵਾਈ ਕੀਤੀ ਗਈ ਹੈ, ਜਦੋਂ ਕਿ 61 ਵਿਅਕਤੀਆਂ ਨੂੰ ਤਫ਼ਤੀਸ਼ ਤੇ ਪੁੱਛਗਿੱਛ ਤੋਂ ਬਾਅਦ ਛੱਡ ਦਿੱਤਾ ਗਿਆ। ਪੁਲਿਸ ਟੀਮਾਂ ਨੇ ਕਾਰਵਾਈ ਦੌਰਾਨ ਤਿੰਨ ਭਗੌੜੇ ਅਪਰਾਧੀਆਂ ਨੂੰ ਵੀ ਗ੍ਰਿਫ਼ਤਾਰ ਕੀਤਾ ਹੈ। ਲੋਕ, ਐਂਟੀ ਗੈਂਗਸਟਰ ਹੈਲਪਲਾਈਨ ਨੰ. 93946-93946 ਰਾਹੀਂ ਗੁਪਤ ਰੂਪ ਵਿੱਚ ਲੋੜੀਂਦੇ ਅਪਰਾਧੀਆਂ ਅਤੇ ਗੈਂਗਸਟਰਾਂ ਨਾਲ ਸਬੰਧਤ ਜਾਣਕਾਰੀ ਦੇ ਸਕਦੇ ਹਨ ਤੇ ਅਪਰਾਧ ਤੇ ਅਪਰਾਧਿਕ ਗਤੀਵਿਧੀਆਂ ਬਾਰੇ ਸੂਹ ਵੀ ਦਿੱਤੀ ਜਾ ਸਕਦੀ ਹੈ।

ਇਸ ਦੌਰਾਨ ਪੁਲਿਸ ਟੀਮਾਂ ਨੇ ਨਸ਼ਿਆਂ ਵਿਰੁੱਧ ਆਪਣੀ ਮੁਹਿੰਮ "ਯੁੱਧ ਨਸ਼ਿਆਂ ਵਿਰੁਧ" ਦੇ 417ਵੇਂ ਦਿਨ ਅੱਜ 98 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਦੇ ਕਬਜ਼ੇ ਵਿੱਚੋਂ 1.1 ਕਿਲੋ ਹੈਰੋਇਨ, 67 ਕਿਲੋ ਭੁੱਕੀ, 514 ਨਸ਼ੀਲੀਆਂ ਗੋਲੀਆਂ/ਕੈਪਸੂਲ ਅਤੇ 7430 ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ ਹੈ। ਇਸ ਦੇ ਨਾਲ ਸਿਰਫ 417 ਦਿਨਾਂ ਵਿੱਚ ਗ੍ਰਿਫ਼ਤਾਰ ਕੀਤੇ ਗਏ ਕੁੱਲ ਨਸ਼ਾ ਤਸਕਰਾਂ ਦੀ ਗਿਣਤੀ 60,008 ਹੋ ਗਈ ਹੈ। ਨਸ਼ਾ ਛੁਡਾਊ ਮੁਹਿੰਮ ਦੇ ਹਿੱਸੇ ਵਜੋਂ ਪੰਜਾਬ ਪੁਲਿਸ ਨੇ ਅੱਜ 44 ਵਿਅਕਤੀਆਂ ਨੂੰ ਨਸ਼ਾ ਛੁਡਾਊ ਅਤੇ ਮੁੜ ਵਸੇਬੇ ਦਾ ਇਲਾਜ ਕਰਵਾਉਣ ਲਈ ਰਾਜ਼ੀ ਕੀਤਾ ਹੈ।

ਸੂਬਾ ਸਰਕਾਰ ਨੇ ਗਰੁੱਪ-ਡੀ ਮੁਲਾਜ਼ਮਾਂ ਨੂੰ ਕਣਕ ਲਈ ਵਿਆਜ ਮੁਕਤ ਕਰਜ਼ਾ ਦੇ ਕੇ ਜ਼ਰੂਰੀ ਲੋੜਾਂ ਲਈ ਸਮੇਂ ਸਿਰ ਸਹਾਇਤਾ ਯਕੀਨੀ ਬਣਾਈ : ਚੀਮਾ

ਚੰਡੀਗੜ੍ਹ, 22 ਅਪ੍ਰੈਲ (ਚ.ਨ.ਸ.): ਮੁਲਾਜ਼ਮਾਂ ਦੀ ਭਲਾਈ ਵੱਲ ਇੱਕ ਅਹਿਮ ਕਦਮ ਚੁੱਕਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਸਰਕਾਰ ਨੇ ਸੂਬੇ ਭਰ ਦੇ ਗਰੁੱਪ-ਡੀ ਮੁਲਾਜ਼ਮਾਂ ਲਈ ਕਣਕ ਦੀ ਖਰੀਦ ਵਾਸਤੇ ਵਿਆਜ ਮੁਕਤ ਕਰਜ਼ੇ ਨੂੰ ਮਨਜ਼ੂਰੀ ਦੇ ਦਿੱਤੀ ਹੈ, ਤਾਂ ਜੋ ਘਰੇਲੂ ਖਪਤ ਦੀਆਂ ਜ਼ਰੂਰੀ ਲੋੜਾਂ ਲਈ ਵਿੱਤੀ ਸਹਾਇਤਾ ਯਕੀਨੀ ਬਣਾਈ ਜਾ ਸਕੇ। ਇਸ ਫੈਸਲੇ ਦਾ ਐਲਾਨ ਕਰਦਿਆਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ, "ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਫੈਸਲਾ ਕੀਤਾ ਹੈ ਕਿ ਯੋਗ ਗਰੁੱਪ-ਡੀ ਮੁਲਾਜ਼ਮਾਂ ਨੂੰ ਖਾਸ ਤੌਰ 'ਤੇ ਕਣਕ ਦੀ ਖਰੀਦ ਲਈ ਘੱਟੋ-ਘੱਟ 10,340 ਰੁਪਏ ਦੀ ਵਿਆਜ ਮੁਕਤ ਕਰਜ਼ਾ ਰਾਸ਼ੀ ਪ੍ਰਦਾਨ ਕਰਨਾ ਉਚਿਤ ਹੈ। ਇਸ ਵਿੱਤੀ ਸਹਾਇਤਾ ਦੀ ਗਣਨਾ ਸਰਕਾਰ ਵੱਲੋਂ ਪ੍ਰਤੀ ਪਰਿਵਾਰ ਔਸਤਨ ਚਾਰ ਕੁਇੰਟਲ ਕਣਕ ਦੀ ਖਪਤ ਦੇ ਤੈਅ ਮਾਪਦੰਡ 'ਤੇ ਆਧਾਰਿਤ ਹੈ।" ਲਾਗੂ ਕਰਨ ਦੀ ਸਮਾਂ ਸੀਮਾ ਅਤੇ ਬਜਟ ਸਹਾਇਤਾ ਬਾਰੇ ਚਾਨਣਾ ਪਾਉਂਦਿਆਂ, ਵਿੱਤ ਮੰਤਰੀ ਨੇ ਅੱਗੇ ਕਿਹਾ, "ਇਹ ਮੁਲਾਜ਼ਮ 29 ਮਈ, 2026 ਤੱਕ ਸਰਕਾਰੀ ਖਜ਼ਾਨੇ ਵਿੱਚੋਂ ਕਰਜ਼ੇ ਦੀ ਇਸ ਰਕਮ ਨੂੰ ਕਢਵਾਉਣ ਦੇ ਅਧਿਕਾਰਤ ਹੋਣਗੇ। ਇਸ ਭਲਾਈ ਉਪਰਾਲੇ ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ ਲਈ, ਵਿੱਤੀ ਸਾਲ 2026-27 ਲਈ 15 ਕਰੋੜ ਰੁਪਏ ਦੇ ਵਿਸ਼ੇਸ਼ ਬਜਟ ਦੀ ਵਿਵਸਥਾ ਕੀਤੀ ਗਈ ਹੈ।"

ਕਰਜ਼ੇ ਦੀ ਵਾਪਸੀ ਵਿਧੀ ਬਾਰੇ ਵਿਸਥਾਰ ਨਾਲ ਦੱਸਦਿਆਂ, ਉਨ੍ਹਾਂ ਜ਼ੋਰ ਦਿੱਤਾ ਕਿ ਇਸ ਢਾਂਚੇ ਨੂੰ ਇਸ ਤਰ੍ਹਾਂ ਉਲੀਕਿਆ ਗਿਆ ਹੈ ਤਾਂ ਜੋ ਮੁਲਾਜ਼ਮਾਂ 'ਤੇ ਵਿੱਤੀ ਬੋਝ ਨੂੰ ਘੱਟ ਕੀਤਾ ਜਾ ਸਕੇ। ਉਨ੍ਹਾਂ ਕਿਹਾ, "ਕਰਜ਼ੇ ਦੀ ਵਸੂਲੀ ਪ੍ਰਕਿਰਿਆ ਨੂੰ ਮੁਲਾਜ਼ਮਾਂ 'ਤੇ ਵਿੱਤੀ ਬੋਝ ਘਟਾਉਣ ਲਈ ਤਿਆਰ ਕੀਤਾ ਗਿਆ ਹੈ, ਜਿਸ ਵਿੱਚ ਕਣੋਂਤੀ ਅੱਠ ਮਹੀਨਾਵਾਰ ਕਿਸ਼ਤਾਂ ਰਾਹੀਂ ਕੀਤੀ ਜਾਵੇਗੀ। ਇਹ ਕਿਸ਼ਤਾਂ ਜੂਨ ਮਹੀਨੇ ਦੀ ਤਨਖਾਹ, ਜੋ ਜੁਲਾਈ ਵਿੱਚ ਅਦਾ ਕੀਤੀ ਜਾਂਦੀ ਹੈ, ਤੋਂ ਸ਼ੁਰੂ ਹੋਣਗੀਆਂ, ਜਿਸ ਨਾਲ ਇਹ ਯਕੀਨੀ ਬਣੇਗਾ ਕਿ ਚਾਲੂ ਵਿੱਤੀ ਸਾਲ ਦੇ ਮੁਕੰਮਲ ਹੋਣ ਤੋਂ ਪਹਿਲਾਂ ਕਰਜ਼ੇ ਦੀ ਪੂਰੀ ਵਸੂਲੀ ਹੋ ਜਾਵੇ।" ਸਰਕਾਰ ਦੀ ਮੁਲਾਜ਼ਮ-ਪੱਖੀ ਪਹੁੰਚ ਦੀ ਮੁੜ ਪੁਸ਼ਟੀ ਕਰਦਿਆਂ, ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਪ੍ਰਸ਼ਾਸਨ ਦੀ ਵਿਆਪਕ ਵਚਨਬੱਧਤਾ ਨੂੰ ਉਜਾਗਰ ਕੀਤਾ। ਉਨ੍ਹਾਂ ਅੱਗੇ ਕਿਹਾ, "ਸਾਡੇ ਮੁਲਾਜ਼ਮਾਂ ਦੀ ਭਲਾਈ ਸਾਡੀ ਸਰਕਾਰ ਦੀ ਪ੍ਰਮੁੱਖ ਤਰਜੀਹ ਹੈ, ਤੇ ਅਸੀਂ ਉਨ੍ਹਾਂ ਦੀ ਸਹਾਇਤਾ ਅਤੇ ਵਿੱਤੀ ਖੁਸ਼ਹਾਲੀ ਨੂੰ ਯਕੀਨੀ ਬਣਾਉਣ ਵਾਲੇ ਉਪਰਾਲਿਆਂ ਨੂੰ ਬਰਕਰਾਰ ਰੱਖਣ ਲਈ ਨਿਰੰਤਰ ਯਤਨਸ਼ੀਲ ਰਹਾਂਗੇ।"

ਸਤਪਾਲ ਸਿੰਘ ਮੰਗਾ ਸ਼੍ਰੋਮਣੀ ਅਕਾਲੀ ਦਲ ਦਿੱਲੀ ਸਟੇਟ ਦੇ ਜਨਰਲ ਸਕੱਤਰ ਨਿਯੁਕਤ

ਨਵੀਂ ਦਿੱਲੀ 22 ਅਪ੍ਰੈਲ (ਅੰਮ੍ਰਿਤਪਾਲ ਸਿੰਘ): ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਮੀਤ ਸਿੰਘ ਕਾਲਕਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪ੍ਰਸਿੱਧ ਸਮਾਜਸੇਵੀ ਤੇ ਪੰਥਕ ਸ਼ਖਸ਼ੀਅਤਾਂ ਵਿੱਚ ਅਹਿਮ ਪਛਾਣ ਬਣਾਉਣ ਵਾਲੇ ਸਤਪਾਲ ਸਿੰਘ ਮੰਗਾ ਨੂੰ ਉਨ੍ਹਾਂ ਦੀਆਂ ਲੰਬੇ ਸਮੇਂ ਤੋਂ ਚੱਲ ਰਹੀਆਂ ਸਮਾਜਿਕ ਤੇ ਪੰਥਕ ਸੇਵਾਵਾਂ ਨੂੰ ਮੁੱਖ ਰੱਖਦਿਆਂ ਸ਼੍ਰੋਮਣੀ ਅਕਾਲੀ ਦਲ ਦਿੱਲੀ ਸਟੇਟ ਦਾ ਜਨਰਲ ਸਕੱਤਰ ਨਿਯੁਕਤ ਕੀਤਾ ਗਿਆ ਹੈ। ਇਹ ਨਿਯੁਕਤੀ ਉਨ੍ਹਾਂ ਦੀ ਸੰਸਥਾਗਤ ਯੋਗਤਾ, ਸੇਵਾਭਾਵਨਾ ਤੇ ਸਮਾਜ ਲਈ ਵਡਮੁੱਲੇ ਯੋਗਦਾਨ ਦੀ ਪ੍ਰਤੀਕ ਹੈ। ਹਰਮੀਤ ਸਿੰਘ ਕਾਲਕਾ ਨੇ ਦੱਸਿਆ ਕਿ ਸਤਪਾਲ ਸਿੰਘ ਮੰਗਾ ਸਦਰ ਬਾਜ਼ਾਰ ਵਪਾਰ ਸੰਘ ਦੇ ਚੇਅਰਮੈਨ, ਗੁਰੂ ਅੰਗਦ ਪਬਲਿਕ ਸਕੂਲ ਦੇ ਪ੍ਰਧਾਨ, ਸਿੱਖ ਵੈਲਫੇਅਰ ਸੋਸਾਇਟੀ ਅਸ਼ੋਕ ਵਿਹਾਰ ਦੀ ਪ੍ਰਮੁੱਖ ਸ਼ਖ਼ਸੀਅਤ ਅਤੇ ਗੁਰਦੁਆਰਾ ਸਿੰਘ ਸਭਾ ਦੇ ਸੈਕਟਰੀ ਵਜੋਂ ਲੰਬੇ ਸਮੇਂ ਤੋਂ ਨਿਭਾਈਆਂ ਜਾ ਰਹੀਆਂ ਜ਼ਿੰਮੇਵਾਰੀਆਂ ਰਾਹੀਂ ਸਮਾਜਿਕ, ਧਾਰਮਿਕ ਅਤੇ ਸ਼ਿਖਿਆਕ ਖੇਤਰਾਂ ਵਿੱਚ ਅਹਿਮ ਯੋਗਦਾਨ ਪਾਉਂਦੇ ਆ ਰਹੇ ਹਨ।

ਇਸਦੇ ਨਾਲ ਹੀ ਹਰਮੀਤ ਸਿੰਘ ਕਾਲਕਾ ਨੇ ਐਲਾਨ ਕੀਤਾ ਕਿ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਵੀ ਸਤਪਾਲ ਸਿੰਘ ਮੰਗਾ ਨੂੰ ਇੱਕ ਹੋਰ ਮਹੱਤਵਪੂਰਨ ਜ਼ਿੰਮੇਵਾਰੀ ਸੌਂਪਦਿਆਂ ਉਨ੍ਹਾਂ ਨੂੰ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਗੋਲਕ ਕਮੇਟੀ ਦਾ ਸੀਨੀਅਰ ਵਾਈਸ ਚੇਅਰਮੈਨ ਨਿਯੁਕਤ ਕੀਤਾ ਗਿਆ ਹੈ। ਇਹ ਜ਼ਿੰਮੇਵਾਰੀ ਕਮੇਟੀ ਦੇ ਆਰਥਿਕ ਤੇ ਪ੍ਰਬੰਧਕੀ ਕਾਰਜਾਂ ਵਿੱਚ ਉਨ੍ਹਾਂ ਦੀ ਸਮਰਪਿਤ ਭੂਮਿਕਾ ਨੂੰ ਹੋਰ ਮਜ਼ਬੂਤੀ ਦੇਵੇਗੀ।

ਲਾਲ ਚੰਦ ਕਟਾਰੂਚੱਕ ਨੇ ਭਗਤਾਂਵਾਲਾ ਦਾਣਾ ਮੰਡੀ ਵਿੱਚ ਕਣਕ ਦੀ ਚੱਲ ਰਹੀ ਖ਼ਰੀਦ ਦਾ ਜਾਇਜ਼ਾ ਲਿਆ

ਚੰਡੀਗੜ੍ਹ/ਅੰਮ੍ਰਿਤਸਰ, 22 ਅਪ੍ਰੈਲ (ਚ.ਨ.ਸ.): ਪੰਜਾਬ ਦੇ ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲਿਆਂ ਬਾਰੇ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਅੱਜ ਅੰਮ੍ਰਿਤਸਰ ਦੀ ਭਗਤਾਂਵਾਲਾ ਦਾਣਾ ਮੰਡੀ ਵਿੱਚ ਕਣਕ ਦੀ ਚੱਲ ਰਹੀ ਖ਼ਰੀਦ ਦਾ ਜਾਇਜ਼ਾ ਲਿਆ। ਆਪਣੇ ਦੌਰੇ ਦੌਰਾਨ ਉਨ੍ਹਾਂ ਨੇ ਕਿਸਾਨਾਂ, ਆੜ੍ਹਤੀਆਂ ਅਤੇ ਮਜ਼ਦੂਰਾਂ ਨਾਲ ਗੱਲਬਾਤ ਕਰਕੇ ਮੰਡੀ ਵਿੱਚ ਚੱਲ ਰਹੀ ਕਣਕ ਦੀ ਖ਼ਰੀਦ ਬਾਰੇ ਜਾਣਕਾਰੀ ਹਾਸਲ ਕੀਤੀ। ਇਸ ਮੌਕੇ ਉਨ੍ਹਾਂ ਨਾਲ ਵਿਧਾਨ ਸਭਾ ਹਲਕਾ ਅੰਮ੍ਰਿਤਸਰ ਦੱਖਣੀ ਦੇ ਵਿਧਾਇਕ ਡਾ. ਇੰਦਰਬੀਰ ਸਿੰਘ ਨਿੱਜਰ, ਅੰਮ੍ਰਿਤਸਰ ਕੇਂਦਰੀ ਦੇ ਵਿਧਾਇਕ ਡਾ. ਅਜੇ ਗੁਪਤਾ, ਪਨਸਪ ਦੇ ਚੇਅਰਮੈਨ ਪ੍ਰਭਬੀਰ ਸਿੰਘ ਬਰਾੜ, ਵਧੀਕ ਡਿਪਟੀ ਕਮਿਸ਼ਨਰ ਜਨਰਲ ਰੋਹਿਤ ਗੁਪਤਾ, ਐੱਸ. ਡੀ.ਐੱਮ.-1 ਅਲਕਾ ਕਾਲੀਆ, ਚੇਅਰਮੈਨ ਮਾਰਕਿਟ ਕਮੇਟੀ ਅੰਮ੍ਰਿਤਸਰ ਬਲਜੀਤ ਸਿੰਘ, ਜ਼ਿਲ

ਸੰਪਾਦਕੀ

ਊਰਜਾ ਸੰਕਟ

ਈਰਾਨ 'ਤੇ ਅਮਰੀਕਾ-ਇਜ਼ਰਾਈਲ ਦੇ ਸਾਂਝੇ ਹਮਲੇ ਤੋਂ ਬਾਅਦ, ਲਗਭਗ ਇੱਕ ਪੰਦਰਵਾੜੇ ਪਹਿਲਾਂ ਬਹੁਤ ਮੁਸ਼ਕਲ ਨਾਲ ਦੋ ਹਫ਼ਤਿਆਂ ਦੀ ਜੰਗਬੰਦੀ 'ਤੇ ਸਹਿਮਤੀ ਬਣੀ ਸੀ। ਦੋਵਾਂ ਧਿਰਾਂ ਵਿਚਕਾਰ ਗੱਲਬਾਤ ਮੁੜ ਸ਼ੁਰੂ ਹੋਣ ਨਾਲ ਉਮੀਦਾਂ ਵਧੀਆਂ ਕਿ ਉਹ ਯੁੱਧ ਦੇ ਪੂਰੀ ਤਰ੍ਹਾਂ ਅੰਤ ਲਈ ਸਹਿਮਤ ਹੋਣਗੇ। ਹਾਲਾਂਕਿ, ਜਿਵੇਂ ਕਿ ਅੱਜ ਸਥਿਤੀ ਸਾਹਮਣੇ ਆ ਰਹੀ ਹੈ, ਜੰਗਬੰਦੀ ਦੀ ਮਿਆਦ ਖਤਮ ਹੋਣ ਤੋਂ ਬਾਅਦ ਵੀ, ਈਰਾਨ ਅਤੇ ਅਮਰੀਕਾ ਦੇ ਰਵੱਈਏ ਨੇ ਹੱਲ ਦੀ ਸੰਭਾਵਨਾ ਲਈ ਇੱਕ ਮਹੱਤਵਪੂਰਨ ਚੁਣੌਤੀ ਪੇਸ਼ ਕੀਤੀ ਹੈ। ਦੂਜੇ ਪਾਸੇ, ਇਸ ਯੁੱਧ ਦੇ ਨਤੀਜੇ ਵਜੋਂ ਵਧਦੀਆਂ ਭਿਆਨਕ ਅਤੇ ਗੁੰਝਲਦਾਰ ਸਥਿਤੀਆਂ ਦੇ ਵਿਚਕਾਰ ਅਮਰੀਕਾ, ਇਜ਼ਰਾਈਲ ਅਤੇ ਈਰਾਨ ਵਿਚਕਾਰ ਚੱਲ ਰਹੀ ਜੰਗ ਦੇ ਨਤੀਜੇ ਬਾਰੇ ਸਵਾਲ ਉੱਠੇ ਹਨ ਅਤੇ ਦੁਨੀਆ ਕਿੰਨੀ ਦੇਰ ਤੱਕ ਇਸਦੇ ਨਤੀਜੇ ਭੁਗਤਦੀ ਰਹੇਗੀ। ਹੋਰਮੁਜ਼ ਜਲਡਮਰੂ ਦੀ ਨਾਕਾਬੰਦੀ ਤੋਂ ਬਾਅਦ ਕਈ ਦੇਸ਼ਾਂ ਵਿੱਚ ਪੈਦਾ ਹੋਏ ਕੁਦਰਤੀ ਗੈਸ ਅਤੇ ਤੇਲ ਸੰਕਟ ਨੂੰ ਦੇਖਦੇ ਹੋਏ, ਇਹ ਮੰਗ ਕਰਨਾ ਸੁਭਾਵਿਕ ਹੈ ਕਿ ਅਮਰੀਕਾ ਅਤੇ ਈਰਾਨ ਦੇ ਰੁਖ਼ ਦੀ ਪਰਵਾਹ ਕੀਤੇ ਬਿਨਾਂ, ਉਨ੍ਹਾਂ ਨੂੰ ਵਿਸ਼ਵਵਿਆਪੀ ਹਿੱਤ ਵਿੱਚ ਆਪਣੇ ਰੁਖ਼ ਨੂੰ ਮੱਧਮ ਕਰਨਾ ਚਾਹੀਦਾ ਹੈ ਅਤੇ ਕਿਸੇ ਵੀ ਜ਼ਰੂਰੀ ਤਰੀਕੇ ਨਾਲ ਯੁੱਧ ਨੂੰ ਖਤਮ ਕਰਨਾ ਚਾਹੀਦਾ ਹੈ। ਇਹ ਕੋਈ ਭੇਤ ਨਹੀਂ ਹੈ ਕਿ ਜਦੋਂ ਤੋਂ ਈਰਾਨ ਨੇ ਇਜ਼ਰਾਈਲੀ ਅਤੇ ਅਮਰੀਕੀ ਹਮਲਿਆਂ ਦੇ ਜਵਾਬ ਵਿੱਚ ਹੋਰਮੁਜ਼ ਜਲਡਮਰੂ ਨੂੰ ਰੋਕਿਆ ਹੈ, ਭਾਰਤ ਸਮੇਤ ਦੁਨੀਆ ਦੇ ਕਈ ਦੇਸ਼ਾਂ ਨੂੰ ਕੁਦਰਤੀ ਗੈਸ ਅਤੇ ਤੇਲ ਦੀ ਸਪਲਾਈ 'ਚ ਬੁਰੀ ਤਰ੍ਹਾਂ ਵਿਘਨ ਪਿਆ ਹੈ, ਜਿਸ ਨਾਲ ਜਨਜੀਵਨ 'ਚ ਬੁਰੀ ਤਰ੍ਹਾਂ ਵਿਘਨ ਪਿਆ ਹੈ। ਇਹ ਦੇਸ਼, ਭਾਵੇਂ ਯੁੱਧ ਵਿੱਚ ਸ਼ਾਮਲ ਨਹੀਂ ਹਨ, ਇਸਦੇ ਪ੍ਰਭਾਵ ਭੁਗਤ ਰਹੇ ਹਨ। ਦਰਅਸਲ, ਹੋਰਮੁਜ਼ ਜਲਡਮਰੂ ਦੁਨੀਆ ਦੀ 20 ਪ੍ਰਤੀਸ਼ਤ ਤੋਂ ਵੱਧ ਊਰਜਾ ਵੱਖ-ਵੱਖ ਦੇਸ਼ਾਂ ਨੂੰ ਸਪਲਾਈ ਕਰਦਾ ਹੈ। ਹਾਲਾਂਕਿ, ਜਦੋਂ ਤੋਂ ਇਹ ਰਸਤਾ ਬੰਦ ਕੀਤਾ ਗਿਆ ਸੀ, ਲਗਭਗ ਸਾਰੇ ਪ੍ਰਭਾਵਿਤ ਦੇਸ਼ਾਂ ਦੇ ਲੋਕ ਨਾ ਸਿਰਫ ਰਸੋਈ ਗੈਸ ਅਤੇ ਪੈਟਰੋਲ ਅਤੇ ਡੀਜ਼ਲ ਦੀ ਕਮੀ ਦਾ ਸਾਹਮਣਾ ਕਰ ਰਹੇ ਹਨ, ਸਗੋਂ ਸਾਰੀਆਂ ਰੋਜ਼ਾਨਾ ਜ਼ਰੂਰਤਾਂ ਦੀਆਂ ਉੱਚੀਆਂ ਕੀਮਤਾਂ ਦਾ ਵੀ ਸਾਹਮਣਾ ਕਰ ਰਹੇ ਹਨ। ਇਸ ਦੌਰਾਨ, ਪਾਕਿਸਤਾਨੀ ਵਿਚੋਲਗੀ ਹੇਠ ਇਸਲਾਮਾਬਾਦ ਵਿੱਚ ਅਮਰੀਕਾ ਅਤੇ ਈਰਾਨ ਵਿਚਕਾਰ ਗੱਲਬਾਤ ਹੋਈ, ਪਰ ਉਹ ਅੰਤ ਵਿੱਚ ਅਸਫਲ ਰਹੀਆਂ। ਹੁਣ, ਵਿਸ਼ਵਵਿਆਪੀ ਉਮੀਦ ਹੈ ਕਿ ਅਮਰੀਕਾ ਅਤੇ ਈਰਾਨ ਵਿਚਕਾਰ ਜੰਗ ਨੂੰ ਖਤਮ ਕਰਨ ਲਈ ਗੱਲਬਾਤ ਦੁਬਾਰਾ ਸ਼ੁਰੂ ਹੋਵੇਗੀ। ਦੁੱਖ ਦੀ ਗੱਲ ਹੈ ਕਿ ਇੱਕ ਪਾਸੇ, ਅਮਰੀਕੀ ਜਲ ਸੈਨਾ ਦੁਆਰਾ ਈਰਾਨੀ ਜਹਾਜ਼ਾਂ ਨੂੰ ਜ਼ਬਤ ਕਰਨ ਤੋਂ ਲੈ ਕੇ ਜੰਗਬੰਦੀ ਖਤਮ ਹੋਣ ਤੋਂ ਬਾਅਦ ਟਰੰਪ ਦੁਆਰਾ ਈਰਾਨ 'ਤੇ ਬੰਬ ਸੁੱਟਣ ਦੀ ਧਮਕੀ ਤੱਕ ਦੀਆਂ ਘਟਨਾਵਾਂ ਹੋ ਰਹੀਆਂ ਹਨ। ਦੂਜੇ ਪਾਸੇ, ਈਰਾਨ ਨੇ ਗੱਲਬਾਤ ਦੇ ਅਗਲੇ ਦੌਰ ਵਿੱਚ ਹਿੱਸਾ ਲੈਣ ਦੀ ਆਪਣੀ ਇੱਛਾ ਪ੍ਰਗਟ ਕੀਤੀ ਹੈ, ਅਮਰੀਕੀ ਕਾਰਵਾਈਆਂ ਨੂੰ ਜੰਗਬੰਦੀ ਦੀ ਉਲੰਘਣਾ ਦੱਸਿਆ ਹੈ। ਸਵਾਲ ਇਹ ਹੈ ਕਿ ਜੰਗਬੰਦੀ 'ਤੇ ਸਹਿਮਤ ਹੋਣ ਦੇ ਬਾਵਜੂਦ, ਅਮਰੀਕਾ ਅਜਿਹੇ ਹਮਲਾਵਰ ਬਿਆਨ ਕਿਉਂ ਜਾਰੀ ਕਰ ਰਿਹਾ ਹੈ ਅਤੇ ਉਹ ਕੂਟਨੀਤਕ ਗੱਲਬਾਤ ਨੂੰ ਅੱਗੇ ਵਧਾਉਣ ਵਿੱਚ ਗੰਭੀਰਤਾ ਕਿਉਂ ਨਹੀਂ ਦਿਖਾ ਰਿਹਾ ਹੈ। ਇਸ ਹਮਲਾਵਰ ਰੁਖ਼ ਦਾ ਨਤੀਜਾ ਇਹ ਹੈ ਕਿ ਐਤਵਾਰ ਨੂੰ ਵੀ ਅੰਤਰਰਾਸ਼ਟਰੀ ਕੱਚੇ ਤੇਲ ਦੀਆਂ ਕੀਮਤਾਂ ਵਿੱਚ ਤੇਜ਼ੀ ਨਾਲ ਵਾਧਾ ਹੋਇਆ ਹੈ। ਇਸ ਤੋਂ ਇਲਾਵਾ, ਈਰਾਨ ਅਤੇ ਖਾੜੀ ਦੇਸ਼ਾਂ ਵਿੱਚ ਤੇਲ ਸਥਾਪਨਾਵਾਂ 'ਤੇ ਹੋਏ ਹਮਲਿਆਂ ਦਾ ਪੈਮਾਨਾ ਵਿਸ਼ਵ ਪੱਧਰ 'ਤੇ ਤੇਲ ਦੀਆਂ ਕੀਮਤਾਂ ਨੂੰ ਪ੍ਰਭਾਵਿਤ ਕਰਨਾ ਲਾਜ਼ਮੀ ਹੈ। ਹੋਰ ਵੀ ਦੁਖਦਾਈ ਗੱਲ ਇਹ ਹੈ ਕਿ ਇਸ ਸਭ ਦਾ ਵਿਸ਼ਵ ਅਰਥਵਿਵਸਥਾ 'ਤੇ ਲੰਬੇ ਸਮੇਂ ਦਾ ਪ੍ਰਭਾਵ ਪਵੇਗਾ, ਜਿਸ ਤੋਂ ਉਭਰਨਾ ਸਾਰੇ ਦੇਸ਼ਾਂ ਲਈ ਚੁਣੌਤੀਪੂਰਨ ਸਾਬਤ ਹੋ ਸਕਦਾ ਹੈ। ਇੱਕ ਤਰ੍ਹਾਂ ਨਾਲ, ਸਪੱਸ਼ਟ ਅਤੇ ਦੂਰਗਾਮੀ ਮਾੜੇ ਪ੍ਰਭਾਵਾਂ ਦੇ ਬਾਵਜੂਦ ਜੰਗ ਦੀ ਸਥਿਤੀ ਬਣਾਈ ਰੱਖਣ ਨੂੰ ਕੀ ਜਾਇਜ਼ ਠਹਿਰਾਉਂਦਾ ਹੈ? ਅਮਰੀਕਾ ਅਤੇ ਈਰਾਨ ਦੋਵਾਂ ਨੇ ਸੰਕੇਤ ਦਿੱਤਾ ਹੈ ਕਿ ਉਹ ਪਾਕਿਸਤਾਨ ਵਿੱਚ ਸ਼ਾਂਤੀ ਵਾਰਤਾ ਦੇ ਦੂਜੇ ਦੌਰ ਵਿੱਚ ਸ਼ਾਮਲ ਹੋ ਸਕਦੇ ਹਨ। ਇਹ ਉਦੋਂ ਆਇਆ ਹੈ ਜਦੋਂ ਦੋਵੇਂ ਦੇਸ਼ ਜਨਤਕ ਤੌਰ 'ਤੇ ਇੱਕ ਦੂਜੇ ਨੂੰ ਸਖ਼ਤ ਚੇਤਾਵਨੀਆਂ ਜਾਰੀ ਕਰ ਰਹੇ ਹਨ ਅਤੇ ਅਧਿਕਾਰੀਆਂ ਨੇ ਕਿਹਾ ਕਿ ਦੋ ਹਫ਼ਤਿਆਂ ਦੀ ਜੰਗਬੰਦੀ ਖਤਮ ਹੋਣ ਵਾਲੀ ਹੈ। ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਸੀਐਨਬੀਸੀ ਨੂੰ ਦੱਸਿਆ ਕਿ ਉਹ ਜੰਗਬੰਦੀ ਨੂੰ ਵਧਾਉਣ ਦੇ ਹੱਕ ਵਿੱਚ ਨਹੀਂ ਹਨ, ਜਿਸ ਤੋਂ ਇਹ ਸੰਕੇਤ ਮਿਲਦਾ ਹੈ ਕਿ ਚੱਲ ਰਹੀ ਗੱਲਬਾਤ 'ਤੇ ਦਬਾਅ ਵਧ ਸਕਦਾ ਹੈ।

-ਜਗਜੀਤ ਸਿੰਘ ਦਰਦੀ

ਹੁਣ ਪੰਜਾਬ ਦਾ ਵਾਰਸ ਕੌਣ?

ਨਵੇਂ ਪੰਜਾਬ ਦੇ ਭਵਿੱਖ ਬਾਰੇ ਹੁਣ ਸੋਚਣ ਤੇ ਜਾਗਣ ਦਾ ਵੇਲਾ

ਪ੍ਰੋ. ਡਾ. ਕ੍ਰਿਸ਼ਨ ਕੁਮਾਰ ਰੱਤੂ
ਮੋ: 9478730156
ਉਘੇ ਲੇਖਕ ਤੇ ਮੀਡੀਆ ਵਿਸ਼ਲੇਸ਼ਕ

ਅੱਜ ਇਸ ਪੰਜਾਬ ਦਾ ਭਵਿੱਖ ਵਿੱਚ ਕੌਣ ਵਾਰਿਸ ਹੋਵੇਗਾ। ਅੱਜ ਰਾਜਨੀਤੀ, ਕਰਜ਼ਾ, ਭ੍ਰਿਸ਼ਟਾਚਾਰ ਅਤੇ ਯੁਵਕਾਂ ਦੀਆਂ ਉਮੀਦਾਂ ਵਿਚਕਾਰ ਇੱਕ ਨਵਾਂ ਭਵਿੱਖ ਪੰਜਾਬ, ਇੱਕ ਵਾਰ ਗ੍ਰੀਨ ਰੈਵੋਲਿਊਸ਼ਨ ਦਾ ਗੌਰਵ, ਖੇਤੀ ਦਾ ਅੰਨ-ਭੰਡਾਰ ਅਤੇ ਯੁਵਕਾਂ ਦੀ ਊਰਜਾ ਵਾਲੀ ਧਰਤੀ, ਅੱਜ ਇੱਕ ਗੰਭੀਰ ਸੰਕਟ ਵਿੱਚ ਘਿਰਿਆ ਹੋਇਆ ਹੈ। ਰਾਜਨੀਤਿਕ ਪਾਰਟੀਆਂ ਵੋਟ ਬੈਂਕ, ਜਾਤੀ-ਧਰਮੀ ਧਰਪੋਕੀ ਅਤੇ ਛੋਟੀਆਂ ਯੋਜਨਾਵਾਂ ਵਿੱਚ ਉਲਝੀਆਂ ਹੋਈਆਂ ਹਨ।

ਅੱਜ ਸਰਕਾਰਾਂ ਚੱਲ ਰਹੀਆਂ ਹਨ, ਪਰ ਸਮਾਜਿਕ ਸੰਦਰਭ ਵਿੱਚ ਉਨ੍ਹਾਂ ਨੇ ਪੰਜਾਬ ਨੂੰ ਕਰਜ਼ੇ ਦੇ ਗਹਿਰੇ ਨਰਕ ਵਿੱਚ ਧੱਕ ਦਿੱਤਾ ਹੈ। 2026 ਵਿੱਚ ਪੰਜਾਬ ਦਾ ਕੁੱਲ ਬਕਾਇਆ ਕਰਜ਼ਾ ਲਗਭਗ 4.17 ਲੱਖ ਕਰੋੜ ਤੋਂ 4.47 ਲੱਖ ਕਰੋੜ ਰੁਪਏ ਤੱਕ ਪਹੁੰਚ ਚੁੱਕਾ ਹੈ। ਇਸ ਵਿੱਚੋਂ ਵੱਡਾ ਹਿੱਸਾ ਬਿਨਾਂ ਉਤਪਾਦਕ ਖਰਚਿਆਂ 'ਤੇ ਚੱਲ ਰਿਹਾ ਹੈ — ਫਰੀਬੀਜ਼, ਸਬਸਿਡੀਆਂ ਅਤੇ ਵਿਆਜ ਭੁਗਤਾਨ ਲਈ। ਫਿਸਕਲ ਡੈਫਿਸਿਟ 4.1 ਤੋਂ 4.2 ਫੀਸਦੀ ਤੱਕ ਹੈ ਅਤੇ ਰੈਵੇਨਿਊ ਡੈਫਿਸਿਟ ਵੀ ਉੱਚਾ ਹੈ। ਇਸ ਨਾਲ ਸੂਬਾ ਆਪਣੀਆਂ ਰੋਜ਼ਾਨਾ ਲੋੜਾਂ ਪੂਰੀਆਂ ਕਰਨ ਲਈ ਵੀ ਲੋਨ ਲੈ ਰਿਹਾ ਹੈ। ਭ੍ਰਿਸ਼ਟਾਚਾਰ ਆਪਣੀਆਂ ਚਰਮ ਸੀਮਾਵਾਂ 'ਤੇ ਹੈ। ਟਰਾਂਸਪੈਰੇਂਸੀ ਇੰਟਰਨੈਸ਼ਨਲ ਦੇ Corruption Perceptions Index 2025 ਵਿੱਚ ਭਾਰਤ 91ਵੀਂ ਰੈਂਕ 'ਤੇ ਹੈ, ਪਰ ਪੰਜਾਬ ਵਿੱਚ ਸਥਾਨਕ ਪੱਧਰ 'ਤੇ ਭ੍ਰਿਸ਼ਟਾਚਾਰ ਦੀਆਂ ਘਟਨਾਵਾਂ ਅਜੇ ਵੀ ਰੋਜ਼ਾਨਾ ਖਬਰਾਂ ਵਿੱਚ ਹਨ। ਠੇਕੇਦਾਰੀ, ਨੌਕਰੀਆਂ ਅਤੇ ਯੋਜਨਾਵਾਂ ਵਿੱਚ ਰਿਸ਼ਵਤਖੋਰੀ ਆਮ ਹੈ।

ਅੱਜ ਇਸ ਨਾਲ ਵਿਕਾਸ ਰੁਕਿਆ ਹੋਇਆ ਹੈ ਅਤੇ ਲੋਕਾਂ ਵਿੱਚ ਸਰਕਾਰੀ ਵਿਵਸਥਾ 'ਤੇ ਵਿਸ਼ਵਾਸ ਘੱਟ ਰਿਹਾ ਹੈ। ਯੁਵਕ ਬੇਰੁਜ਼ਗਾਰ ਹਨ। Periodic Labour Force Survey (ਅਕਤੂਬਰ-ਦਸੰਬਰ 2025) ਅਨੁਸਾਰ ਪੰਜਾਬ ਵਿੱਚ 15-29 ਸਾਲ ਦੇ ਯੁਵਕਾਂ ਵਿੱਚ ਬੇਰੁਜ਼ਗਾਰੀ ਦੀ ਦਰ ਲਗਭਗ 19.3 ਫੀਸਦੀ ਹੈ, ਜੋ ਰਾਸ਼ਟਰੀ ਔਸਤ (14.3 ਫੀਸਦੀ) ਤੋਂ ਬਹੁਤ ਵੱਧ ਹੈ। ਗ੍ਰਾਮੀਣ ਖੇਤਰਾਂ ਵਿੱਚ ਇਹ 22.5 ਫੀਸਦੀ ਤੱਕ ਪਹੁੰਚ ਚੁੱਕੀ ਹੈ। ਗ੍ਰੈਜੂਏਟ ਯੁਵਕਾਂ ਵਿੱਚ ਬੇਰੁਜ਼ਗਾਰੀ 11-20 ਫੀਸਦੀ ਤੱਕ ਹੈ। ਇਸ ਨਾਲ ਯੁਵਕ ਉਦਾਸੀ ਵਿੱਚ ਫਸ ਰਹੇ ਹਨ ਅਤੇ ਨਸ਼ਿਆਂ ਵੱਲ ਰੁਖ ਕਰ ਰਹੇ ਹਨ। ਪੰਜਾਬ ਆਰਥਿਕ ਸਰਵੇਖਣ 2025-26 ਵੀ ਇਸ ਨੂੰ "distress migration" ਦੱਸਦਾ ਹੈ — ਯੁਵਕ ਆਪਣੀ ਉਮੀਦਾਂ ਅਤੇ ਯੋਗਤਾ ਅਨੁਸਾਰ ਨੌਕਰੀ ਨਾ ਮਿਲਣ ਕਾਰਨ ਵਿਦੇਸ਼ ਭੱਜ ਰਹੇ ਹਨ। ਵਿਦੇਸ਼ਾਂ ਦੇ ਦਰਵਾਜ਼ੇ ਵੀ ਬੰਦ ਹੋ ਰਹੇ ਹਨ। ਕੈਨੇਡਾ ਦੇ Bill C-AB ਨੇ ਐਸਾਈਲਮ ਰਾਹ ਲਗਭਗ ਬੰਦ ਕਰ ਦਿੱਤਾ ਹੈ। ਲਗਭਗ 30,000 ਐਸਾਈਲਮ ਕਲੇਮਾਂ ਵਿੱਚੋਂ ਬਹੁਤੀਆਂ ਪੰਜਾਬੀਆਂ ਦੀਆਂ ਹਨ ਅਤੇ ਉਨ੍ਹਾਂ ਵਿੱਚੋਂ 9,000 ਤੋਂ ਵੱਧ ਵਿਦਿਆਰਥੀਆਂ ਤੇ ਡਿਪੋਰਟੇਸ਼ਨ ਦਾ ਖਤਰਾ ਹੈ। ਇਸ ਨਾਲ ਪਰਿਵਾਰਾਂ ਉੱਤੇ ਆਰਥਿਕ ਬੋਝ ਵਧ ਰਿਹਾ ਹੈ ਅਤੇ ਰਿਮਿਟੈਂਸ ਵਿੱਚ ਕਮੀ ਆਉਣ ਵਾਲੀ ਹੈ।

ਅੱਜ ਅਸਲੀ ਪੰਜਾਬ ਦਾ ਵਾਰਸ ਕੌਣ ਹੈ?

ਇਸ ਸਭ ਵਿਚਕਾਰ ਸਵਾਲ ਉੱਠਦਾ ਹੈ — ਅਸਲੀ ਪੰਜਾਬ ਦਾ ਵਾਰਸ ਕੌਣ ਹੈ? ਰਾਜਨੀਤਿਕ ਪਾਰਟੀਆਂ? ਉਹ ਤਾਂ ਵੋਟ ਬੈਂਕ ਅਤੇ ਛੋਟੀਆਂ ਰਾਜਨੀਤੀ ਵਿੱਚ ਉਲਝੀਆਂ ਹੋਈਆਂ ਹਨ। ਐੱਸਏਡੀ, ਭਾਜਪਾ, ਆਪ ਅਤੇ ਕਾਂਗਰਸ — ਸਭ ਆਪਣੀਆਂ ਵੋਟ ਬੈਂਕਾਂ (ਜਾਤੀ, ਧਰਮੀ ਅਤੇ ਖੇਤੀ ਲਾਬੀ) ਨੂੰ ਖੁਸ਼ ਰੱਖਣ ਵਿੱਚ ਲੱਗੀਆਂ ਹਨ। ਉਨ੍ਹਾਂ ਨੇ ਅਸਲੀ ਮੁੱਦਿਆਂ ਨਸ਼ਾ ਮੁਕਤੀ, ਖੇਤੀ ਵਿਭਿੰਨਤਾ, ਉਦਯੋਗਿਕ ਵਿਕਾਸ ਅਤੇ ਯੁਵਕ ਰੁਜ਼ਗਾਰ ਤੋਂ ਭਟਕ ਕੇ ਧਰਪੋਕੀ ਅਤੇ ਵਿਅਕਤੀਗਤ ਹਮਲਿਆਂ ਵਿੱਚ ਉਲਝਾਈ ਰੱਖਿਆ ਹੈ। ਇਸ ਲਈ ਨਵੀਂ ਪੀੜ੍ਹੀ ਨਵੇਂ ਨੌਜਵਾਨਾਂ ਨੂੰ ਪੰਜਾਬ ਦੀ ਵਾਗਡੋਰ ਸੰਭਾਲਣੀ ਪਵੇਗੀ।

ਅੱਜ ਉਹ ਉਹ ਯੁਵਕ ਜੋ ਆਪਣੀ ਧਰਤੀ ਨਾਲ ਪਿਆਰ ਕਰਦੇ ਹਨ, ਪਰ ਰਾਜਨੀਤੀ ਤੋਂ ਵਿਸ਼ਵਾਸ ਗੁਆ ਚੁੱਕੇ ਹਨ। ਉਨ੍ਹਾਂ ਨੂੰ ਰਾਜਨੀਤੀ, ਉਦਯੋਗ ਅਤੇ ਸਮਾਜ ਸੇਵਾ ਵਿੱਚ ਸਰਗਰਮ ਹੋਣਾ ਪਵੇਗਾ। ਉਨ੍ਹਾਂ ਨੂੰ ਧਰਮੀ ਅਤੇ ਜਾਤੀ ਵੰਡ ਤੋਂ ਉੱਪਰ ਉੱਠ ਕੇ ਇੱਕ ਆਮ ਪੰਜਾਬੀ ਨੈਰੇਟਿਵ ਰਚਣਾ ਪਵੇਗਾ , ਜਿੱਥੇ ਨਸ਼ਾ ਮੁਕਤੀ, ਰੁਜ਼ਗਾਰ ਅਤੇ ਆਧੁਨਿਕ ਵਿਕਾਸ ਮੁੱਖ ਹੋਵੇ। ਨਵਾਂ ਪੰਜਾਬ ਰਚਣ ਲਈ ਲੋੜੀਂਦੀਆਂ ਤਬਦੀਲੀਆਂ ਨਵੇਂ ਭਵਿੱਖ ਲਈ ਪੰਜਾਬ ਨੂੰ ਇੱਕ ਨਵਾਂ ਨੈਰੇਟਿਵ ਚਾਹੀਦਾ ਹੈ। ਇਸ ਵਿੱਚ ਖੇਤੀ ਨੂੰ ਆਧੁਨਿਕ ਬਣਾਉਣਾ ਪਵੇਗਾ— ਫਲ-ਸਬਜ਼ੀਆਂ, ਆਰਗੈਨਿਕ ਖੇਤੀ, ਐਗਰੋ-ਪ੍ਰੋਸੈਸਿੰਗ ਅਤੇ ਐਕਸਪੋਰਟ ਉੱਤੇ ਧਿਆਨ। ਛੋਟੀਆਂ ਜ਼ਮੀਨਾਂ ਵਾਲੇ ਕਿਸਾਨਾਂ ਲਈ ਆਈਟੀ ਅਤੇ ਫੂਡ ਪ੍ਰੋਸੈਸਿੰਗ ਵਰਗੀਆਂ ਵਿਭਿੰਨਤਾਵਾਂ ਲਿਆਉਣੀਆਂ ਚਾਹੀਦੀਆਂ ਹਨ। ਉਦਯੋਗਿਕ ਵਿਕਾਸ ਲਈ ਸਥਿਰਤਾ ਅਤੇ ਆਪਣੀਆਂ ਨੀਤੀਆਂ ਵਿੱਚ ਭਰੋਸਾ ਪੈਦਾ ਕਰਨਾ ਪਵੇਗਾ। ਯੁਵਕਾਂ ਲਈ ਸਕਿੱਲ ਡਿਵੈਲਪਮੈਂਟ ਪ੍ਰੋਗਰਾਮ ਚਲਾਉਣੇ ਚਾਹੀਦੇ ਹਨ ਤਾਂ ਜੋ ਉਨ੍ਹਾਂ ਨੂੰ ਆਪਣੀ ਧਰਤੀ 'ਤੇ ਹੀ ਰੁਜ਼ਗਾਰ ਮਿਲ ਸਕੇ।

ਅੱਜ ਨਸ਼ਾ ਮੁਕਤੀ ਲਈ ਡਾਟਾ-ਆਧਾਰਿਤ ਰਣਨੀਤੀ ਬਣਾਉਣੀ ਪਵੇਗੀ — ਰੋਕਥਾਮ, ਇਲਾਜ ਅਤੇ ਰਿਹੈਬਿਲੀਟੇਸ਼ਨ ਤਿੰਨੋਂ ਪੱਧਰਾਂ 'ਤੇ ਕੰਮ ਕਰਨਾ ਚਾਹੀਦਾ ਹੈ। ਸਿੱਖਿਆ ਨੂੰ ਸਕਿੱਲ-ਆਧਾਰਿਤ ਬਣਾਉਣਾ ਅਤੇ ਮਾਨਸਿਕ ਸਿਹਤ ਸੇਵਾਵਾਂ ਵਧਾਉਣੀਆਂ ਲਾਜ਼ਮੀ ਹਨ। ਰਾਜਨੀਤੀ ਵਿੱਚ ਯੁਵਕਾਂ ਨੂੰ ਭਾਗ ਲੈਣ ਲਈ ਉਤਸ਼ਾਹਿਤ ਕਰਨਾ ਚਾਹੀਦਾ ਹੈ ਤਾਂ ਜੋ ਉਹ ਆਪਣੇ ਭਵਿੱਖ ਲਈ ਲੜ ਸਕਣ। ਇਸ ਲਈ ਧਰਮੀ ਅਤੇ ਜਾਤੀ ਵੰਡ ਤੋਂ ਉੱਪਰ ਉੱਠ ਕੇ ਏਕਤਾ ਬਣਾਉਣੀ ਪਵੇਗੀ। ਅੱਜ ਨਵਾਂ ਪੰਜਾਬ ਇੱਕ ਸੰਭਾਵਨਾ ਅਤੇ ਚੁਣੌਤੀ ਪੰਜਾਬ ਵਿੱਚ ਇੱਕ ਨਵਾਂ ਪੰਜਾਬ ਬਣਾਉਣ ਦੀਆਂ ਸੰਭਾਵਨਾਵਾਂ ਅਜੇ ਵੀ ਹਨ। ਇਸ ਦੀ ਭੂਗੋਲਿਕ ਸਥਿਤੀ, ਖੇਤੀ ਵਿਰਾਸਤ, ਯੁਵਕਾਂ ਦੀ ਊਰਜਾ ਅਤੇ ਗੁਰੂਆਂ ਦੀ ਸਿੱਖਿਆ ਇੱਕ ਮਜ਼ਬੂਤ ਆਧਾਰ ਹਨ। ਜੇਕਰ ਨਵੀਂ ਪੀੜ੍ਹੀ ਆਪਣੀ ਜ਼ਿੰਮੇਵਾਰੀ ਨਿਭਾਉਂਦੀ ਹੈ ਅਤੇ ਰਾਜਨੀਤਿਕ ਤਾਕਤਾਂ ਵੀ ਉਸ ਨਾਲ ਚੱਲਦੀਆਂ ਹਨ ਤਾਂ ਪੰਜਾਬ ਇੱਕ ਵਾਰ ਫਿਰ ਉਸ ਗਰਵ ਵਾਲੀ ਧਰਤੀ ਬਣ ਸਕਦਾ ਹੈ, ਜਿੱਥੇ ਯੁਵਕ ਆਪਣਾ ਭਵਿੱਖ ਲੱਭ ਸਕਣ ਅਤੇ ਸੂਬਾ ਖੁਸ਼ਹਾਲ ਬਣ ਸਕੇ। ਪਰ ਇਸ ਲਈ ਖੋਖਲੀਆਂ ਗੱਲਾਂ ਛੱਡ ਕੇ ਅਸਲ ਕਾਰਜ ਕਰਨਾ ਪਵੇਗਾ।

ਅੱਜ ਰਾਜਨੀਤੀ ਤੋਂ ਉੱਪਰ ਉੱਠ ਕੇ ਸੋਚਣਾ ਪਵੇਗਾ। ਯੁਵਕਾਂ ਨੂੰ ਆਪਣੇ ਭਵਿੱਖ ਲਈ ਲੜਨਾ ਪਵੇਗਾ। ਸਮਾਜ ਨੂੰ ਆਪਣੀਆਂ ਧਰਮੀ ਅਤੇ ਜਾਤੀ ਵੰਡਾਂ ਤੋਂ ਉੱਪਰ ਉੱਠ ਕੇ ਏਕਤਾ ਵੱਲ ਵਧਣਾ ਪਵੇਗਾ। ਅਸਲੀ ਵਾਰਸ ਉਹ ਯੁਵਕ ਹੈ ਜੋ ਆਪਣੀ ਧਰਤੀ ਨਾਲ ਪਿਆਰ ਕਰਦਾ ਹੈ ਅਤੇ ਉਸ ਨੂੰ ਬਦਲਣ ਲਈ ਤਿਆਰ ਹੈ। ਉਸ ਨੂੰ ਵਾਗਡੋਰ ਸੰਭਾਲਣੀ ਪਵੇਗੀ — ਰਾਜਨੀਤੀ ਵਿੱਚ ਨਵੀਂ ਸੋਚ ਲੈ ਕੇ ਆਉਣੀ ਪਵੇਗੀ, ਉਦਯੋਗ ਵਿੱਚ ਉੱਦਮੀ ਬਣਨਾ ਪਵੇਗਾ ਅਤੇ ਸਮਾਜ ਵਿੱਚ ਏਕਤਾ ਰਚਣੀ ਪਵੇਗੀ। ਪੰਜਾਬ ਇੱਕ ਵਾਰ ਫਿਰ ਉਸ ਗਰਵ ਵਾਲੀ ਧਰਤੀ ਬਣ ਸਕਦਾ ਹੈ, ਜਿਸ ਦੀ ਕਲਪਨਾ ਅਸੀਂ ਨਵੀਂ ਸਦੀ ਵਿੱਚ ਕੀਤੀ ਸੀ। ਬਸ ਇਸ ਲਈ ਖੋਖਲੀਆਂ ਗੱਲਾਂ ਛੱਡ ਕੇ ਅਸਲ ਕਾਰਜ ਕਰਨਾ ਪਵੇਗਾ। ਅੱਜ ਉਹ ਪੰਜਾਬ ਜੋ ਰੁਲ ਗਿਆ ਹੈ, ਉਸ ਨੂੰ ਬਚਾਉਣ ਅਤੇ ਉਸ ਨੂੰ ਨਵੀਂ ਊਰਜਾ ਦੇਣ ਦਾ ਸਮਾਂ ਆ ਗਿਆ ਹੈ। ਨਵੀਂ ਪੀੜ੍ਹੀ ਉੱਠੇ, ਨਵਾਂ ਨੈਰੇਟਿਵ ਰਚੇ ਅਤੇ ਪੰਜਾਬ ਨੂੰ ਉਸ ਦੀ ਅਸਲੀ ਤਾਕਤ ਵੱਲ ਵਾਪਸ ਲਿਆਵੇ।

ਇਹ ਤਬਦੀਲੀ ਆਪਣੇ ਆਪ ਨਹੀਂ ਆਵੇਗੀ—ਇਸ ਲਈ ਹਰ ਇੱਕ ਨਾਗਰਿਕ, ਰਾਜਨੀਤਕ ਅਤੇ ਸਮਾਜਿਕ ਤਾਕਤ ਨੂੰ ਆਪਣੀ ਜ਼ਿੰਮੇਵਾਰੀ ਨਿਭਾਉਣੀ ਪਵੇਗੀ।

ਰੇਲ ਪਟੜੀਆਂ

ਖੇਡ ਐਸੋਸੀਏਸ਼ਨਾਂ ਨੇ ਖੇਡ ਵਿਭਾਗ ਦੇ ਕੰਮ ਦੀ ਕੀਤੀ ਸ਼ਲਾਘਾ, ਖੇਡ ਸਲਾਹਕਾਰ ਕੌਂਸਲ ਦੀ ਮੀਟਿੰਗ

ਚੰਡੀਗੜ੍ਹ, 22 ਅਪ੍ਰੈਲ (ਚ.ਨ.ਸ.) : ਪ੍ਰਸ਼ਾਸਕ ਦੀ ਖੇਡ ਸਲਾਹਕਾਰ ਕੌਂਸਲ ਦੀ ਸਥਾਈ ਕਮੇਟੀ ਦੀ 14ਵੀਂ ਅੰਦਰੂਨੀ ਮੀਟਿੰਗ ਅੱਜ, 22 ਅਪ੍ਰੈਲ, 2026 ਨੂੰ ਸੈਕਟਰ 42 ਦੇ ਸਪੋਰਟਸ ਕੰਪਲੈਕਸ ਦੇ ਕਾਨਫਰੰਸ ਰੂਮ ਵਿੱਚ ਸ਼੍ਰੀ ਸੰਜੇ ਟੰਡਨ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਵਿੱਚ ਸ਼੍ਰੀ

ਸੌਰਭ ਕੁਮਾਰ ਅਰੋੜਾ, ਪੀ.ਸੀ.ਐਸ., ਸ਼੍ਰੀ ਸ਼ਿਵ ਸਿੰਘ (ਬਾਕਸਿੰਗ ਕੋਚ), ਅਤੇ ਚੰਡੀਗੜ੍ਹ ਦੇ 18 ਵੱਖ-ਵੱਖ ਖੇਡ ਐਸੋਸੀਏਸ਼ਨਾਂ ਦੇ ਪ੍ਰਤੀਨਿਧੀਆਂ ਨੇ ਸ਼ਿਰਕਤ ਕੀਤੀ - ਜਿਨ੍ਹਾਂ ਵਿੱਚ ਕ੍ਰਿਕਟ, ਵਾਲੀਬਾਲ, ਟੇਬਲ ਟੈਨਿਸ, ਬਾਸਕਟਬਾਲ, ਮੁੱਕੇਬਾਜ਼ੀ, ਵੇਟਲਿਫਟਿੰਗ ਆਦਿ ਸ਼ਾਮਲ ਹਨ। ਮੀਟਿੰਗ ਦੌਰਾਨ, ਖੇਡ ਡਾਇਰੈਕਟਰ, ਸ਼੍ਰੀ ਸੌਰਭ ਕੁਮਾਰ ਅਰੋੜਾ, ਪੀ.ਸੀ.ਐਸ. ਨੇ ਵਿਭਾਗ ਦੀਆਂ ਮੁੱਖ ਪਹਿਲਕਦਮੀਆਂ ਅਤੇ ਪ੍ਰਾਪਤੀਆਂ ਬਾਰੇ ਵਿਸਤ੍ਰਿਤ ਪੇਸ਼ਕਾਰੀ ਦਿੱਤੀ। ਉਨ੍ਹਾਂ ਦੱਸਿਆ ਕਿ ਵਿਭਾਗ ਨੇ ਬਕਾਇਆ ਨਕਦ ਪੁਰਸਕਾਰ ਅਤੇ ਖੇਡ ਸਕਾਲਰਸ਼ਿਪਾਂ ਨੂੰ ਸਫਲਤਾਪੂਰਵਕ ਵੰਡਿਆ ਹੈ। ਸਾਲ 2023-24 ਲਈ ਲਗਭਗ ?20 ਕਰੋੜ ਅਤੇ ਸਾਲ 2024-25 ਲਈ ?2.5 ਕਰੋੜ ਯੋਗ ਐਥਲੀਟਾਂ ਨੂੰ ਵੰਡੇ ਗਏ ਹਨ। ਇਸ ਮੌਕੇ, ਸ਼੍ਰੀ ਸੰਜੇ ਟੰਡਨ ਨੇ ਸੁਝਾਅ ਦਿੱਤਾ ਕਿ ਖੇਡ ਕੈਲੰਡਰ ਸਾਲ ਖਤਮ ਹੁੰਦੇ ਹੀ ਐਥਲੀਟਾਂ ਨੂੰ ਨਕਦ ਪੁਰਸਕਾਰ ਅਤੇ ਸਕਾਲਰਸ਼ਿਪ ਪ੍ਰਦਾਨ ਕਰਨ ਲਈ ਯਤਨ ਕੀਤੇ ਜਾਣੇ ਚਾਹੀਦੇ ਹਨ, ਤਾਂ ਜੋ ਉਹ ਸਮੇਂ ਸਿਰ ਇਨ੍ਹਾਂ ਲਾਭਾਂ ਦਾ ਲਾਭ ਉਠਾ ਸਕਣ। ਸਾਰੇ ਖੇਡ ਸੰਘਾਂ ਨਾਲ ਲਾਭਪਾਤਰੀਆਂ ਦੀ ਇੱਕ ਖੇਡ-ਵਾਰ ਸੂਚੀ ਵੀ ਸਾਂਝੀ ਕੀਤੀ ਗਈ, ਅਤੇ ਐਥਲੀਟਾਂ ਨੂੰ ਇਸ ਵਿੱਤੀ ਸਹਾਇਤਾ ਦੀ ਉਤਪਾਦਕ ਵਰਤੋਂ ਕਰਨ ਲਈ ਉਤਸ਼ਾਹਿਤ ਕੀਤਾ ਗਿਆ। ਖੇਡ ਨਿਰਦੇਸ਼ਕ ਨੇ ਪਿਛਲੇ ਵਿੱਤੀ ਸਾਲ ਦੌਰਾਨ ਪੂਰੇ ਹੋਏ ਬੁਨਿਆਦੀ ਢਾਂਚੇ ਦੇ ਵਿਕਾਸ ਕਾਰਜਾਂ ਦਾ ਵੀ ਵੇਰਵਾ ਦਿੱਤਾ, ਜਿਸ ਵਿੱਚ ਅੰਤਰਰਾਸ਼ਟਰੀ ਪੱਧਰ ਦੇ ਸਨੂਕਰ ਅਤੇ ਬਿਲੀਅਰਡ ਹਾਲ, ਸੈਕਟਰ 8 ਅਤੇ ਸੈਕਟਰ 39 ਵਿੱਚ ਸ਼ਤਰੰਜ ਕੇਂਦਰਾਂ ਦੀ ਉਸਾਰੀ ਅਤੇ ਸੈਕਟਰ 16 ਕ੍ਰਿਕਟ ਸਟੇਡੀਅਮ ਵਿੱਚ ਖੇਡ ਦੇ ਮੈਦਾਨ ਨੂੰ ਅਪਗ੍ਰੇਡ ਕਰਨਾ ਸ਼ਾਮਲ ਹੈ। ਉਨ੍ਹਾਂ ਨੇ 2026-27 ਲਈ ਵਿਭਾਗ ਦੀ ਵਿਜ਼ਨ ਯੋਜਨਾ ਦਾ ਵੀ ਜ਼ਿਕਰ ਕੀਤਾ, ਜਿਸ ਵਿੱਚ ਸੈਕਟਰ 18 ਹਾਕੀ ਸਟੇਡੀਅਮ ਵਿੱਚ ਐਸਟ੍ਰੋ-ਟਰਫ ਦੀ ਸਥਾਪਨਾ, ਸੈਕਟਰ 42 ਵਿੱਚ ਛੇ-ਏ-ਸਾਈਡ ਹਾਕੀ ਗਰਾਊਂਡ ਦੀ ਉਸਾਰੀ, ਸਾਰੇ ਖੇਡ ਕੰਪਲੈਕਸਾਂ ਵਿੱਚ ਸੀਸੀਟੀਵੀ ਕੈਮਰੇ ਲਗਾਉਣਾ, ਅਤੇ ਸੈਕਟਰ 7 ਸਿੰਥੈਟਿਕ ਐਥਲੈਟਿਕ ਟਰੈਕ ਅਤੇ ਸੈਕਟਰ 16 ਕ੍ਰਿਕਟ ਸਟੇਡੀਅਮ ਵਿੱਚ ਲਾਈਟਿੰਗ ਸਿਸਟਮ ਦਾ ਅਪਗ੍ਰੇਡ ਕਰਨਾ ਸ਼ਾਮਲ ਹੈ। ਉਨ੍ਹਾਂ ਕਿਹਾ ਕਿ ਇਹ ਸਾਰੀਆਂ ਪਹਿਲਕਦਮੀਆਂ ਮਾਣਯੋਗ ਪ੍ਰਸ਼ਾਸਕ ਦੇ ਚੰਡੀਗੜ੍ਹ ਨੂੰ ÷ਖੇਡ ਹੱਬ÷ ਵਜੋਂ ਵਿਕਸਤ ਕਰਨ ਦੇ ਦ੍ਰਿਸ਼ਟੀਕੋਣ ਦੇ ਅਨੁਸਾਰ ਹਨ। ਖੇਡ ਵਿਭਾਗ ਦੁਆਰਾ ਇਨ੍ਹਾਂ ਪਹਿਲਕਦਮੀਆਂ ਦੀ ਹਾਜ਼ਰ ਸਾਰੀਆਂ ਐਸੋਸੀਏਸ਼ਨਾਂ ਦੇ ਪ੍ਰਤੀਨਿਧੀਆਂ ਦੁਆਰਾ ਸ਼ਲਾਘਾ ਕੀਤੀ ਗਈ। ਇਸ ਤੋਂ ਬਾਅਦ, ਵੱਖ-ਵੱਖ ਖੇਡ ਐਸੋਸੀਏਸ਼ਨਾਂ ਦੇ ਪ੍ਰਤੀਨਿਧੀਆਂ ਨੂੰ ਆਪਣੀਆਂ ਚਿੰਤਾਵਾਂ ਅਤੇ ਸੁਝਾਅ ਪੇਸ਼ ਕਰਨ ਦਾ ਮੌਕਾ ਦਿੱਤਾ ਗਿਆ। ਉਨ੍ਹਾਂ ਨੇ ਮਾਣਯੋਗ ਪ੍ਰਸ਼ਾਸਕ ਅਤੇ ਖੇਡ ਸਲਾਹਕਾਰ ਪ੍ਰੀਸ਼ਦ ਦੇ ਚੇਅਰਮੈਨ ਦਾ ਉਨ੍ਹਾਂ ਦੀਆਂ ਮੁੱਖ ਮੰਗਾਂ ਨੂੰ ਪੂਰਾ ਕਰਨ ਲਈ ਧੰਨਵਾਦ ਕੀਤਾ। ਐਸੋਸੀਏਸ਼ਨ ਦੇ ਮੈਂਬਰਾਂ ਨੇ ਖੇਡ ਬੁਨਿਆਦੀ ਢਾਂਚੇ ਨੂੰ ਬਿਹਤਰ ਬਣਾਉਣ, ਖਾਲੀ ਕੋਚਿੰਗ ਅਸਾਮੀਆਂ ਨੂੰ ਭਰਨ, ਪ੍ਰਤਿਭਾਸ਼ਾਲੀ ਖਿਡਾਰੀਆਂ ਨੂੰ ਨਕਦ ਇਨਾਮ ਅਤੇ ਸਕਾਲਰਸ਼ਿਪ ਵੰਡਣ ਅਤੇ ਖਿਡਾਰੀਆਂ ਲਈ ਸੇਵਾਵਾਂ ਤੱਕ ਆਸਾਨ ਪਹੁੰਚ ਯਕੀਨੀ ਬਣਾਉਣ ਲਈ ਖੇਡ ਵਿਭਾਗ ਅਤੇ ਚੰਡੀਗੜ੍ਹ ਪ੍ਰਸ਼ਾਸਨ ਦੇ ਯਤਨਾਂ ਦੀ ਸ਼ਲਾਘਾ ਕੀਤੀ। ਖੇਡ ਸੰਘਾਂ ਦੇ ਮੈਂਬਰਾਂ ਨੇ ਵਿਭਾਗ ਦੇ ਦੂਰਦਰਸ਼ੀ ਦ੍ਰਿਸ਼ਟੀਕੋਣ ਦੀ ਸ਼ਲਾਘਾ ਕੀਤੀ ਅਤੇ ਚੰਡੀਗੜ੍ਹ ਵਿੱਚ ਵੱਕਾਰੀ ਖੇਡ ਮੁਕਾਬਲਿਆਂ ਦੀ ਮੇਜ਼ਬਾਨੀ ਨੂੰ ਸੁਵਿਧਾਜਨਕ ਬਣਾਉਣ ਲਈ ਖੇਡ ਸਹੂਲਤਾਂ ਨੂੰ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਮਿਆਰਾਂ 'ਤੇ ਅਪਗ੍ਰੇਡ ਕਰਨ ਦਾ ਸੁਝਾਅ ਦਿੱਤਾ। ਮੀਟਿੰਗ ਧੰਨਵਾਦ ਮਤੇ ਅਤੇ ਸਾਰੇ ਹਿੱਸੇਦਾਰਾਂ ਦੇ ਸਹਿਯੋਗ ਨਾਲ ਖੇਡ ਬੁਨਿਆਦੀ ਢਾਂਚੇ, ਨੀਤੀਗਤ ਢਾਂਚੇ ਅਤੇ ਤਾਲਮੇਲ ਨੂੰ ਹੋਰ ਮਜ਼ਬੂਤ ਕਰਕੇ ਚੰਡੀਗੜ੍ਹ ਵਿੱਚ ਖੇਡ ਉੱਤਮਤਾ ਨੂੰ ਉਤਸ਼ਾਹਿਤ ਕਰਨ ਦੇ ਮਤੇ ਨਾਲ ਸਮਾਪਤ ਹੋਈ।

ਡੀ.ਸੀ. ਨੇ ਜ਼ਿਲ੍ਹੇ ਵਿੱਚ ਚੱਲ ਰਹੀਆਂ ਜਨਗਣਨਾ ਸਿਖਲਾਈ ਗਤੀਵਿਧੀਆਂ ਦੀ ਪ੍ਰਗਤੀ ਦਾ ਜਾਇਜ਼ਾ ਲਿਆ

ਚੰਡੀਗੜ੍ਹ, 22 ਅਪ੍ਰੈਲ (ਚ.ਨ.ਸ.) : ਚੰਡੀਗੜ੍ਹ ਜ਼ਿਲ੍ਹੇ ਵਿੱਚ ਚੱਲ ਰਹੀਆਂ ਜਨਗਣਨਾ ਸਿਖਲਾਈ ਗਤੀਵਿਧੀਆਂ ਦੀ ਪ੍ਰਗਤੀ ਦਾ ਜਾਇਜ਼ਾ ਲੈਣ ਲਈ ਡਿਪਟੀ ਕਮਿਸ਼ਨਰ, ਚੰਡੀਗੜ੍ਹ ਦੀ ਪ੍ਰਧਾਨਗੀ ਹੇਠ ਇੱਕ ਮੀਟਿੰਗ ਹੋਈ। ਜਨਗਣਨਾ ਕਾਰਜਾਂ ਦੀ ਯੋਜਨਾਬੰਦੀ ਅਤੇ ਲਾਗੂ ਕਰਨ ਵਿੱਚ ਸਿੱਧੇ ਤੌਰ @ਤੇ ਸ਼ਾਮਲ ਸਬੰਧਤ ਵਿਭਾਗਾਂ ਦੇ ਸਾਰੇ ਦਸ ਚਾਰਜ ਅਫ਼ਸਰ ਅਤੇ ਮੁੱਖ ਅਧਿਕਾਰੀ ਮੌਜੂਦ ਸਨ। ਮੀਟਿੰਗ ਦਾ ਮੁੱਖ ਉਦੇਸ਼ ਸਿਖਲਾਈ ਪ੍ਰੋਗਰਾਮਾਂ ਦੀ ਸਥਿਤੀ ਦਾ ਮੁਲਾਂਕਣ ਕਰਨਾ, ਪਾੜੇ ਅਤੇ ਚੁਣੌਤੀਆਂ ਦੀ ਪਛਾਣ ਕਰਨਾ ਅਤੇ ਜਨਗਣਨਾ ਨਾਲ ਸਬੰਧਤ ਸਾਰੀਆਂ ਤਿਆਰੀਆਂ ਨੂੰ ਸਮੇਂ ਸਿਰ ਅਤੇ ਪ੍ਰਭਾਵਸ਼ਾਲੀ ਢੰਗ ਨਾਲ ਪੂਰਾ ਕਰਨਾ ਯਕੀਨੀ ਬਣਾਉਣਾ ਸੀ।

ਮੀਟਿੰਗ ਦੌਰਾਨ, ਇਹ ਦੱਸਿਆ ਗਿਆ ਕਿ ਸੁਪਰਵਾਈਜ਼ਰਾਂ ਅਤੇ ਗਿਣਤੀਕਾਰਾਂ ਲਈ ਸਿਖਲਾਈ ਸੈਸ਼ਨ ਨਿਰਧਾਰਤ ਸਮਾਂ-ਸਾਰਣੀ ਅਨੁਸਾਰ ਸੁਚਾਰੂ ਅਤੇ ਯੋਜਨਾਬੱਧ ਢੰਗ ਨਾਲ ਕਰਵਾਏ ਜਾ ਰਹੇ ਹਨ। ਅਧਿਕਾਰੀਆਂ ਨੇ ਦੱਸਿਆ ਕਿ ਸਿਖਲਾਈ ਮਾਡਿਊਲ ਪ੍ਰਭਾਵਸ਼ਾਲੀ ਢੰਗ ਨਾਲ ਚਲਾਏ ਜਾ ਰਹੇ ਹਨ ਅਤੇ ਜ਼ਿਆਦਾਤਰ ਭਾਗੀਦਾਰ ਸਰਗਰਮੀ ਨਾਲ ਹਿੱਸਾ ਲੈ ਰਹੇ ਹਨ। ਹਾਲਾਂਕਿ, 59 ਸਿਖਿਆਰਥੀਆਂ ਦੀ ਗੈਰਹਾਜ਼ਰੀ ਦੀ ਵੀ ਰਿਪੋਰਟ ਕੀਤੀ ਗਈ। ਇਸ ਦਾ ਗੰਭੀਰ ਨੋਟਿਸ ਲੈਂਦੇ ਹੋਏ, ਡਿਪਟੀ

ਕਮਿਸ਼ਨਰ ਨੇ ਨਾਰਾਜ਼ਗੀ ਪ੍ਰਗਟ ਕੀਤੀ ਅਤੇ ਅਜਿਹੇ ਮਹੱਤਵਪੂਰਨ ਸਿਖਲਾਈ ਪ੍ਰੋਗਰਾਮਾਂ ਵਿੱਚ ਪੂਰੀ ਹਾਜ਼ਰੀ ਦੀ ਜ਼ਰੂਰਤ @ਤੇ ਜ਼ੋਰ ਦਿੱਤਾ। ਉਨ੍ਹਾਂ ਸਿੱਖਿਆ ਵਿਭਾਗ ਨੂੰ ਨਿਰਦੇਸ਼ ਦਿੱਤੇ ਕਿ ਸਾਰੇ 59 ਗੈਰਹਾਜ਼ਰ ਸਿਖਿਆਰਥੀਆਂ ਨੂੰ ਤੁਰੰਤ ਕਾਰਨ ਦੱਸੋ ਨੋਟਿਸ ਜਾਰੀ ਕੀਤੇ ਜਾਣ ਅਤੇ ਭਵਿੱਖ ਵਿੱਚ ਅਜਿਹੀਆਂ ਘਟਨਾਵਾਂ ਨੂੰ ਦੁਹਰਾਉਣ ਤੋਂ ਰੋਕਣ ਲਈ ਸਬੰਧਤ ਨਿਯਮਾਂ ਅਨੁਸਾਰ ਉਨ੍ਹਾਂ ਵਿਰੁੱਧ ਲੋੜੀਂਦੀ ਅਨੁਸ਼ਾਸਨੀ ਕਾਰਵਾਈ ਕੀਤੀ ਜਾਵੇ। ਇਸ ਪ੍ਰਕਿਰਿਆ ਨੂੰ ਹੋਰ ਮਜ਼ਬੂਤ ??ਕਰਨ ਅਤੇ ਸਵੈ-ਗਣਨਾ ਵਿੱਚ ਭਾਗੀਦਾਰੀ ਵਧਾਉਣ ਲਈ, ਡਿਪਟੀ ਕਮਿਸ਼ਨਰ ਨੇ ਚੰਡੀਗੜ੍ਹ ਪ੍ਰਸ਼ਾਸਨ ਦੇ ਸਾਰੇ ਸਰਕਾਰੀ ਦਫਤਰਾਂ ਵਿੱਚ ਵਿਸ਼ੇਸ਼ ਕੈਂਪ ਲਗਾਉਣ ਦਾ ਸੁਝਾਅ ਦਿੱਤਾ। ਉਨ੍ਹਾਂ ਹਦਾਇਤ ਕੀਤੀ ਕਿ ਇਹ ਕੈਂਪ ਸਹੀ ਢੰਗ ਨਾਲ ਤਾਲਮੇਲ ਅਤੇ ਆਯੋਜਿਤ ਕੀਤੇ ਜਾਣ ਤਾਂ ਜੋ ਕਰਮਚਾਰੀ ਨਿਰਧਾਰਤ ਸਮਾਂ ਸੀਮਾ ਦੇ ਅੰਦਰ ਆਪਣੀ ਸਵੈ-ਗਣਨਾ ਨੂੰ ਆਸਾਨੀ ਨਾਲ ਪੂਰਾ ਕਰ ਸਕਣ। ਉਨ੍ਹਾਂ ਨੇ ਸਾਰੇ ਵਿਭਾਗਾਂ ਨੂੰ ਇਸ ਦਿਸ਼ਾ ਵਿੱਚ ਆਪਣੇ ਕਰਮਚਾਰੀਆਂ ਨੂੰ ਪ੍ਰੇਰਿਤ ਅਤੇ ਮਾਰਗਦਰਸ਼ਨ ਕਰਨ ਦਾ ਸੱਦਾ ਵੀ ਦਿੱਤਾ ਤਾਂ ਜੋ ਉਹ ਆਮ ਲੋਕਾਂ ਲਈ ਇੱਕ ਸਕਾਰਾਤਮਕ ਉਦਾਹਰਣ ਪੇਸ਼ ਕਰ ਸਕਣ। ਡਿਪਟੀ ਕਮਿਸ਼ਨਰ ਨੇ ਜਨਗਣਨਾ ਬਾਰੇ ਜਾਗਰੂਕਤਾ ਫੈਲਾਉਣ ਲਈ ਇੱਕ ਮਜ਼ਬੂਤ ??ਅਤੇ ਵਿਆਪਕ ਸੂਚਨਾ, ਸਿੱਖਿਆ ਅਤੇ ਸੰਚਾਰ (953) ਮੁਹਿੰਮ ਦੀ ਜ਼ਰੂਰਤ @ਤੇ ਵੀ ਜ਼ੋਰ ਦਿੱਤਾ। ਉਨ੍ਹਾਂ ਨੇ ਸੋਸ਼ਲ ਮੀਡੀਆ, ਸਿਨੇਮਾ ਹਾਲ ਅਤੇ ਪ੍ਰਿੰਟ ਮੀਡੀਆ ਸਮੇਤ ਵੱਖ-ਵੱਖ ਸੰਚਾਰ ਚੈਨਲਾਂ ਰਾਹੀਂ ਵੱਧ ਤੋਂ ਵੱਧ ਜਨਤਕ ਪਹੁੰਚ ਨੂੰ ਯਕੀਨੀ ਬਣਾਉਣ ਦੀ ਸਲਾਹ ਦਿੱਤੀ।

ਪੰਜਾਬ ਵਿੱਚ ਹਾਈਬ੍ਰਿਡ ਜੰਗ ਦਾ ਨਵਾਂ ਰੂਪ

ਭਾਰਤ ਦੀ ਏਕਤਾ, ਅੰਦਰੂਨੀ ਸਥਿਰਤਾ ਅਤੇ ਰਾਸ਼ਟਰੀ ਸੁਰੱਖਿਆ ਲਈ ਚੁਣੌਤੀ

ਪ੍ਰੋ. ਸਰਚਾਂਦ ਸਿੰਘ ਖਿਆਲਾ
ਮੋ: 9781355522

ਪੰਜਾਬ, ਜੋ ਦੇਸ਼ ਦੀ ਸਰਹੱਦੀ ਢਾਲ ਵਜੋਂ ਜਾਣਿਆ ਜਾਂਦਾ ਹੈ, ਇੱਕ ਵਾਰ ਫਿਰ ਇੱਕ ਗੰਭੀਰ ਰਾਸ਼ਟਰੀ ਸੁਰੱਖਿਆ ਚੁਣੌਤੀ ਦੇ ਕੇਂਦਰ ਵਿੱਚ ਖੜ੍ਹਾ ਹੈ। ਪਰ ਇਸ ਵਾਰ ਖ਼ਤਰਾ ਰਵਾਇਤੀ ਜੰਗ ਵਰਗਾ ਸਿੱਧਾ ਨਹੀਂ, ਸਗੋਂ "ਹਾਈਬ੍ਰਿਡ ਜੰਗ" ਦੇ ਰੂਪ ਵਿੱਚ ਹੈ। ਇਸ ਜੰਗ ਵਿੱਚ ਪਾਕਿਸਤਾਨ ਦੀ ਇੰਟਰ-ਸਰਵਿਸਿਜ਼ ਇੰਟੈਲੀਜੈਂਸ (ISI) ਵੱਲੋਂ ਯੋਜਨਾਬੱਧ ਢੰਗ ਨਾਲ ਦਹਿਸ਼ਤਗਰਦੀ, ਅਪਰਾਧਿਕ ਗਿਰੋਹਬੰਦੀ, ਨਸ਼ਾ ਤਸਕਰੀ, ਹਥਿਆਰ ਸਪਲਾਈ, ਡਿਜ਼ੀਟਲ ਨੈੱਟਵਰਕ ਅਤੇ ਸਰਹੱਦ ਪਾਰ ਸਹਾਇਤਾ ਨੂੰ ਇੱਕ ਹੀ ਜਾਲ ਵਿੱਚ ਪਰੋਇਆ ਜਾ ਰਿਹਾ ਹੈ। ਜਿਸ ਦਾ ਉਦੇਸ਼ ਸਿਰਫ਼ ਹਿੰਸਾ ਫੈਲਾਉਣਾ ਨਹੀਂ, ਸਗੋਂ ਲੋਕਾਂ ਦੇ ਭਰੋਸੇ ਨੂੰ ਤੋੜਨਾ, ਕਾਨੂੰਨ-ਵਿਵਸਥਾ ਨੂੰ ਕਮਜ਼ੋਰ ਕਰਨਾ, ਨੌਜਵਾਨਾਂ ਨੂੰ ਭਟਕਾਉਣਾ ਅਤੇ ਇੱਕ ਮਹੱਤਵਪੂਰਨ ਸਰਹੱਦੀ ਰਾਜ ਵਿੱਚ ਅਸੁਰੱਖਿਆ ਦਾ ਮਾਹੌਲ ਬਣਾ ਕੇ ਭਾਰਤ ਦੀ ਏਕਤਾ, ਅੰਦਰੂਨੀ ਸਥਿਰਤਾ ਅਤੇ ਸੁਰੱਖਿਆ ਪ੍ਰਣਾਲੀ ਨੂੰ ਕਮਜ਼ੋਰ ਕਰਨਾ ਹੈ।

ਪੰਜਾਬ ਪੁਲਿਸ ਅਤੇ ਖੁਫੀਆ ਏਜੰਸੀਆਂ ਪਹਿਲਾਂ ਵੀ ਆਈ ਐੱਸ ਆਈ ਦੀਆਂ ਅਜਿਹੀਆਂ ਸਾਜ਼ਿਸ਼ਾਂ ਦਾ ਸਾਹਮਣਾ ਕਰ ਚੁੱਕਾ ਹੈ। ਮਈ 2022 ਵਿੱਚ ਮੋਹਾਲੀ ਦੇ ਇੰਟੈਲੀਜੈਂਸ ਹੈੱਡਕੁਆਰਟਰ 'ਤੇ ਆਰ ਪੀ ਜੀ (RPG) ਹਮਲਾ, ਦਸੰਬਰ 2022 ਵਿੱਚ ਤਰਨਤਾਰਨ ਦੇ ਸਰਹਾਲੀ ਥਾਣੇ 'ਤੇ ਹਮਲਾ, 2015 ਦਾ ਗੁਰਦਾਸਪੁਰ ਹਮਲਾ ਅਤੇ 2016 ਦਾ ਪਠਾਨਕੋਟ ਹਮਲਾ—ਇਹ ਸਾਰੇ ਮਾਮਲੇ ਸਰਹੱਦ ਪਾਰ ਖ਼ਤਰਿਆਂ ਨੂੰ ਬੇਨਕਾਬ ਕਰ ਚੁੱਕੇ ਹਨ। ਪਰ ਮੌਜੂਦਾ ਦੌਰ ਵਿੱਚ ਇੱਕ ਵੱਡੀ ਤਬਦੀਲੀ ਸਾਹਮਣੇ ਆਈ ਹੈ। ਹਾਲੀਆ ਹਿੰਸਾ ਦੀਆਂ ਘਟਨਾਵਾਂ ਦਰਸਾਉਂਦੀਆਂ ਹਨ ਕਿ ਇਹ ਕੋਈ ਇਕੱਲੀਆਂ ਵਾਰਦਾਤਾਂ ਨਹੀਂ, ਸਗੋਂ ਇੱਕ ਵੱਡੀ ਅਤੇ ਯੋਜਨਾਬੱਧ ਸਾਜ਼ਿਸ਼ ਦਾ ਹਿੱਸਾ ਹਨ। ਹੁਣ ਵੱਡੇ ਫ਼ੌਜੀ ਨਿਸ਼ਾਨਿਆਂ ਦੀ ਬਜਾਏ ਪੁਲਿਸ ਢਾਂਚਿਆਂ ਅਤੇ ਸਥਾਨਕ ਸੁਰੱਖਿਆ ਪ੍ਰਣਾਲੀ ਨੂੰ ਨਿਸ਼ਾਨਾ ਬਣਾਇਆ ਜਾ ਰਿਹਾ ਹੈ, ਤਾਂ ਜੋ ਪੁਲਿਸ ਦਾ ਮਨੋਬਲ ਟੁੱਟੇ ਅਤੇ ਲੋਕਾਂ ਦਾ ਭਰੋਸਾ ਡੋਲ੍ਹੇ। 30 ਮਾਰਚ 2026 ਨੂੰ ਅੰਮ੍ਰਿਤਸਰ ਦੇ ਭਿੰਡੀ ਸੈਦਾਂ ਥਾਣੇ 'ਤੇ ਗ੍ਰਨੇਡ ਹਮਲਾ ਇਸ ਲੜੀ ਦੀ ਇੱਕ ਮਹੱਤਵਪੂਰਨ ਕੜੀ ਸੀ। ਇਸ ਤੋਂ ਪਹਿਲਾਂ 22 ਫ਼ਰਵਰੀ 2026 ਨੂੰ ਗੁਰਦਾਸਪੁਰ ਦੇ ਆਦੀਆਂ ਪਿੰਡ ਵਿੱਚ ਦੋ ਪੁਲਿਸ ਕਰਮਚਾਰੀਆਂ ਦੀ ਹੱਤਿਆ ਹੋਈ। ਇਹ ਹਮਲੇ ਸਿਰਫ਼ ਢਾਂਚਿਆਂ 'ਤੇ ਨਹੀਂ, ਸਗੋਂ ਕਾਨੂੰਨ-ਵਿਵਸਥਾ ਦੀ ਰੀੜ੍ਹ 'ਤੇ ਹਮਲੇ ਹਨ।

ਪੰਜਾਬ ਪੁਲਿਸ ਦੇ ਅਨੁਸਾਰ, ਸੁਰੱਖਿਆ ਅਦਾਰਿਆਂ 'ਤੇ ਹੋਏ 24 ਗ੍ਰਨੇਡ ਹਮਲਿਆਂ ਦੇ ਸਾਰੇ ਕੇਸ ਹੱਲ ਕਰ ਲਏ ਗਏ ਹਨ ਅਤੇ ਜ਼ਿੰਮੇਵਾਰ ਤੱਤਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ। ਕੁਝ ਵਿਦੇਸ਼ੀ ਹੈਂਡਲਰਾਂ ਨੂੰ ਡਿਪੋਰਟ ਵੀ ਕੀਤਾ ਗਿਆ। ਜਾਂਚ ਵਿੱਚ ਇਹ ਵੀ ਸਾਹਮਣੇ ਆਇਆ ਕਿ ਕਈ ਮਾਡਿਊਲ ISI ਨਾਲ ਜੁੜੇ ਸ਼ਹਜ਼ਾਦ ਭੱਟੀ ਵੱਲੋਂ ਚਲਾਏ ਜਾ ਰਹੇ ਸਨ, ਜੋ ਜੇਸ਼ਨ ਅਖ਼ਤਰ ਅਤੇ ਅਮਨਦੀਪ ਸਿੰਘ ਉਰਫ਼ ਪੰਨੂ ਵਰਗੇ ਭਾਰਤੀ ਗੈਂਗਸਟਰਾਂ ਨਾਲ ਮਿਲ ਕੇ ਕੰਮ ਕਰ ਰਿਹਾ ਸੀ। ਇਹ ਗੱਲ ਖ਼ਾਸ ਧਿਆਨਯੋਗ ਹੈ ਕਿ ਇੱਥੇ ਹੁਣ ਦਹਿਸ਼ਤਗਰਦੀ ਅਤੇ ਗੈਂਗਸਟਰਵਾਦ ਦੇ ਵਿਚਕਾਰਲੀ ਰੇਖਾ ਧੁੰਦਲੀ ਹੋ ਰਹੀ ਹੈ।

13 ਅਪ੍ਰੈਲ 2026 ਨੂੰ ਪੁਲਿਸ ਨੇ ਆਈ ਐੱਸ ਆਈ ਨਾਲ ਜੁੜੇ ਮਾਡਿਊਲ ਦੇ ਛੇ ਦੋਸ਼ੀਆਂ ਨੂੰ ਗ੍ਰਿਫ਼ਤਾਰ ਕੀਤਾ, ਜਿਨ੍ਹਾਂ ਨੂੰ ਲਗਭਗ ਚਾਰ ਲੱਖ ਰੁਪਏ ਦੀ ਲਾਲਚ ਦੇ ਕੇ ਭਰਤੀ ਕੀਤਾ ਗਿਆ ਸੀ। ਇਹ ਦਰਸਾਉਂਦਾ ਹੈ ਕਿ ਇਹ "ਘੱਟ ਖ਼ਰਚੇ, ਵੱਡੇ ਅਸਰ" ਵਾਲੀ ਰਣਨੀਤੀ ਹੈ, ਜਿਸ ਵਿੱਚ ਸਥਾਨਕ ਨੌਜਵਾਨਾਂ ਨੂੰ ਅੱਗੇ ਕਰਕੇ ਬਾਹਰੀ ਸਾਜ਼ਿਸ਼ਕਾਰ ਆਪਣੀ ਭੂਮਿਕਾ ਲੁਕਾਉਂਦੇ ਹਨ।

ਜੇ ਪਿਛਲੇ ਵੀਹ ਦਿਨਾਂ ਦਾ ਲੇਖਾ-ਜੋਖਾ ਵੇਖਿਆ ਜਾਵੇ ਤਾਂ ਸਥਿਤੀ ਦੀ ਗੰਭੀਰਤਾ ਹੋਰ ਵੀ ਸਪੱਸ਼ਟ ਹੋ ਜਾਂਦੀ ਹੈ। 21 ਅਪ੍ਰੈਲ ਨੂੰ ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਵੱਲੋਂ ਸਰਹੱਦ ਪਾਰੋਂ ਨਸ਼ੀਲੇ ਪਦਾਰਥਾਂ ਦੀ ਤਸਕਰੀ ਕਰਨ ਵਾਲੇ ਇੱਕ ਗਿਰੋਹ ਨਾਲ ਜੁੜੇ ਪੰਜ ਮੁਲਜ਼ਮਾਂ ਤੋਂ 7.050 ਕਿਲੋਗ੍ਰਾਮ ਹੈਰੋਇਨ ਬਰਾਮਦ ਕੀਤੀ। ਇਸੇ ਦਿਨ ਹੁਸ਼ਿਆਰਪੁਰ ਪੁਲਿਸ ਨੇ ਹਥਿਆਰ ਅਤੇ ਨਸ਼ਾ ਤਸਕਰ ਗਿਰੋਹ ਦੇ ਚਾਰ ਮੈਂਬਰਾਂ ਨੂੰ 10 ਕਿਲੋਗ੍ਰਾਮ ਹੈਰੋਇਨ, ਦੋ ਵਿਦੇਸ਼ੀ ਪਿਸਤੌਲਾਂ ਤੇ ਕਾਰਤੂਸਾਂ ਸਮੇਤ ਗ੍ਰਿਫ਼ਤਾਰ ਕੀਤਾ। 20 ਅਪ੍ਰੈਲ ਨੂੰ ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਤਿੰਨ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾ

ਸਿੱਖ ਚਿੰਤਕ ਭਾਈ ਪੰਨੂੰ ਨੇ ਲਿਖੀ ਸ਼੍ਰੋਮਣੀ ਕਮੇਟੀ ਪ੍ਰਧਾਨ ਨੂੰ ਚਿੱਠੀ

☛ਸਮਾਣੇ ਮੋਰਚੇ ਵਾਲੇ ਭਾਈ ਗੁਰਜੀਤ ਸਿੰਘ ਦਾ ਸਨਮਾਨ ਕਰਨ ਦੀ ਮੰਗ

ਕੋਟਕਪੂਰਾ, 22 ਅਪ੍ਰੈਲ (ਚ.ਨ.ਸ): ਜੇਕਰ ਭਾਈ ਗੁਰਜੀਤ ਸਿੰਘ ਦਾ ਅਕਾਲ ਤਖ਼ਤ ਸਾਹਿਬ ਤੋਂ ਸਨਮਾਨ ਕਰਵਾਉਣ ਦੀ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਸਿਫ਼ਾਰਸ਼ ਕਰਨ ਤਾਂ ਜਿਥੇ ਭਾਈ ਗੁਰਜੀਤ ਸਿੰਘ ਦੇ ਪਰਿਵਾਰ ਦਾ ਮਾਣ ਨਾਲ ਸਿਰ ਉਚਾ ਹੋਵੇਗਾ, ਉਥੇ ਨਵੀਂ ਉਮਰ ਦੇ ਬੱਚਿਆਂ ਤੇ ਨੌਜਵਾਨਾਂ ਦਾ ਪੰਥ ਪ੍ਰਤੀ ਉਤਸ਼ਾਹ ਵਧਣਾ ਵੀ ਸੁਭਾਵਿਕ ਹੈ। ਸਿੱਖ ਚਿੰਤਕ ਤੇ ਪ੍ਰਚਾਰਕ ਭਾਈ ਕੁਲਵੰਤ ਸਿੰਘ ਪੰਨੂੰ ਨੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਹਰਜਿੰਦਰ ਸਿੰਘ ਧਾਮੀ ਨੂੰ ਪੱਤਰ ਲਿਖ ਕੇ ਉਕਤ ਸ਼ਬਦਾਂ ਦਾ ਪ੍ਰਗਟਾਵਾ ਕਰਦਿਆਂ ਆਖਿਆ ਕਿ ਭਾਵੇਂ ਇਹ ਕਹਾਵਤ ਮਸ਼ਹੂਰ ਹੈ ਕਿ ਪੰਜਾਬ ਦੇ ਜੰਮਿਆਂ ਨੂੰ ਨਿਤ ਮੁਹਿੰਮਾਂ, ਸਿੱਖ ਕੌਮ ਨਾਲ ਸਮੇਂ ਦੀਆਂ ਸਰਕਾਰਾਂ ਨੇ ਧੱਕਾ ਹੀ ਨਹੀਂ ਕੀਤਾ, ਬਲਕਿ ਕੌਮ ਨੂੰ ਡੇਗਣ ਦੀ ਕੋਸ਼ਿਸ਼ ਵੀ ਕੀਤੀ ਹੈ। ਸਿੱਖਾਂ ਨੂੰ ਜਾਇਜ਼ ਮੰਗਾਂ ਮਨਵਾਉਣ ਲਈ ਵੀ ਕੁਰਬਾਨੀਆਂ ਕਰਨੀਆਂ ਪੈਂਦੀਆਂ ਹਨ। ਭਾਈ ਗੁਰਜੀਤ ਸਿੰਘ ਨੇ ਸਮਾਣਾ ਮੋਰਚੇ ਵਿੱਚ 400 ਫੁੱਟ ਉਚੇ ਟਾਵਰ 'ਤੇ ਬੈਠ ਕੇ ਤਪੱਸਿਆ ਕੀਤੀ, ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਅਦਬ ਸਤਿਕਾਰ ਲਈ ਸਖ਼ਤ ਕਾਨੂੰਨ ਬਣਾਉਣ ਲਈ ਡੇਢ ਸਾਲ ਤੋਂ ਵੀ ਜ਼ਿਆਦਾ ਸਮਾਂ ਗਰਮੀ ਤੇ ਠੰਢ ਦੇ ਮੌਸਮ ਵਿੱਚ ਟਾਵਰ 'ਤੇ ਹੀ ਬਤੀਤ ਕੀਤਾ, ਸਰਕਾਰ ਬੇਅਦਬੀ ਵਿਰੁੱਧ ਸਖ਼ਤ ਕਾਨੂੰਨ ਬਣਾਉਣ ਲਈ ਮਜਬੂਰ ਹੋ ਗਈ । ਭਾਈ ਪੰਨੂੰ ਨੇ ਦਾਅਵਾ ਕੀਤਾ ਕਿ ਭਾਈ ਗੁਰਜੀਤ ਸਿੰਘ ਨੇ ਬਹੁਤ ਵੱਡੀ ਤਪੱਸਿਆ ਕਰ ਕੇ ਦੁਬਾਰਾ ਇਤਿਹਾਸ ਰਚ ਦਿੱਤਾ ਹੈ। ਉਨ੍ਹਾਂ ਤਖ਼ਤਾਂ ਦੇ ਜਥੇਦਾਰਾਂ ਤੇ ਸ਼੍ਰੋਮਣੀ ਕਮੇਟੀ ਨੂੰ ਅਪੀਲ ਕੀਤੀ ਕਿ ਭਾਈ ਗੁਰਜੀਤ ਸਿੰਘ ਦਾ ਸਨਮਾਨ ਕੀਤਾ ਜਾਵੇ।

ਹਿੰਦ ਮਹਾਂਸਾਗਰ 'ਚ ਅਮਰੀਕੀ ਫੌਜ ਦੀ ਵੱਡੀ ਕਾਰਵਾਈ, ਈਰਾਨੀ ਤੇਲ ਟੈਂਕਰ 'ਤੇ ਕਬਜ਼ਾ

ਵਾਸ਼ਿੰਗਟਨ/ਨਵੀਂ ਦਿੱਲੀ, 22 ਅਪ੍ਰੈਲ (ਚ.ਨ.ਸ): ਵਿਸ਼ਵ ਪੱਧਰ 'ਤੇ ਵੱਧਦੇ ਤਣਾਅ ਦੇ ਵਿੱਚਕਾਰ ਅਮਰੀਕੀ ਜਲ ਸੈਨਾ ਨੇ ਹਿੰਦ ਮਹਾਂਸਾਗਰ ਵਿੱਚ ਇੱਕ ਵੱਡੀ ਕਾਰਵਾਈ ਕਰਦਿਆਂ ਈਰਾਨੀ ਕੱਚੇ ਤੇਲ ਦੀ ਤਸਕਰੀ ਵਿੱਚ ਸ਼ਾਮਲ ਇੱਕ ਤੇਲ ਟੈਂਕਰ ਨੂੰ ਆਪਣੇ ਕਬਜ਼ੇ ਵਿੱਚ ਲੈ ਲਿਆ ਹੈ। ਅਮਰੀਕੀ ਰੱਖਿਆ ਵਿਭਾਗ (ਪੈਂਟਾਗਨ) ਵੱਲੋਂ ਜਾਰੀ ਬਿਆਨ ਅਨੁਸਾਰ ਨੂੰ ਐਮ.ਟੀ. ਟਿਫਾਨੀ ਨਾਮਕ ਇਸ ਜਹਾਜ਼ ਨੂੰ ਉਸ ਸਮੇਂ ਰੋਕਿਆ ਗਿਆ, ਜਦੋਂ ਇਹ ਸ਼੍ਰੀਲੰਕਾ ਤੇ ਇੰਡੋਨੇਸ਼ੀਆ ਦੇ ਵਿੱਚਕਾਰਲੇ ਸਮੁੰਦਰੀ ਖੇਤਰ ਵਿੱਚੋਂ



ਗੁਜ਼ਰ ਰਿਹਾ ਸੀ। ਅਮਰੀਕੀ ਫੌਜ ਨੇ ਇਸ ਕਾਰਵਾਈ ਨੂੰ ਰਾਈਟ-ਆਫ-ਵਿਜ਼ਿਟ ਤਹਿਤ ਕੀਤੀ ਗਈ ਕਾਨੂੰਨੀ ਕਾਰਵਾਈ ਦੱਸਿਆ ਹੈ। ਇਹ ਘਟਨਾ ਅਜਿਹੇ ਨਾਜ਼ੁਕ ਮੋੜ 'ਤੇ ਵਾਪਰੀ ਹੈ ਜਦੋਂ ਅਮਰੀਕਾ ਤੇ ਈਰਾਨ ਵਿੱਚਕਾਰ ਪਹਿਲਾਂ ਤੋਂ ਹੀ ਚੱਲ ਰਹੀ ਜੰਗਬੰਦੀ ਦੀ ਮਿਆਦ ਖ਼ਤਮ ਹੋਣ ਦੇ ਨੇੜੇ ਹੈ। ਹਾਲਾਂਕਿ ਪਾਕਿਸਤਾਨ ਦੋਵਾਂ ਮੁਲਕਾਂ ਵਿਚਕਾਰ ਵਿਚੋਲਗੀ ਕਰਕੇ ਗੱਲਬਾਤ ਰਾਹੀਂ ਮਸਲੇ ਸੁਲਝਾਉਣ ਦੀ ਕੋਸ਼ਿਸ਼ ਕਰ ਰਿਹਾ ਹੈ, ਪਰ ਅਮਰੀਕਾ ਦੀ ਇਸ ਤਾਜ਼ਾ ਕਾਰਵਾਈ ਨੇ ਖੇਤਰ ਵਿੱਚ ਫੌਜੀ ਸਰਗਰਮੀਆਂ ਨੂੰ ਮੁੜ ਤੇਜ਼ ਕਰ ਦਿੱਤਾ ਹੈ। ਪੈਂਟਾਗਨ ਨੇ ਸਪੱਸ਼ਟ ਕੀਤਾ ਹੈ ਕਿ ਉਹ ਈਰਾਨ ਦੀ ਮਦਦ ਕਰਨ ਵਾਲੇ ਕਿਸੇ ਵੀ ਜਹਾਜ਼, ਚਾਹੇ ਉਹ ਹਥਿਆਰ ਲੈ ਕੇ ਜਾ ਰਿਹਾ ਹੋਵੇ ਜਾਂ ਤੇਲ, ਉਸ ਨੂੰ ਬਖਸ਼ਿਆ ਨਹੀਂ ਜਾਵੇਗਾ। ਦਿਲਚਸਪ ਗੱਲ ਇਹ ਹੈ ਕਿ ਅਮਰੀਕੀ ਰੱਖਿਆ ਵਿਭਾਗ ਨੇ ਐਮ.ਟੀ. ਟਿਫਾਨੀ ਨੂੰ ਸਟੇਟਲੈਸ (ਬਿਨਾਂ ਕਿਸੇ ਦੇਸ਼ ਦੀ ਮਾਨਤਾ ਵਾਲਾ) ਜਹਾਜ਼ ਕਰਾਰ ਦਿੱਤਾ ਹੈ, ਜਦਕਿ ਰਿਕਾਰਡ ਮੁਤਾਬਿਕ ਇਸ 'ਤੇ ਅਫਰੀਕੀ ਦੇਸ਼ ਬੋਤਸਵਾਨਾ ਦਾ ਝੰਡਾ ਲੱਗਾ ਹੋਇਆ ਸੀ। ਅਮਰੀਕੀ ਅਧਿਕਾਰੀਆਂ ਦਾ ਕਹਿਣਾ ਹੈ ਕਿ ਅੰਤਰਰਾਸ਼ਟਰੀ ਪਾਣੀ ਕਿਸੇ ਵੀ ਪਾਬੰਦੀਸ਼ੁਦਾ ਗਤੀਵਿਧੀ ਲਈ ਸੁਰੱਖਿਅਤ ਪਨਾਹਗਾਹ ਨਹੀਂ ਬਣ ਸਕਦੇ। ਇਸ ਕਾਰਵਾਈ ਨੂੰ ਅਮਰੀਕਾ ਦੇ ਇੰਡੋ-ਪੈਸੀਫਿਕ ਕਮਾਂਡ ਦੇ ਅਧਿਕਾਰ ਖੇਤਰ ਵਿੱਚ ਅੰਜਾਮ ਦਿੱਤਾ ਗਿਆ ਹੈ। ਇਸੇ ਦੌਰਾਨ ਚੀਨ ਨੇ ਉਨ੍ਹਾਂ ਰਿਪੋਰਟਾਂ ਨੂੰ ਸਿਰੇ ਤੋਂ ਖਾਰਜ ਕਰ ਦਿੱਤਾ ਹੈ, ਜਿਨ੍ਹਾਂ ਵਿੱਚ ਦਾਅਵਾ ਕੀਤਾ ਗਿਆ ਸੀ ਕਿ ਖਾੜੀ ਖੇਤਰ ਵਿੱਚ ਫੜਿਆ ਗਿਆ ਇੱਕ ਹੋਰ ਕਾਰਗੋ ਜਹਾਜ਼ ਚੀਨ ਨਾਲ ਸਬੰਧਤ ਸੀ। ਚੀਨੀ ਵਿਦੇਸ਼ ਮੰਤਰਾਲੇ ਦੇ ਬੁਲਾਰੇ ਗੁਓ ਜਿਆਕੁਨ ਨੇ ਬੀਜਿੰਗ ਵਿੱਚ ਇੱਕ ਪ੍ਰੈਸ ਕਾਨਫਰੰਸ ਦੌਰਾਨ ਕਿਹਾ ਕਿ ਜਹਾਜ਼ ਨਾਲ ਚੀਨ ਦਾ ਕੋਈ ਸਬੰਧ ਨਹੀਂ ਹੈ ਤੇ ਇਸ ਤਰ੍ਹਾਂ ਦੀਆਂ ਅਟਕਲਾਂ ਗੁੰਮਰਾਹਕੁੰਨ ਹਨ।

ਗੁਰਦੁਆਰਾ ਸਿੰਘ ਸਭਾ ਡੈਨਹਾਗ 'ਚ ਖ਼ਾਲਸਾ ਪ੍ਰਗਟ ਦਿਵਸ ਯਾਦਗਾਰੀ ਹੋ ਨਿਬੜਿਆ

ਜਰਮਨੀ, 22 ਅਪ੍ਰੈਲ (ਚ.ਨ.ਸ): ਖ਼ਾਲਸੇ ਦੇ ਪ੍ਰਗਟ ਦਿਵਸ ਤੇ ਵਿਸਾਖੀ ਦੇ ਦਿਹਾੜੇ ਨੂੰ ਲੈ ਕੇ ਸਿੱਖ ਪੰਥ ਅੰਦਰ ਬਹੁਤ ਹੀ ਜ਼ਿਆਦਾ ਉਤਸ਼ਾਹ, ਸ਼ਰਧਾ ਤੇ ਭਾਵਨਾਵਾਂ ਜੁੜੀਆਂ ਹੁੰਦੀਆਂ ਹਨ। ਸਿੱਖ ਭਾਵੇਂ ਜਿਸ ਵੀ ਦੇਸ਼ ਵਿੱਚ ਹੋਣ ਇਸ ਦਿਹਾੜੇ ਨੂੰ ਬੜੀ ਹੀ ਚੜ੍ਹਦੀਕਲਾ ਨਾਲ ਮਨਾਇਆ ਜਾਂਦਾ ਹੈ। ਇਸੇ ਤਹਿਤ ਹੀ ਯੂਰਪ ਦੇ ਨੀਦਰਲੈਂਡ/ਹਾਲੈਂਡ ਦੇ ਸ਼ਹਿਰ ਦੇ ਡੈਨਹਾਗ ਵਿੱਚ ਸਥਿਤ ਗੁਰਦੁਆਰਾ ਸਿੰਘ ਸਭਾ ਡੈਨਹਾਗ ਵਿਖੇ ਖ਼ਾਲਸਾ ਦੇ ਪ੍ਰਗਟ ਦਿਵਸ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਡੈਨਹਾਗ ਤੋਂ ਹੇਜ਼ ਮਾਰਕੀਟ ਦੇ ਸਮੂਹ ਸੇਵਾਦਾਰਾਂ ਵੱਲੋਂ ਆਰੰਭ ਕਰਵਾਏ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਉਪਰੰਤ ਦੇ ਸਿੱਖਾਂ

ਤੋਂ ਪਹਿਲਾਂ ਭਾਈ ਗੁਰਦੇਵ ਸਿੰਘ ਤੇ ਭਾਈ ਹਰਜੀਤ ਸਿੰਘ ਡੈਨਹਾਗ ਦੇ ਰਾਗੀ ਜਥਿਆਂ ਨੇ ਸੰਗਤਾਂ ਨੂੰ ਗੁਰਬਾਣੀ ਕੀਰਤਨ ਨਾਲ ਨਿਹਾਲ ਕੀਤਾ। ਉਪਰੰਤ ਮੁੱਖ ਗ੍ਰੰਥੀ ਭਾਈ ਗੁਰਨਿਸ਼ਾਨ ਸਿੰਘ ਪੱਟੀ ਨੇ ਸੰਗਤਾਂ ਨਾਲ ਗੁਰਬਾਣੀ ਕੀਰਤਨ ਤੇ ਗੁਰਮਤਿ ਵਿਚਾਰਾਂ ਨਾਲ ਸਾਂਝ ਪਾਈ। ਉਨ੍ਹਾਂ ਨੇ ਕਿਹਾ ਕਿ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਵੱਲੋਂ ਖਾਲਸੇ ਨੂੰ ਬਿਪਰ ਤੋਂ ਨਿਰਲੇਪ ਰਹਿ ਆਪਣੇ ਨਿਆਰੇਪਣ ਨੂੰ ਕਾਇਮ ਰੱਖਣ ਦੀ ਲੋੜ ਹੈ। ਇਸ ਉਪਰੰਤ ਪੰਜਾਬ ਤੋਂ ਵਿਸ਼ੇਸ਼ ਤੌਰ 'ਤੇ ਪਹੁੰਚੇ ਗਿਆਨੀ ਸਰੂਪ ਸਿੰਘ ਕਡਿਆਣਾ ਦੇ ਢਾਡੀ ਜੱਥੇ ਨੇ ਸੰਗਤਾਂ ਨੂੰ ਖ਼ਾਲਸਾ ਪ੍ਰਗਟ ਤੇ ਵਿਸਾਖੀ ਦੇ ਇਤਿਹਾਸ ਦਾ ਪ੍ਰਸੰਗ ਢਾਡੀ ਵਾਰਾਂ ਸਮੇਤ ਸੁਣਾ ਕੇ ਨਿਹਾਲ ਕੀਤਾ। ਗਿਆਨੀ ਸਰੂਪ ਸਿੰਘ ਦੇ 2 ਘੰਟਿਆਂ ਦੇ ਦੀਵਾਨ ਵਿੱਚ ਸੰਗਤਾਂ ਨੇ ਬੜੀ ਇਕਾਗਰਤਾ ਨਾਲ ਸਾਰੇ ਸਮਾਗਮ ਦਾ ਲਾਹਾ ਪ੍ਰਾਪਤ ਕੀਤਾ। ਸਮੂਹ ਪ੍ਰਬੰਧਕ ਮੈਂਬਰਾਂ ਨੇ ਗਿਆਨੀ ਸਰੂਪ ਸਿੰਘ ਦੇ ਢਾਡੀ ਜੱਥੇ ਨੇ ਸਮਾਪਤੀ ਉਪਰੰਤ ਗੁਰੂ ਕੇ ਲੰਗਰ ਵਰਤਾਏ ਗਏ। ਇਸ ਸਮੇਂ ਸੰਗਤਾਂ ਦਾ ਭਾਰੀ ਇਕੱਠ ਹੋਇਆ।

ਅਨਾਜ ਮੰਡੀ 'ਚ ਹੁਣ ਤੱਕ 1,64,291 ਲੱਖ ਕੁਇੰਟਲ ਕਣਕ ਦੀ ਖਰੀਦ ਹੋਈ

ਟਾਂਡਾ ਉੜਮੁੜ, 22 ਅਪ੍ਰੈਲ (ਅਰਜੁਨ ਜੈਨ): ਪੰਜਾਬ ਮੰਡੀ ਬੋਰਡ ਅਧੀਨ ਆਉਂਦੀ ਮਾਰਕੀਟ ਕਮੇਟੀ ਟਾਂਡਾ ਦੀ ਪ੍ਰਮੁੱਖ ਅਨਾਜ ਮੰਡੀ ਟਾਂਡਾ ਤੇ ਇਸ ਦੇ ਸਹਾਇਕ ਖਰੀਦ ਕੇਂਦਰਾਂ ਵਿੱਚ ਮੌਜੂਦਾ ਕਣਕ ਦੇ ਸੀਜ਼ਨ ਦੌਰਾਨ ਹੁਣ ਤੱਕ 1,64,291 ਲੱਖ ਕੁਇੰਟਲ ਕਣਕ ਦੀ ਖਰੀਦ ਕੀਤੀ ਜਾ ਚੁੱਕੀ ਹੈ।ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਮਾਰਕੀਟ ਕਮੇਟੀ ਟਾਂਡਾ ਦੇ ਸਕੱਤਰ ਹਰਪ੍ਰੀਤ ਸਿੰਘ ਜੌਹਲ ਨੇ ਦੱਸਿਆ ਕਿ ਪਿਛਲੇ ਦਿਨਾਂ ਤੋਂ ਹੋਈ ਕਣਕ ਦੀ ਖਰੀਦ ਦੇ ਦੌਰਾਨ ਹੁਣ ਤੱਕ ਅਨਾਜ ਮੰਡੀ ਟਾਂਡਾ ਵਿੱਚ 75,546 ਕੁਇੰਟਲ, ਮਿਆਣੀ ਮੰਡੀ ਵਿੱਚ 25,534 ਜਲਾਲਪੁਰ ਮੰਡੀ ਵਿੱਚ 15403, ਨੱਥੂਪੁਰ ਮੰਡੀ ਵਿੱਚ 7484, ਖੱਖਰ ਮੰਡੀ ਵਿੱਚ 31,953, ਕੰਧਾਲਾ ਜੱਟਾਂ ਮੰਡੀ ਵਿੱਚ 3131, ਘੋੜੇਵਾਹ ਮੰਡੀ ਵਿੱਚ 4225, ਤੇ ਕੰਧਾਲਾ ਸ਼ੇਖਾ ਮੰਡੀ ਵਿੱਚ 1015 ਕੁਇੰਟਲ ਕਣਕ ਦੀ ਖਰੀਦ ਕੀਤੀ ਜਾ ਚੁੱਕੀ ਹੈ। ਉਨ੍ਹਾਂ ਦੱਸਿਆ ਕਿ ਦਾਣਾ ਮੰਡੀ ਟਾਂਡਾ ਦੇ ਸਹਾਇਕ ਕੇਂਦਰ ਕੰਧਾਲਾ ਜੱਟਾਂ-1 ਵਿੱਚ ਅਜੇ ਤੱਕ ਕਣਕ ਦੀ ਖਰੀਦ ਸ਼ੁਰੂ ਨਹੀਂ ਹੋ ਸਕੀ। ਇਸ ਮੌਕੇ ਸੈਕਟਰੀ ਹਰਪ੍ਰੀਤ ਸਿੰਘ ਜੌਹਲ ਨੇ ਹੋਰ ਦੱਸਿਆ ਕਿ ਮੌਜੂਦਾ ਸੀਜ਼ਨ ਦੇ ਦੌਰਾਨ ਪਨਸਪ, ਪਨਗ੍ਰੇਨ, ਮਾਰਕਫੈਡ ਤੇ ਐਫ.ਸੀ.ਆਈ. ਖਰੀਦ ਏਜੰਸੀਆਂ ਵੱਲੋਂ ਕਣਕ ਦੀ ਖਰੀਦ ਕੀਤੀ ਜਾ ਰਹੀ ਹੈ। ਇਸ ਮੌਕੇ ਉਨ੍ਹਾਂ ਦੇ ਨਾਲ ਮੰਡੀ ਸੁਪਰਵਾਈਜ਼ਰ ਨਵਗੀਤ ਸਿੰਘ, ਮੰਡੀ ਸੁਪਰਵਾਈਜ਼ਰ ਅਮਰਜੀਤ ਸਿੰਘ ਜੋਨੀ, ਕਲਰਕ ਕਿਰਨਦੀਪ ਸਿੰਘ, ਕਲਰਕ ਵਿਪਨ ਕੁਮਾਰ ਵੀ ਮੌਜੂਦ ਸਨ।

ਬਿਜਲੀ ਕੱਟਾਂ ਤੋਂ ਲੋਕ ਪ੍ਰੇਸ਼ਾਨ

ਹੁਸ਼ਿਆਰਪੁਰ, 22 ਅਪ੍ਰੈਲ (ਪਰਮਿੰਦਰ ਘੁੰਮਣ): ਭਾਰਤ ਵਿਕਾਸ ਪ੍ਰੀਸ਼ਦ ਦੇ ਪ੍ਰਧਾਨ ਤੇ ਪ੍ਰਮੁੱਖ ਸਮਾਜਸੇਵੀ ਸੰਜੀਵ ਅਰੋੜਾ ਨੇ ਪ੍ਰੈਸ ਬਿਆਨ ਵਿੱਚ ਕਿਹਾ ਕਿ ਪੰਜਾਬ ਵਿੱਚ ਬਿਜਲੀ ਸਪਲਾਈ ਦੀ ਹਾਲਤ ਬਹੁਤ ਹੀ ਖਰਾਬ ਹੈ। ਦਿਨ ਵਿੱਚ 6 ਤੋਂ 8 ਘੰਟੇ ਤੱਕ ਬਿਜਲੀ ਬੰਦ ਰਹਿੰਦੀ ਹੈ। ਅਰੋੜਾ ਨੇ ਕਿਹਾ ਕਿ ਇਹ ਬਹੁਤ ਦੁੱਖ ਦੀ ਗੱਲ ਹੈ ਕਿ ਵਿਭਾਗ ਵੱਲੋਂ ਕੱਟ ਲਗਾਉਂਦੇ ਸਮੇਂ ਲੋਕਾਂ ਦੀਆਂ ਮੁਸ਼ਕਿਲਾਂ ਦਾ ਜ਼ਰਾ ਵੀ ਧਿਆਨ ਨਹੀਂ ਰੱਖਿਆ ਜਾਂਦਾ। ਸਵੇਰੇ ਤੇ ਸ਼ਾਮ ਦੇ ਸਮੇਂ, ਜਦੋਂ ਪਾਣੀ ਦੀ ਸਪਲਾਈ ਹੁੰਦੀ ਹੈ, ਉਸ ਵੇਲੇ ਵੀ ਬਿਜਲੀ ਕੱਟ ਲੱਗ ਜਾਂਦਾ ਹੈ, ਜਿਸ ਨਾਲ ਲੋਕਾਂ ਦੀਆਂ ਪ੍ਰੇਸ਼ਾਨੀਆਂ ਹੋਰ ਵੱਧ ਜਾਂਦੀਆਂ ਹਨ। ਉਨ੍ਹਾਂ ਕਿਹਾ ਕਿ ਪਿੰਡਾਂ ਤੇ ਸ਼ਹਿਰਾਂ ਵਿੱਚ ਰਹਿਣ ਵਾਲੇ ਲੋਕਾਂ ਨਾਲ ਬਿਜਲੀ ਤੇ ਪਾਣੀ ਵਰਗੀਆਂ ਬੁਨਿਆਦੀ ਸਹੂਲਤਾਂ ਵਿੱਚ ਕਿਸੇ ਤਰ੍ਹਾਂ ਦਾ ਭੇਦਭਾਵ ਨਹੀਂ ਹੋਣਾ ਚਾਹੀਦਾ, ਕਿਉਂਕਿ ਪਿੰਡ ਤੇ ਸ਼ਹਿਰ ਦੋਵੇਂ ਦੇਸ਼ ਦੇ ਵਿਕਾਸ ਵਿੱਚ ਬਰਾਬਰ ਦੇ ਹਿੱਸੇਦਾਰ ਹਨ।

ਵਿਧਾਇਕ ਸ਼ੈਰੀ ਕਲਸੀ ਨੇ ਵੱਖ-ਵੱਖ ਪਿੰਡਾਂ ਦੇ ਨਹਿਰੀ ਖਾਲਾਂ ਨੂੰ ਪੱਕੇ ਕਰਨ ਦਾ ਨੀਂਹ ਪੱਥਰ ਰੱਖਿਆ

ਬਟਾਲਾ, 22 ਅਪ੍ਰੈਲ (ਬਲਵਿੰਦਰ ਸਿੰਘ ਪੰਜਗਰਾਈਂ/ਧੰਨਪਾਲ ਕਲਸੀ): ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਹਰੇਕ ਵਰਗ ਦੀ ਭਲਾਈ ਤੇ ਆਰਥਿਕ ਪੱਖੋਂ ਉਚਾ ਚੁੱਕਣ ਲਈ ਲਗਾਤਾਰ ਉਪਰਾਲੇ ਕਰ ਰਹੀ ਹੈ। ਕਿਸਾਨੀ ਕਿੱਤੇ ਨੂੰ ਆਰਥਿਕ ਪੱਖੋਂ ਹੋਰ ਮਜ਼ਬੂਤ ਕਰਨ ਲਈ ਖੇਤਾਂ ਤੱਕ ਪਾਣੀ ਪਹੁੰਚਾਉਂਦਿਆਂ ਪੰਜਾਬ ਸਰਕਾਰ ਨੇ ਸ਼ਲਾਘਾਯੋਗ ਕਾਰਜ ਸਿਰਜੇ ਹਨ, ਜਿਸ ਨਾਲ ਕਿਸਾਨ ਵੀਰਾਂ ਦਾ ਖੇਤੀ ਦਾ ਪੱਧਰ ਹੋਰ ਉਚਾ ਹੋਇਆ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਤੇ ਵਿਧਾਇਕ ਸ਼ੈਰੀ ਕਲਸੀ ਨੇ ਪਿੰਡ ਮਸਾਣੀਆਂ, ਮਨੋਹਰਪੁਰ, ਵਡਾਲਾ ਗ੍ਰੰਥੀਆਂ, ਪੁਰਾਣਾ ਪਿੰਡ ਦੇ ਰਜਬਾਹਾ ਬਟਾਲਾ ਤੇ ਸੰਦਲਪੁਰ ਮਾਈਨਰ ਦੀ ਕੰਕਰੀਟ ਲਾਈਨਿੰਗ ਤੇ ਨਹਿਰੀ ਖਾਲ ਨੂੰ ਪੱਕੇ ਕਰਨ ਦਾ ਨੀਂਹ ਪੱਥਰ ਪਿੰਡ ਵਾਸੀਆਂ ਦੀ ਮੌਜੂਦਗੀ ਵਿੱਚ ਰੱਖਿਆ। ਵਿਧਾਇਕ ਸ਼ੈਰੀ ਕਲਸੀ ਨੇ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਤੇ ਕੈਬਨਿਟ ਮੰਤਰੀ ਬਰਿੰਦਰ ਗੋਇਲ ਦਾ ਵਿਸ਼ੇਸ਼ ਧੰਨਵਾਦ ਕਰਦਿਆਂ ਕਿਹਾ ਕਿ ਜੋ ਪਹਿਲਾਂ ਕਦੇ ਨਹੀਂ ਹੋਇਆ ਉਹ ਮੌਜੂਦਾ ਪੰਜਾਬ ਸਰਕਾਰ ਨੇ ਹਲਕਾ ਵਾਸੀਆਂ ਲਈ ਕੀਤਾ। ਉਨ੍ਹਾਂ ਕਿਹਾ ਕਿ ਸੰਦਲਪੁਰ ਮਾਈਨਰ ਦੀ ਕੰਕਰੀਟ ਲਾਈਨਿੰਗ ਦਾ ਕੰਮ ਕੀਤਾ ਜਾਵੇਗਾ, ਜਿਸ ਨਾਲ ਵੱਖ-ਵੱਖ ਪਿੰਡਾਂ ਦੀ ਜ਼ਮੀਨ ਨੂੰ ਪਾਣੀ ਮਿਲੇਗਾ, ਜਿਸ ਨਾਲ ਕਿਸਾਨ ਵੀਰਾਂ ਨੂੰ ਨਹਿਰੀ ਪਾਣੀ ਦੀ ਕਮੀ ਨਹੀਂ ਰਹੇਗੀ। ਉਨ੍ਹਾਂ ਅੱਗੇ ਕਿਹਾ ਕਿ ਨਹਿਰੀ ਖਾਲਿਆਂ ਨੂੰ ਪੱਕਾ ਕਰਨ ਦਾ ਕੰਮ ਵੀ ਮੁਕੰਮਲ ਕੀਤਾ ਜਾਵੇਗਾ, ਜਿਸ ਨਾਲ ਕਿਸਾਨ ਵੀਰਾਂ ਨੂੰ ਨਹਿਰੀ ਪਾਣੀ ਨੂੰ ਲੈ ਕੇ ਕੋਈ ਕਮੀ ਨਹੀਂ ਆਵੇਗੀ ਤੇ ਆਪਣੀ ਫਸਲ ਲਈ ਲੋੜੀਂਦਾ ਨਹਿਰੀ ਪਾਣੀ ਉਪਲਬਧ ਹੋਵੇਗਾ। ਉਨ੍ਹਾਂ ਕਿਹਾ ਕਿ ਮੌਜੂਦਾ ਸਰਕਾਰ ਆਮ ਲੋਕਾਂ ਦੀ ਸਰਕਾਰ ਹੈ ਤੇ ਲੋਕਾਂ ਦੀ ਭਲਾਈ ਲਈ ਉਹ ਪਹਿਲੇ ਦਿਨ ਤੋਂ ਕੰਮ ਕਰ ਰਹੀ ਹੈ।

ਟਰੰਪ ਤੋਂ ਬਾਅਦ ਹੁਣ ਪਾਕਿ 'ਚ ਸ਼ਹਿਬਾਜ਼ ਤੇ ਮਨੀਰ ਲਈ ਨੋਬਲ ਇਨਾਮ ਦੀ ਉਠੀ ਮੰਗ

ਪੇਸ਼ਾਵਰ, 22 ਅਪ੍ਰੈਲ (ਚ.ਨ.ਸ): ਪਾਕਿਸਤਾਨੀ ਸੂਬੇ ਖੈਬਰ ਪਖ਼ਤੂਨਖ਼ਵਾ ਦੀ ਵਿਧਾਨ ਸਭਾ ਵਿੱਚ ਇੱਕ ਪ੍ਰਸਤਾਵ ਪੇਸ਼ ਕੀਤਾ ਗਿਆ, ਜਿਸ ਵਿੱਚ ਪ੍ਰਧਾਨ

ਮੰਤਰੀ ਸ਼ਹਿਬਾਜ਼ ਸ਼ਰੀਫ਼ ਤੇ ਰੱਖਿਆ ਬਲਾਂ ਦੇ ਮੁਖੀ ਫ਼ੀਲਡ ਮਾਰਸ਼ਲ ਆਸਿਮ ਮੁਨੀਰ ਨੂੰ ਖੇਤਰੀ ਤਣਾਅ ਘਟਾਉਣ ਵਿੱਚ ਉਨ੍ਹਾਂ ਦੀ ਭੂਮਿਕਾ ਦੇ ਮੱਦੇਨਜ਼ਰ ਨੋਬਲ ਸ਼ਾਂਤੀ ਇਨਾਮ ਲਈ ਸਿਫ਼ਾਰਸ਼ ਕਰਨ ਦੀ ਮੰਗ ਕੀਤੀ ਗਈ। ਇਹ ਪ੍ਰਸਤਾਵ ਪਾਕਿਸਤਾਨ ਮੁਸਲਿਮ ਲੀਗ-ਨਵਾਜ਼ (ਪੀ.ਐਮ.ਐਲ.ਐਨ.) ਦੀ ਵਿਧਾਇਕ ਫ਼ਰਾਹ ਖ਼ਾਨ ਵੱਲੋਂ ਵਿਧਾਨ ਸਭਾ ਸਕੱਤਰੇਤ ਨੂੰ ਦਿੱਤਾ ਗਿਆ। ਪ੍ਰਸਤਾਵ ਵਿੱਚ ਕਿਹਾ ਗਿਆ

ਸੈਲਾਨੀਆਂ ਦੀ ਕਮੀ ਵਿਚਾਲੇ ਦੁਬਈ ਦੇ ਕਾਰੋਬਾਰੀਆਂ ਨੇ ਬਦਲੀ ਰਣਨੀਤੀ, ਲਗਜ਼ਰੀ ਹੋਟਲ ਕੀਤੇ ਬੰਦ

ਨਵੀਂ ਦਿੱਲੀ, 22 ਅਪ੍ਰੈਲ (ਚ.ਨ.ਸ): ਮੱਧ-ਪੂਰਬ 'ਚ ਅਮਰੀਕਾ-ਇਜ਼ਰਾਈਲ-ਈਰਾਨ ਸੰਘਰਸ਼ ਦਾ ਅਸਰ ਹੁਣ ਗਲੋਬਲ ਸੈਰ-ਸਪਾਟਾ ਉਦਯੋਗ 'ਤੇ ਸਾਫ ਦਿਖਾਈ ਦੇਣ ਲੱਗਾ ਹੈ। ਇਸ ਦਾ ਸਭ ਤੋਂ ਵੱਧ ਪ੍ਰਭਾਵ ਖਾੜੀ ਖੇਤਰ ਦੇ ਪ੍ਰਮੁੱਖ ਸੈਰ-ਸਪਾਟਾ ਕੇਂਦਰ ਦੁਬਈ 'ਤੇ ਪਿਆ ਹੈ, ਜਿੱਥੇ ਕਈ ਪ੍ਰੀਮੀਅਮ ਤੇ ਲਗਜ਼ਰੀ ਹੋਟਲਾਂ ਨੇ ਅਸਥਾਈ ਤੌਰ 'ਤੇ ਆਪਣੇ ਦਰਵਾਜ਼ੇ ਬੰਦ ਕਰ ਦਿੱਤੇ ਹਨ ਜਾਂ ਅੰਸ਼ਿਕ ਤੌਰ 'ਤੇ ਸੇਵਾਵਾਂ ਰੋਕ ਦਿੱਤੀਆਂ ਹਨ। ਹੋਟਲ ਉਦਯੋਗ ਇਸ ਮੰਦੀ ਨੂੰ ਚੁਣੌਤੀ ਦੇ ਨਾਲ-ਨਾਲ ਇੱਕ ਮੌਕੇ ਵਜੋਂ ਵੀ ਦੇਖ ਰਿਹਾ ਹੈ ਤੇ ਵੱਡੇ ਪੱਧਰ 'ਤੇ ਰੈਨੋਵੇਸ਼ਨ ਤੇ ਅਪਗ੍ਰੇਡ ਦੇ ਕੰਮ ਸ਼ੁਰੂ ਕਰ ਦਿੱਤੇ ਗਏ ਹਨ। ਦੁਬਈ 'ਚ ਦੁਨੀਆਂ ਦੀ ਸਭ ਤੋਂ ਉੱਚੀ ਇਮਾਰਤ ਬੁਰਜ ਖਲੀਫਾ ਕੋਲ ਵੱਕਾਰੀ ਅਰਮਾਨੀ ਹੋਟਲ ਨੇ ਵਿਆਪਕ ਨਵੀਨੀਕਰਨ ਲਈ ਆਪਣੀਆਂ ਸੇਵਾਵਾਂ ਅਸਥਾਈ ਤੌਰ 'ਤੇ ਬੰਦ ਕਰ ਦਿੱਤੀਆਂ ਹਨ। ਇਸ ਤੋਂ ਇਲਾਵਾ

ਆਪਣੀ ਵਿਲੱਖਣ ਪਾਲ-ਆਕਾਰ ਦੀ ਬਣਤਰ ਲਈ ਵਿਸ਼ਵ ਪ੍ਰਸਿੱਧ ਜੁਮੇਰਾਹ ਬੁਰਜ ਅਲ ਅਰਬ 18 ਮਹੀਨਿਆਂ ਦੇ ਵੱਡੇ ਰੈਸਟੋਰੇਸ਼ਨ ਪ੍ਰੋਗਰਾਮ 'ਚੋਂ ਲੰਘ ਰਿਹਾ ਹੈ। ਇਹ 1999 'ਚ ਖੁੱਲ੍ਹਣ ਤੋਂ ਬਾਅਦ ਪਹਿਲੀ ਵਾਰ ਇੰਨਾ ਵੱਡਾ ਨਵੀਨੀਕਰਨ ਕਰ ਰਿਹਾ ਹੈ। ਸੈਰ-ਸਪਾਟਾ ਉਦਯੋਗ ਨਾਲ ਜੁੜੇ ਮਾਹਿਰਾਂ ਦਾ ਕਹਿਣਾ ਹੈ ਕਿ ਫਰਵਰੀ ਦੇ ਅਖੀਰ ਤੋਂ ਸ਼ੁਰੂ ਹੋਏ ਸੰਘਰਸ਼ ਕਾਰਨ ਅੰਤਰਰਾਸ਼ਟਰੀ ਯਾਤਰੀਆਂ ਦੀ ਗਿਣਤੀ 'ਚ ਗਿਰਾਵਟ ਆਈ ਹੈ। ਫਲਾਈਟ ਸ਼ਡਿਊਲ ਪ੍ਰਭਾਵਿਤ ਹੋਏ ਹਨ ਤੇ ਕਈ ਸੈਲਾਨੀ ਆਪਣੀਆਂ ਯਾਤਰਾ ਯੋਜਨਾਵਾਂ ਟਾਲ ਰਹੇ ਹਨ। ਇਸ ਦਾ ਸਿੱਧਾ ਅਸਰ ਹੋਟਲ ਬੁਕਿੰਗਜ਼ 'ਤੇ ਪਿਆ ਹੈ, ਖਾਸ ਕਰਕੇ ਲਗਜ਼ਰੀ ਸੈਗਮੈਂਟ 'ਚ, ਜਿੱਥੇ ਵਿਦੇਸ਼ੀ ਸੈਲਾਨੀਆਂ ਦੀ ਹਿੱਸੇਦਾਰੀ ਵਧੇਰੇ ਹੁੰਦੀ ਹੈ। ਰੀਅਲ ਅਸਟੇਟ ਸਲਾਹਕਾਰ ਕੰਪਨੀ ਐਨਾਰਾਕ ਗਰੁੱਪ ਅਨੁਸਾਰ ਹੋਟਲ ਕੰਪਨੀਆਂ ਇਸ ਸੁਸਤੀ ਦੇ ਦੌਰ ਨੂੰ 'ਕਾਊਂਟਰ-ਸਾਈਕਲੀਕਲ ਸਟ੍ਰੈਟਜੀ' ਵਜੋਂ ਵਰਤ ਰਹੀਆਂ ਹਨ, ਭਾਵ ਜਦੋਂ ਮੰਗ ਘੱਟ ਹੈ, ਉਦੋਂ ਮੁਰੰਮਤ ਤੇ ਅਪਗ੍ਰੇਡ ਦਾ ਕੰਮ ਪੂਰਾ ਕਰ ਲਿਆ ਜਾਵੇ ਤਾਂ ਜੋ ਭਵਿੱਖ 'ਚ ਮੰਗ ਵਧਣ 'ਤੇ ਬਿਹਤਰ ਸੇਵਾਵਾਂ ਦੇ ਨਾਲ ਬਾਜ਼ਾਰ 'ਚ ਵਾਪਸੀ ਕੀਤੀ ਜਾ ਸਕੇ।

ਟਰੰਪ ਦੀ ਕਾਰਜਸ਼ੈਲੀ ਤੇ ਸੁਭਾਅ ਨੂੰ ਲੈ ਕੇ ਅਮਰੀਕੀਆਂ 'ਚ ਚਿੰਤਾ ਵਧੀ, 62% ਨਾਖੁਸ਼

ਵਾਸ਼ਿੰਗਟਨ, 22 ਅਪ੍ਰੈਲ (ਚ.ਨ.ਸ): ਅਮਰੀਕਾ ਵਿੱਚ ਹਾਲ ਹੀ ਵਿੱਚ ਕੀਤੇ ਗਏ ਇੱਕ ਸਰਵੇਖਣ ਮੁਤਾਬਿਕ ਰਾਸ਼ਟਰਪਤੀ ਡੋਨਾਲਡ ਟਰੰਪ ਦੀ ਕਾਰਜਸ਼ੈਲੀ ਤੇ ਸੁਭਾਅ ਨੂੰ ਲੈ ਕੇ ਅਮਰੀਕੀ ਨਾਗਰਿਕਾਂ 'ਚ ਚਿੰਤਾ ਵੱਧਦੀ ਜਾ ਰਹੀ ਹੈ। ਸਰਵੇ ਵਿੱਚ ਕਿਹਾ ਗਿਆ ਹੈ ਕਿ 62 ਫੀਸਦੀ ਅਮਰੀਕੀ ਟਰੰਪ ਦੇ ਕੰਮਕਾਜ ਤੋਂ ਖੁਸ਼ ਨਹੀਂ ਹਨ। ਇਨ੍ਹਾਂ ਵਿੱਚ ਉਨ੍ਹਾਂ ਦੀ ਪਾਰਟੀ ਦੇ ਕੁਝ ਰਿਪਬਲਿਕਨ ਵੀ ਸ਼ਾਮਲ ਹਨ, ਜੋ ਉਨ੍ਹਾਂ ਦੇ ਸੁਭਾਅ 'ਤੇ ਸਵਾਲ ਉਠਾ ਰਹੇ ਹਨ। ਹਾਲਾਂਕਿ ਟਰੰਪ ਦੀ ਅਪਰੂਵਲ ਰੇਟਿੰਗ 36 ਫੀਸਦੀ 'ਤੇ ਬਣੀ ਹੋਈ ਹੈ।ਸਰਵੇ ਵਿੱਚ ਕਿਹਾ ਗਿਆ ਹੈ ਕਿ ਬਹੁਤ ਘੱਟ ਅਮਰੀਕੀ ਈਰਾਨ ਉਤੇ ਅਮਰੀਕੀ ਹਮਲਿਆਂ ਜਾਂ ਨਾਟੋ ਤੋਂ ਬਾਹਰ ਨਿਕਲਣ ਦੇ ਟਰੰਪ ਦੇ ਫੈਸਲੇ ਦਾ ਸਮਰਥਨ ਕਰਦੇ ਹਨ। ਇਹ ਸਰਵੇ ਰਿਪੋਰਟ ਉਦੋਂ ਆਈ ਹੈ, ਜਦੋਂ ਟਰੰਪ ਪੋਪ ਨਾਲ ਵਿਵਾਦਾਂ ਵਿੱਚ ਘਿਰੇ ਹੋਏ ਹਨ ਤੇ ਈਰਾਨ ਜੰਗ ਵਿੱਚ ਵੀ ਉਹ ਰਣਨੀਤਕ ਤੌਰ 'ਤੇ ਪਿੱਛੜ ਰਹੇ ਹਨ। ਸਰਵੇਖਣ ਅਨੁਸਾਰ ਹਾਲ ਹੀ ਦੇ ਦਿਨਾਂ ਵਿੱਚ ਰਾਸ਼ਟਰਪਤੀ ਡੋਨਾਲਡ ਟਰੰਪ ਦੀ ਅਪਰੂਵਲ ਰੇਟਿੰਗ ਉਨ੍ਹਾਂ ਦੇ ਕਾਰਜਕਾਲ ਦੇ ਸਭ ਤੋਂ ਹੇਠਲੇ ਪੱਧਰ 'ਤੇ ਬਣੀ ਹੋਈ ਹੈ, ਕਿਉਂਕਿ ਈਰਾਨ ਜੰਗ ਤੇ ਪੋਪ ਲੀਓ ਨਾਲ ਵਿਵਾਦ ਵਿਚਕਾਰ ਕਈ ਅਮਰੀਕੀ ਉਨ੍ਹਾਂ ਦੇ ਸੁਭਾਅ ਤੋਂ ਖੁਸ਼ ਨਹੀਂ

ਹਨ। ਸਿਰਫ਼ 36 ਫੀਸਦੀ ਅਮਰੀਕੀ ਟਰੰਪ ਦੇ ਕੰਮ ਤੋਂ ਖੁਸ਼: ਸੋਮਵਾਰ ਨੂੰ ਖਤਮ ਹੋਏ 6 ਰੋਜ਼ਾ ਜਨਮਤ ਸਰਵੇਖਣ ਤੋਂ ਪਤਾ ਲੱਗਾ ਹੈ ਕਿ ਸਿਰਫ 36 ਫੀਸਦੀ ਅਮਰੀਕੀ ਟਰੰਪ ਦੇ ਕੰਮ ਕਰਨ ਦੇ ਤਰੀਕੇ ਨੂੰ ਪਸੰਦ ਕਰਦੇ ਹਨ, ਜੋ ਇੱਕ ਮਹੀਨਾ ਪਹਿਲਾਂ ਦੇ ਪੱਧਰ 'ਤੇ ਬਣਿਆ ਹੋਇਆ ਹੈ। ਟਰੰਪ ਨੂੰ ਆਪਣੇ ਮੌਜੂਦਾ ਕਾਰਜਕਾਲ 'ਚ ਸਭ ਤੋਂ ਵੱਧ ਅਪਰੂਵਲ ਰੇਟਿੰਗ (47%) ਉਦੋਂ ਮਿਲੀ ਸੀ, ਜਦੋਂ ਉਨ੍ਹਾਂ ਨੇ 20 ਜਨਵਰੀ 2025 ਨੂੰ ਅਹੁਦੇ ਦੀ ਸਹੁੰ ਚੁੱਕੀ ਸੀ।ਜਦੋਂ 28 ਫਰਵਰੀ ਨੂੰ ਉਨ੍ਹਾਂ ਦੇ ਪ੍ਰਸ਼ਾਸਨ ਤੇ ਇਜ਼ਰਾਈਲ ਨੇ ਈਰਾਨ ਵਿਰੁੱਧ ਜੰਗ ਸ਼ੁਰੂ ਕੀਤੀ, ਉਦੋਂ ਤੋਂ ਹੀ ਟਰੰਪ 'ਤੇ ਇਹ ਦਬਾਅ ਬਣਿਆ ਹੋਇਆ ਹੈ। ਲਗਭਗ 36 ਫੀਸਦੀ ਅਮਰੀਕੀ ਈਰਾਨ ਵਿਰੁੱਧ ਅਮਰੀਕੀ ਫੌਜੀ ਹਮਲਿਆਂ ਦਾ ਸਮਰਥਨ ਕਰਦੇ ਹਨ, ਜਦਕਿ 10-12 ਅਪ੍ਰੈਲ ਨੂੰ ਕੀਤੇ ਗਏ ਸਰਵੇਖਣ ਵਿੱਚ ਇਹ ਅੰਕੜਾ 35 ਫੀਸਦੀ ਸੀ। ਦੇਸ਼ ਭਰ ਵਿੱਚ 4,557 ਅਮਰੀਕੀ ਨੌਜਵਾਨਾਂ 'ਤੇ ਆਨਲਾਈਨ ਕੀਤੇ ਗਏ ਇਸ ਤਾਜ਼ਾ ਸਰਵੇ ਵਿੱਚ 2 ਫ਼ੀਸਦੀ ਅੰਕਾਂ ਦੀ ਗਲਤੀ (ਤਰੁੱਟੀ) ਦੀ ਗੁੰਜਾਇਸ਼ ਮੰਨੀ ਗਈ ਹੈ। ਰਿਪਬਲਿਕਨ ਪਾਰਟੀ ਦੇ ਲੋਕ ਸਮਰਥਨ 'ਤੇ ਦੋਫਾੜ ਸਰਵੇ ਵਿੱਚ ਪਤਾ ਲੱਗਾ ਹੈ ਕਿ ਟਰੰਪ ਦੀ ਰਿਪਬਲਿਕਨ ਪਾਰਟੀ ਦੇ ਲੋਕ ਵੀ ਉਨ੍ਹਾਂ ਨੂੰ ਸਮਰਥਨ ਦੇਣ ਦੇ ਮੁੱਦੇ 'ਤੇ ਦੋ-ਫਾੜ ਹਨ।

ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਬੇਅਦਬੀ ਵਿਰੁੱਧ ਸਖ਼ਤ ਕਾਨੂੰਨ ਸਵਾਗਤਯੋਗ: ਪ੍ਰੋ. ਬਾਈ ਭੋਲਾ ਯਮਲਾ

ਫਾਜ਼ਿਲਕਾ, 22 ਅਪ੍ਰੈਲ (ਬਖਸ਼ੀਸ਼ ਸਿੰਘ/ਜਸਪ੍ਰੀਤ ਸਿੰਘ): ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਹੋਰਾਂ ਦੇ ਯਤਨਾਂ ਸਦਕਾ ਪੰਜਾਬ ਸਰਕਾਰ ਦੁਆਰਾ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਦੇ ਮਾਮਲਿਆਂ ਨੂੰ ਰੋਕਣ ਲਈ ਲਿਆਂਦੇ ਗਏ ਨਵੇਂ ਕਾਨੂੰਨੀ ਬਿੱਲ ਦਾ ਸੱਭਿਆਚਾਰਕ ਚੇਤਨਾ ਮੁਹਿੰਮ ਪੰਜਾਬ ਦੇ ਚੇਅਰਮੈਨ ਤੇ ਇੰਡਕ ਆਰਟਸ ਵੈਲਫੇਅਰ ਕੌਂਸਲ ਦੇ ਸੰਸਥਾਪਕ ਡਾਇਰੈਕਟਰ ਪ੍ਰੋ. ਬਾਈ ਭੋਲਾ ਯਮਲਾ ਹੋਰਾਂ ਨੇ ਦਿਲੋਂ ਸਵਾਗਤ ਤੇ ਸਤਿਕਾਰ ਕੀਤਾ ਗਿਆ ਹੈ। ਉਨ੍ਹਾਂ ਆਪਣੇ ਬਿਆਨ ਵਿੱਚ ਕਿਹਾ ਕਿ ਸਾਨੂੰ ਸਭ ਨੂੰ ਕਿਸੇ ਵੀ ਕਿਸਮ ਦੀ ਪਾਰਟੀਬਾਜ਼ੀ ਤੋਂ ਉਪਰ ਉਠ ਕੇ ਇਸ ਕਾਨੂੰਨ ਦਾ ਸਵਾਗਤ ਤੇ ਸਹਿਯੋਗ

ਕਰਨਾ ਚਾਹੀਦਾ ਹੈ, ਕਿਉਂਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਸਿਰਫ਼ ਇੱਕ ਧਾਰਮਿਕ ਗ੍ਰੰਥ ਨਹੀਂ, ਸਗੋਂ ਸਮੂਹ ਮਨੁੱਖਤਾ ਲਈ ਜਗਤ ਗੁਰੂ ਹਨ ਤੇ ਉਨ੍ਹਾਂ ਦਾ ਅਦਬ-ਸਤਿਕਾਰ ਹਰ ਇੱਕ ਲਈ ਲਾਜ਼ਮੀ ਹੈ।ਪ੍ਰੋ. ਬਾਈ ਭੋਲਾ ਯਮਲਾ ਨੇ ਕਿਹਾ ਕਿ ਇਹ ਸਮਾਂ ਇਕੱਠੇ ਹੋ ਕੇ ਧਾਰਮਿਕ ਸਾਂਝ ਤੇ ਸਮਾਜਿਕ ਏਕਤਾ ਨੂੰ ਮਜ਼ਬੂਤ ਕਰਨ ਦਾ ਹੈ। ਉਨ੍ਹਾਂ ਅੱਗੇ ਕਿਹਾ ਕਿ ਇਸ ਤਰ੍ਹਾਂ ਦੇ ਕਾਨੂੰਨ ਸਮਾਜ ਵਿੱਚ ਸ਼ਾਂਤੀ, ਸਹਿਣਸ਼ੀਲਤਾ ਤੇ ਪਰਸਪਰ ਆਦਰ ਦੀ ਭਾਵਨਾ ਨੂੰ ਹੋਰ ਮਜ਼ਬੂਤ ਕਰਦੇ ਹਨ ਤੇ ਆਉਣ ਵਾਲੀ ਪੀੜ੍ਹੀ ਲਈ ਇੱਕ ਚੰਗਾ ਸੰਦੇਸ਼ ਦਿੰਦੇ ਹਨ।

ਐਸਐਫਸੀ ਪਬਲਿਕ ਸਕੂਲ 'ਚ ਬੱਚਿਆਂ ਨੂੰ ਧਰਤੀ ਬਚਾਓ ਸੰਦੇਸ਼ ਦਿੱਤਾ

ਮੋਗਾ, 22 ਅਪ੍ਰੈਲ (ਨਿਸ਼ੀ ਮਨਚੰਦਾ/ਗੁਰਦੇਵ ਖੁਰਾਣਾ): ਮੋਗਾ ਸ਼ਹਿਰ ਦੀ ਪ੍ਰਮੁੱਖ ਸਿੱਖਿਆ ਸੰਸਥਾਵਾਂ ਵਿੱਚੋਂ ਇੱਕ ਐਸਐਫਸੀ ਪਬਲਿਕ ਸਕੂਲ ਵਿੱਚ 22 ਅਪ੍ਰੈਲ ਨੂੰ ਧਰਤੀ ਦਿਵਸ ਮੌਕੇ ਧਰਤੀ ਬਚਾਓ ਦਾ ਸੰਦੇਸ਼ ਦਿੱਤਾ ਗਿਆ। ਅੱਜ ਬੱਚਿਆਂ ਤੇ ਸਕੂਲ ਮੈਨੇਜਮੈਂਟ ਵੱਲੋਂ ਸਕੂਲ ਗਰਾਊਂਡ ਤੇ ਆਲੇ-ਦੁਆਲੇ ਪੌਦੇ ਲਗਾਏ ਗਏ, ਵੱਖ-ਵੱਖ ਜਮਾਤਾਂ ਵਿੱਚ ਕਈ ਗਤੀਵਿਧੀਆਂ ਜਿਵੇਂ ਭਾਸ਼ਣ ਪ੍ਰਤੀਯੋਗਤਾ, ਪੋਸਟਰ ਮੇਕਿੰਗ, ਸਾਇੰਸ ਪ੍ਰੈਕਟੀਕਲ ਦੁਆਰਾ ਧਰਤੀ ਸਰਵੇਖਣ ਪਾਣੀ ਸ਼ੁੱਧੀਕਰਨ ਗਤੀਵਿਧੀਆਂ ਕਰਵਾਈਆਂ ਗਈਆਂ।ਐਚਐਮ ਸਰਿਤਾ ਅਰੋੜਾ ਨੇ ਬੱਚਿਆਂ ਨੂੰ ਵਾਤਾਵਰਨ ਸੁਰੱਖਿਅਤ ਰੱਖਣ ਤੇ ਧਰਤੀ ਦੀ ਸੰਭਾਲ

ਲਈ ਜਾਣੂੰ ਕਰਵਾਇਆ, ਸੀਐਮਡੀ ਅਭਿਸ਼ੇਕ ਜਿੰਦਲ ਨੇ ਕਿਹਾ ਕਿ ਜਿਸ ਤਰ੍ਹਾਂ ਕੁਦਰਤ ਦਾ ਸ਼ੋਸ਼ਣ ਹੋ ਰਿਹਾ ਹੈ, ਵਿਸ਼ਵ ਪੱਧਰ ਤੋਂ ਚਿੰਤਾ ਹੋਣੀ ਲਾਜ਼ਮੀ ਹੈ, ਸਾਨੂੰ ਆਪਣੀ ਧਰਤੀ ਨੂੰ ਬਚਾਉਣ ਲਈ ਕਦਮ ਚੁੱਕਣੇ ਚਾਹੀਦੇ ਹਨ, ਉਨ੍ਹਾਂ ਨੇ ਬਾਣੀ ਦੇ ਸ਼ਬਦ ਬਾਰੇ ਵੀ ਕਿਹਾ ਕਿ ਪਵਨ ਗੁਰੂ ਪਾਣੀ ਪਿਤਾ ਮਾਤਾ ਧਰਤ ਮਹੱਤ, ਬਾਣੀ ਵਿੱਚ ਧਰਤੀ ਨੂੰ ਮਾਂ ਦਾ ਦਰਜਾ ਦਿੱਤਾ ਗਿਆ ਹੈ, ਜੋ ਸਾਨੂੰ ਧਰਤੀ ਦੀ ਕਦਰ ਕਰਨ ਲਈ ਪ੍ਰੇਰਿਤ ਕਰਦਾ ਹੈ। ਉਨ੍ਹਾਂ ਨੇ ਕਿਹਾ ਕਿ ਸਵੱਛ ਤੇ ਤੰਦਰੁਸਤ ਜੀਵਨ ਲਈ ਸਭ ਤੋਂ ਪਹਿਲਾਂ ਆਪਣਾ ਆਲਾ ਦੁਆਲਾ ਸਾਫ ਰੱਖਣਾ ਜ਼ਰੂਰੀ ਹੈ। ਅੰਤ ਵਿੱਚ ਸਕੂਲ ਸੰਸਥਾ ਵੱਲੋਂ ਆਓ ਧਰਤੀ ਬਚਾਈਏ ਦਾ ਨਾਅਰਾ ਦਿੱਤਾ ਗਿਆ।

ਵਿਧਾਇਕ ਗਏ ਵੱਲੋਂ ਪਿੰਡ ਫਤਿਹਪੁਰ ਅਰਾਈਆਂ ਦੀ ਸੜਕ 'ਤੇ ਪ੍ਰੀਮਿਕਸ ਪਾਉਣ ਦਾ ਕੰਮ ਸ਼ੁਰੂ

ਸ੍ਰੀ ਫਤਹਿਗੜ੍ਹ ਸਾਹਿਬ, 22 ਅਪ੍ਰੈਲ (ਨਰਿੰਦਰ ਸਿੰਘ): ਫਤਿਹਪੁਰ ਰਾਈਆਂ ਤੋਂ ਸ੍ਰੀ ਫਤਹਿਗੜ੍ਹ ਸਾਹਿਬ ਤੱਕ 2.1 ਕਿਲੋਮੀਟਰ ਲੰਬੀ ਸੜਕ 'ਤੇ 32.25 ਲੱਖ ਦੀ ਲਾਗਤ ਨਾਲ ਪ੍ਰੀਮਿਕਸ ਪਾਉਣ ਦਾ ਕੰਮ ਸ਼ੁਰੂ ਕਰਵਾਇਆ ਗਿਆ ਹੈ। ਸੜਕ ਦੀ ਰਿਪੇਅਰ ਉਤੇ 23.66 ਲੱਖ ਰੁਪਏ ਖਰਚ ਆਵੇਗਾ, ਜਦ ਕਿ ਪੰਜ ਸਾਲਾਂ ਦੀ ਮੈਨਟੀਨੈਂਸ ਦੇ ਲਈ 8.59 ਲੱਖ ਰੁਪਏ ਰੱਖੇ ਗਏ ਹਨ। ਇਹ ਪ੍ਰਗਟਾਵਾ ਫਤਹਿਗੜ੍ਹ ਸਾਹਿਬ ਦੇ ਵਿਧਾਇਕ ਐਡ. ਲਖਬੀਰ ਸਿੰਘ ਰਾਏ ਨੇ ਪਿੰਡ ਫਤਿਹਪੁਰ ਰਾਈਆਂ ਵਿਖੇ ਸੜਕ ਉਤੇ ਪ੍ਰੀ-ਮਿਕਸ ਪਾਉਣ ਦਾ ਕੰਮ ਸ਼ੁਰੂ ਕਰਵਾਉਣ ਮੌਕੇ ਕੀਤਾ। ਉਨ੍ਹਾਂ ਕਿਹਾ ਕਿ ਇਤਿਹਾਸਕ ਸਥਾਨ ਸ੍ਰੀ ਫਤਹਿਗੜ੍ਹ ਸਾਹਿਬ ਵਿਖੇ ਬਹੁਤ ਸਾਰੀਆਂ ਸੰਗਤਾਂ ਇਸ ਰਸਤੇ ਤੋਂ ਹੀ ਆਉਂਦੀਆਂ ਹਨ। ਇਸ ਸੜਕ ਦੇ ਬਣਨ ਨਾਲ ਜਿਥੇ ਗੁਰੂਘਰ ਵਿਖੇ ਆਉਣ ਵਾਲੀਆਂ ਸੰਗਤਾਂ ਨੂੰ ਫਾਇਦਾ ਹੋਵੇਗਾ, ਉਥੇ ਹੀ ਇਲਾਕਾ ਨਿਵਾਸੀਆਂ ਨੂੰ ਪ੍ਰੇਸ਼ਾਨੀ ਤੋਂ ਨਿਜਾਤ ਮਿਲੇਗੀ। ਪੰਜਾਬ ਸਰਕਾਰ ਸੂਬੇ ਦੇ ਸਰਪੱਖੀ ਵਿਕਾਸ ਦੇ ਲਈ ਵਚਨਬੱਧ ਹੈ ਤੇ ਪੇਂਡੂ ਖੇਤਰ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨਾ ਉਨ੍ਹਾਂ ਦੀ ਮੁੱਖ ਤਰਜੀਹ ਹੈ। ਉਨ੍ਹਾਂ ਕਿਹਾ ਕਿ ਆਉਣ ਵਾਲੇ 2 ਮਹੀਨਿਆਂ ਦੇ ਵਿੱਚ ਹਲਕਾ ਫਤਹਿਗੜ੍ਹ ਸਾਹਿਬ ਦੀਆਂ ਲਗਭਗ ਸਾਰੀਆਂ ਸੜਕਾਂ ਦਾ ਕੰਮ ਮੁਕੰਮਲ ਕਰ ਲਿਆ ਜਾਵੇਗਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਪ੍ਰਿਤਪਾਲ ਸਿੰਘ ਜੱਸੀ, ਅਸੀਸ ਅੱਤਰੀ, ਮਨਪ੍ਰੀਤ ਸਿੰਘ ਜੋਨੀ, ਬਲਦੇਵ ਸਿੰਘ, ਰਜਿੰਦਰ ਸਿੰਘ, ਸਰਬਜੀਤ, ਰਾਹੁਲ, ਬਿੱਲਾ, ਕਾਕਾ, ਕ੍ਰਿਸ਼ਨ, ਜੱਜੂ ਆਦਿ ਵੀ ਹਾਜ਼ਰ ਸਨ।

ਕੁਲਤਾਰ ਸਿੰਘ ਸੰਧਵਾਂ ਵੱਲੋਂ ਫਿਰੋਜ਼ਪੁਰ ਤੋਂ ਦੁਬਈ ਲਈ ਮਿਰਚ ਦੀ 15 ਟਨ ਪਹਿਲੀ ਖੇਪ ਹਰੀ ਝੰਡੀ ਦਿਖਾ ਕੇ ਰਵਾਨਾ

ਫਿਰੋਜ਼ਪੁਰ, 22 ਅਪ੍ਰੈਲ (ਤਿਵਾੜੀ): ਮਿਰਚ ਦੀ ਕਾਸ਼ਤ ਨੂੰ ਲਾਹੇਵੰਦ ਧੰਦਾ ਬਣਾਉਣ ਲਈ ਕੀਤੇ ਜਾਂਦੇ ਯਤਨਾਂ ਸਦਕਾ ਸਾਰਾਗੜ੍ਹੀ ਫਾਰਮਰਜ਼ ਪ੍ਰੋਡਿਊਸਰ ਕੰਪਨੀ ਲਿਮਟਿਡ ਦੇ ਕਿਸਾਨਾਂ ਦੇ ਸਹਿਯੋਗ ਨਾਲ ਪਹਿਲੀ ਵਾਰ ਹਰੀ ਮਿਰਚ ਦੀ 15 ਟਨ ਦੀ ਪਹਿਲੀ ਖੇਪ ਨੂੰ ਪਿੰਡ ਹਕੂਮਤ ਸਿੰਘ ਵਾਲਾ ਤੋਂ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਵੱਲੋਂ ਹਰੀ ਝੰਡੀ ਦੇ ਕੇ ਦੁਬਈ ਲਈ ਰਵਾਨਾ ਕੀਤਾ ਗਿਆ। ਕੁਲਤਾਰ ਸਿੰਘ ਸੰਧਵਾਂ ਨੇ ਦੱਸਿਆ ਕਿ ਉਨ੍ਹਾਂ ਨੂੰ ਬਹੁਤ ਖੁਸ਼ੀ ਹੋਈ ਹੈ ਕਿ ਪੰਜਾਬ ਵਿੱਚ ਪੈਦਾ ਹੋਈ ਹਰੀ ਮਿਰਚ ਨੂੰ ਭਾਰਤ ਤੋਂ ਬਾਹਰ ਦੁਬਈ ਭੇਜਿਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੀ ਮਿਰਚ ਬਾਹਰਲੇ ਦੇਸ਼ਾਂ ਵਿੱਚ ਜਾਣ ਨਾਲ ਮਿਰਚਾ ਪੈਦਾ ਕਰਨ ਵਾਲੇ ਕਿਸਾਨਾਂ ਤੇ ਹੋਰਨਾਂ ਕਿਸਾਨਾਂ ਨੂੰ ਵੀ ਮਿਰਚ ਉਤਪਾਦਨ ਵਿੱਚ ਵੱਡਾ ਹੁਲਾਰਾ ਮਿਲੇਗਾ ਤੇ ਕਿਸਾਨਾਂ ਦੀ ਆਰਥਿਕਤਾ ਵਿੱਚ ਵੀ ਬਹੁਤ ਫਾਇਦਾ ਹੋਵੇਗਾ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਲਗਭਗ 19661 ਹੈਕਟੇਅਰ ਰਕਬੇ ਵਿੱਚ ਮਿਰਚ ਦੀ ਕਾਸ਼ਤ ਕੀਤੀ ਜਾਂਦੀ ਹੈ, ਜਿਸ ਵਿਚੋਂ 294915 ਮੀਟ੍ਰਿਕ ਟਨ ਹਰੀ ਮਿਰਚ ਦਾ ਉਤਪਾਦਨ ਕੀਤਾ ਜਾਂਦਾ ਹੈ। ਪੰਜਾਬ ਦੇ ਪ੍ਰਮੁੱਖ ਮਿਰਚ ਉਤਪਾਦਕ ਜ਼ਿਲ੍ਹੇ ਫਿਰੋਜ਼ਪੁਰ, ਪਟਿਆਲਾ, ਮਲੇਰਕੋਟਲਾ, ਸੰਗਰੂਰ, ਜਲੰਧਰ, ਤਰਨਤਾਰਨ, ਅੰਮ੍ਰਿਤਸਰ, ਐਸ.ਬੀ.ਐਸ. ਨਗਰ ਤੇ ਹੁਸ਼ਿਆਰਪੁਰ ਹਨ। ਫਿਰੋਜ਼ਪੁਰ ਜ਼ਿਲ੍ਹੇ ਅੰਦਰ 2747 ਹੈਕਟੇਅਰ ਤੋਂ ਵੱਧ ਰਕਬੇ ਵਿੱਚ ਮਿਰਚ ਦੀ ਪੈਦਾਵਾਰ ਕੀਤੀ ਜਾਂਦੀ ਹੈ ਜੋ ਕਿ ਪੰਜਾਬ ਦੇ ਬਾਕੀ ਜ਼ਿਲ੍ਹਿਆਂ ਨਾਲੋਂ ਸਭ ਤੋਂ ਵੱਧ ਰਕਬਾ ਹੈ। ਇਸ ਮੌਕੇ ਵਾਈਸ ਚਾਂਸਲਰ ਪੀ.ਏ.ਯੂ. ਲੁਧਿਆਣਾ ਡਾ. ਸਤਬੀਰ ਸਿੰਘ ਗੋਸਲ, ਅੈਮ.ਅੈਲ.ਏ. ਗੁਰੂਹਰਸਹਾਏ ਫੌਜਾ ਸਿੰਘ ਸਰਾਰੀ, ਐਮ.ਐਲ.ਏ ਫ਼ਿਰੋਜ਼ਪੁਰ ਸ਼ਹਿਰੀ ਰਣਬੀਰ ਸਿੰਘ ਭੁੱਲਰ, ਸੀ.ਈ.ਓ ਸੈਨ ਫਾਊਂਡੇਸ਼ਨ ਗੁਰਬੀਰ ਸਿੰਘ, ਚੇਅਰਮੈਨ ਪਲਾਨਿੰਗ ਬੋਰਡ ਹਰਜਿੰਦਰ ਸਿੰਘ, ਮਿਸ. ਰਵਦੀਪ ਕੌਰ ਏ.ਆਈ.ਐਫ, ਮੁੱਖ ਖੇਤੀਬਾੜੀ

ਹਲਕਾ ਗਿੱਲ ਦੇ ਕਾਂਗਰਸੀਆਂ ਤੋਂ ਵਿਧਾਨ ਸਭਾ ਚੋਣਾਂ ਲਈ ਸ਼ਿਮਲਾਪੁਰੀ ਨੂੰ ਮਿਲ ਰਿਹੈ ਭਰਵਾਂ ਹੁੰਗਾਰਾ

ਲੁਧਿਆਣਾ, 22 ਅਪ੍ਰੈਲ (ਰਵਿੰਦਰ ਸਿੰਘ ਨਿੱਝਰ) :ਪੰਜਾਬ ਵਿਧਾਨ ਸਭਾ ਦੀਆਂ ਚੋਣਾਂ ਦਾ ਸਮਾਂ ਨਜ਼ਦੀਕ ਆਉਣ 'ਤੇ ਜ਼ਿਲ੍ਹਾ ਕਾਂਗਰਸ ਕਮੇਟੀ ਲੁਧਿਆਣਾ ਦੇ ਮੁੱਖ ਬੁਲਾਰੇ, ਡਿਪਟੀ ਮੇਅਰ ਪਤੀ ਅਤੇ ਵਿਧਾਨ ਸਭਾ ਹਲਕਾ ਗਿੱਲ ਤੋਂ ਸੰਭਾਵੀ ਉਮੀਦਵਾਰ ਜਰਨੈਲ ਸਿੰਘ ਸ਼ਿਮਲਾਪੁਰੀ ਵੱਲੋਂ ਹਲਕੇ ਦੇ ਪਿੰਡਾਂ ਵਿਚ ਜਾ ਕੇ ਕਾਂਗਰਸੀ ਵਰਕਰਾਂ ਨੂੰ ਪਾਰਟੀ ਦੇ ਹੱਕ ਵਿੱਚ ਲਾਮਬੰਦ ਕੀਤਾ ਜਾ ਰਿਹਾ ਹੈ। ਇਸੇ ਲੜੀ ਤਹਿਤ ਅੱਜ ਪਿੰਡ ਭੁੱਟਾ ਵਿਖੇ ਸ਼ਿਮਲਾਪੁਰੀ ਨੇ ਕਾਂਗਰਸੀ ਆਗੂਆਂ ਅਤੇ ਵਰਕਰਾਂ ਨਾਲ ਮੀਟਿੰਗ ਕੀਤੀਆਂ ਅਤੇ ਉਨ੍ਹਾਂ ਨੂੰ ਕਾਂਗਰਸ ਪਾਰਟੀ ਦੀਆ ਲੋਕ ਪੱਖੀ ਨੀਤੀਆਂ ਅਤੇ ਆਪ ਸਰਕਾਰ ਦੀਆਂ ਪੰਜਾਬ ਨੂੰ ਲੁੱਟਣ ਵਾਲਿਆਂ ਚਾਲਾਂ ਸਬੰਧੀ ਜਾਣਕਾਰੀ ਦਿੱਤੀ। ਮੀਟਿੰਗ ਦੌਰਾਨ ਸ਼ਿਮਲਾਪੁਰੀ ਨੇ ਕਿਹਾ ਕਿ ਪੰਜਾਬ ਵਾਸੀਆਂ ਨੂੰ ਬਦਲਾਅ ਦਾ ਲਾਰਾ ਲਾ ਕੇ ਜਦ ਦੀ ਆਮ ਆਦਮੀ ਪਾਰਟੀ ਸੱਤਾ ਵਿਚ ਆਈ ਹੈ, ਉਸ ਸਮੇਂ ਤੋਂ ਇਸ ਦੇ ਆਗੂਆਂ ਨੇ ਪੰਜਾਬ ਵਾਸੀਆਂ ਨੂੰ ਲੁੱਟਣ ਅਤੇ ਕੁੱਟਣ ਤੋਂ ਸਿਵਾ ਕੁਝ ਨਹੀਂ ਕੀਤਾ। ਉਨ੍ਹਾਂ ਅੱਗੇ ਕਿਹਾ ਕਿ ਆਪ ਸਰਕਾਰ ਦੇ ਮੰਤਰੀਆਂ ਅਤੇ ਵਿਧਾਇਕਾਂ ਨੇ ਆਪਣੇ ਘਰ ਭਰਨ ਲਈ ਪੰਜਾਬ ਦੇ ਸਿਰ 'ਤੇ ਲੱਖਾਂ ਕਰੋੜ ਰੁਪਏ ਦਾ ਕਰਜ਼ਾ ਚੜ੍ਹਾ ਦਿੱਤਾ, ਜਿਹੜੇ ਵਿਧਾਇਕ ਸਾਈਕਲ ਜਾਂ ਸਕੂਟਰ ਤੇ ਸਵਾਰੀ ਕਰਦੇ ਸਨ, ਉਨ੍ਹਾਂ ਕੋਲ ਲਗਜ਼ਰੀ ਕਾਰਾਂ ਆ ਗਈਆਂ, ਚਿੱਟੀ ਮੋਟੀ ਦੁਕਾਨਦਾਰੀ ਕਰਨ ਵਾਲੇ ਅਤੇ ਆਮ ਮਾਮੂਲੀ ਜਿਹੇ ਘਰਾਂ ਵਿਚ ਰਹਿਣ ਵਾਲਿਆਂ ਦੀਆਂ ਕਈ ਕਈ ਕਿੱਲਿਆਂ ਵਿੱਚ ਕੋਠੀਆਂ ਬਣ ਗਈਆਂ। ਸ਼ਿਮਲਾਪੁਰੀ ਨੇ ਹੋਰ ਕਿਹਾ ਕਿ ਪੰਜਾਬ ਦੇ ਪੈਸੇ ਨਾਲ ਆਮ ਆਦਮੀ ਪਾਰਟੀ ਸਾਰੇ ਦੇਸ਼ ਵਿੱਚ ਆਪਣਾ ਪ੍ਰਚਾਰ ਕਰਕੇ ਨਜ਼ਰ ਆ ਰਹੀ ਹੈ ਅਤੇ ਸਾਰਾ ਬੋਝ ਪੰਜਾਬ ਵਾਸੀਆਂ 'ਤੇ ਪੈ ਰਿਹਾ ਹੈ। ਉਹਨਾਂ ਕਿਹਾ ਕਿ ਪੰਜਾਬ ਵਿੱਚ ਜਿਹੜੇ ਵੀ ਕੰਮ ਚੱਲ ਰਹੇ ਹਨ ਉਸਦੇ ਠੇਕੇ ਦਿੱਲੀ ਜਾਂ ਯੂਪੀ ਦੇ ਠੇਕੇਦਾਰਾਂ ਨੂੰ ਦਿੱਤੇ ਜਾ ਰਹੇ ਹਨ, ਜੋ ਕਿ ਅੱਗੇ ਪੰਜਾਬ ਦੇ ਠੇਕੇਦਾਰਾਂ ਨੂੰ ਆਪਣਾ ਮੁਨਾਫਾ ਰੱਖ ਕੇ ਦੇ ਰਹੇ ਹਨ। ਪੰਜਾਬ ਦਾ ਸਾਰਾ ਪੈਸਾ ਆਮ ਆਦਮੀ ਪਾਰਟੀ ਦੇ ਦਿੱਲੀ ਵਾਲੇ ਆਗੂਆਂ ਦੀਆਂ ਤਜੌਰੀਆਂ ਵਿੱਚ ਜਾ ਰਿਹਾ ਹੈ। ਸਰਦਾਰ ਸ਼ਿਮਲਾਪੁਰੀ ਨੇ ਕਿਹਾ ਕਿ ਜੇਕਰ ਪੰਜਾਬ ਦਾ ਪੈਸਾ ਪੰਜਾਬ ਵਿੱਚ ਹੀ ਰੱਖਣਾ ਹੈ ਤਾਂ ਆਉਣ ਵਾਲੀ ਸਰਕਾਰ ਕਾਂਗਰਸ ਪਾਰਟੀ ਦੀ ਬਣਾਉਣੀ ਅਤੀ ਜ਼ਰੂਰੀ ਹੈ।

ਇਸ ਮੌਕੇ 'ਤੇ ਪਿੰਡ ਵਾਸੀਆਂ ਨੇ ਜਿੱਥੇ ਆਪ ਸਰਕਾਰ ਵਿਰੁੱਧ ਗੁਭਾਰ ਕੱਢਿਆ ਉੱਥੇ ਕਾਂਗਰਸੀ ਆਗੂਆਂ 'ਤੇ ਵੀ ਉਨ੍ਹਾਂ ਦੀ ਸਾਰ ਨਾ ਲੈਣ ਦੇ ਦੋਸ਼ ਲਾਏ। ਸ਼ਿਮਲਾਪੁਰੀ ਨੇ ਵਿਸ਼ਵਾਸ ਦੁਆਇਆ ਕਿ ਮੈਂ ਹਲਕਾ ਨਿਵਾਸੀਆਂ ਦੇ ਦੁੱਖ ਸੁੱਖ ਵਿਚ ਸਦਾ ਮੋਢੇ ਨਾਲ ਮੋਢਾ ਜੋੜ ਕੇ ਖੜ੍ਹਾ ਰਹਾਂਗਾ। ਇਸ ਮੌਕੇ ਸਾਬਕਾ ਸਰਪੰਚ ਜਗਮੇਲ ਸਿੰਘ, ਸਾਬਕਾ ਸਰਪੰਚ ਰਜਿੰਦਰਪਾਲ ਸਿੰਘ, ਸਾਬਕਾ ਸਰਪੰਚ ਪਿਆਰਾ ਸਿੰਘ, ਪ੍ਰਧਾਨ ਜਗਤਾਰ ਸਿੰਘ ਭੋਲਾ,ਅਮਨਾ ਪੰਚ, ਭਿੰਦਰ ਸਿੰਘ ਪੰਚ, ਪ੍ਰਭਜੋਤ ਸਿੰਘ ਪੰਚ, ਗੁਰਪ੍ਰੀਤ ਸਿੰਘ ਪੰਚ, ਜੀਵਨ ਸਿੰਘ, ਦਵਿੰਦਰ ਸਿੰਘ, ਕੁਲਦੀਪ ਸਿੰਘ ਕੀਪੀ, ਗੁਰਮੇਲ ਸਿੰਘ, ਬਲਰਾਜ ਸਿੰਘ, ਸੋਹਣ ਸਿੰਘ, ਲਵਪ੍ਰੀਤ ਸਿੰਘ, ਸੁਖਜੀਵਨ ਸਿੰਘ, ਨਰਿੰਦਰਪਾਲ ਸਿੰਘ, ਬਿੰਦਰ ਮੰਡ,ਨਿਰਮਲ ਸਿੰਘ, ਨਛੱਤਰ ਸਿੰਘ ਸਮੇਤ ਵੱਡੀ ਗਿਣਤੀ ਵਿਚ ਪਿੰਡ ਵਾਸੀ ਹਾਜ਼ਰ ਸਨ।

ਮਨਪ੍ਰੀਤ ਬੰਟੀ ਵੱਲੋਂ ਟ੍ਰੇਡਰਜ਼ ਕਮਿਸ਼ਨ ਹਲਕਾ ਉੱਤਰੀ ਦੇ ਚੇਅਰਮੈਨ ਗਜੂ ਚਾਵਲਾ ਦਾ ਸਨਮਾਨ

ਲੁਧਿਆਣਾ, 22 ਅਪ੍ਰੈਲ (ਰਵਿੰਦਰ ਸਿੰਘ ਨਿੱਝਰ): ਛਾਉਣੀ ਮੁਹੱਲਾ ਮੰਨਾ ਸਿੰਘ ਨਗਰ ਵਿਖੇ ਅਕਾਲ ਮਾਰਕੀਟ ਰੇਡੀਮੇਡ ਐਸੋਸੀਏਸ਼ਨ ਦੇ ਪ੍ਰਧਾਨ ਤੇ ਸੀਨੀਅਰ ਆਪ ਆਗੂ ਮਨਪ੍ਰੀਤ ਸਿੰਘ ਬੰਟੀ, ਮੰਨਾ ਸਿੰਘ ਨਗਰ ਦੇ ਸਰਪ੍ਰਸਤ ਅਮਰਜੀਤ ਸਿੰਘ ਹੈਪੀ, ਗੁਰਪ੍ਰੀਤ ਸਿੰਘ ਬਿੱਲਾ ਅਤੇ ਹੋਰਾਂ ਵੱਲੋਂ ਪੰਜਾਬ ਟ੍ਰੇਡਰਜ਼ ਕਮਿਸ਼ਨ ਹਲਕਾ ਉੱਤਰੀ ਦੇ ਚੇਅਰਮੈਨ ਰਾਜੂ ਚਾਵਲਾ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਇਸ ਮੌਕੇ ਸੰਬੋਧਨ ਕਰਦਿਆਂ ਬੰਟੀ ਨੇ ਆਖਿਆ ਕਿ ਜਦੋਂ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਸੱਤਾ ਵਿੱਚ ਆਈ ਹੈ, ਵਪਾਰੀ ਬੇਹੱਦ ਖੁਸ਼ ਹਨ, ਕਿਉਂਕਿ ਉਹਨਾਂ ਦੀਆਂ ਕਾਫੀ ਲੰਬੇ ਅਰਸੇ ਤੋਂ ਲਟਕ ਰਹੀਆਂ ਮੰਗਾਂ ਵਿੱਚੋਂ ਬਹੁਤ ਸਾਰੀਆਂ ਮੰਗਾਂ ਪੂਰੀਆਂ ਹੋ ਗਈਆਂ ਹਨ। ਉਹਨਾਂ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਸਰਕਾਰ ਵਪਾਰੀਆਂ ਦੇ ਹੱਕ ਵਿੱਚ ਹੋਰ ਵੱਡੇ ਐਲਾਨ ਕਰ ਸਕਦੀ ਹੈ। ਉਨਾਂ ਸਮੂਹ ਵਪਾਰੀਆਂ ਨੂੰ ਬੇਨਤੀ ਕੀਤੀ ਕਿ ਉਹ ਆਉਣ ਵਾਲੇ ਸਮੇਂ ਵਿੱਚ ਆਮ ਆਦਮੀ ਪਾਰਟੀ ਦਾ ਡੱਟ ਕੇ ਸਾਥ ਦੇਣ ਤਾਂ ਜੋ ਪੰਜਾਬ ਵਿੱਚ ਵਪਾਰੀਆਂ ਨੂੰ ਭਵਿੱਖ ਵਿੱਚ ਕੋਈ ਮੁਸ਼ਕਿਲ ਨਾ ਆਵੇ। ਇਸ ਮੌਕੇ ਮਨਿੰਦਰ ਸਿੰਘ ਗਿਫਟੀ , ਰੂਬਲ ਅਤੇ ਦੇਵਿੰਦਰ ਸਿੰਘ ਰਾਜੂ ਆਦਿ ਵੀ ਮੌਜੂਦ ਸਨ।

ਨੌਜਵਾਨਾਂ ਨੂੰ ਨਸ਼ਿਆਂ ਤੋਂ ਬਚਾਉਣਾ ਸਾਡੀ ਸਭ ਤੋਂ ਵੱਡੀ ਤਰਜੀਹ : ਐਸ.ਐਸ.ਪੀ.

ਲੁਧਿਆਣਾ, 22 ਅਪ੍ਰੈਲ (ਵਿਸ਼ਾਲ ਸ਼ਰਮਾ): ਪੁਲਿਸ ਨਸ਼ਿਆਂ ਖ਼ਿਲਾਫ਼ ਚੱਲ ਰਹੀ ਮੁਹਿੰਮ ਨੂੰ ਹੋਰ ਤੇਜ਼ ਕਰਦੇ ਹੋਏ ਸੀਨੀਅਰ ਪੁਲਿਸ ਕਪਤਾਨ (ਐਸ.ਐਸ.ਪੀ) ਖੰਨਾ ਡਾ. ਦਰਪਣ ਆਹਲੂਵਾਲੀਆ ਵੱਲੋਂ ਇੱਕ ਹੋਰ ਮਹੱਤਵਪੂਰਨ ਕਦਮ ਚੁੱਕਿਆ ਗਿਆ ਹੈ। ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਉਨ੍ਹਾਂ ਨੇ ਅੱਜ ਸਿਵਲ ਹਸਪਤਾਲ ਸਮਰਾਲਾ ਵਿਖੇ ਨਸ਼ਾ ਛੁਡਾਊ ਕੇਂਦਰ ਦਾ ਦੌਰਾ ਕੀਤਾ। ਇਸ ਦੌਰੇ ਦੌਰਾਨ ਉਨ੍ਹਾਂ ਨੇ ਮਰੀਜ਼ਾਂ ਨਾਲ ਗੱਲਬਾਤ ਕਰਕੇ ਉਨ੍ਹਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਐਸ.ਐਸ.ਪੀ ਨੇ ਐਸ.ਐਮ.ਓ ਸਮਰਾਲਾ ਅਤੇ ਸਿਹਤ ਵਿਭਾਗ ਦੇ ਹੋਰ ਅਧਿਕਾਰੀਆਂ ਨਾਲ ਇੱਕ ਵਿਸ਼ੇਸ਼ ਮੀਟਿੰਗ ਕੀਤੀ। ਮੀਟਿੰਗ ਵਿੱਚ ਨਸ਼ਿਆਂ ਦੇ ਖਾਤਮੇ ਲਈ ਪ੍ਰਭਾਵਸ਼ਾਲੀ ਰਣਨੀਤੀਆਂ ਅਤੇ ਪੁਲਿਸ ਤੇ ਸਿਹਤ ਵਿਭਾਗ ਵਿਚਕਾਰ ਤਾਲਮੇਲ ਮਜ਼ਬੂਤ ਕਰਨ 'ਤੇ ਵਿਚਾਰ-ਵਟਾਂਦਰਾ ਕੀਤਾ ਗਿਆ। ਉਨ੍ਹਾਂ ਕਿਹਾ ਕਿ ਨਸ਼ਿਆਂ ਖਿਲਾਫ ਲੜਾਈ ਸਿਰਫ ਕਾਨੂੰਨੀ ਕਾਰਵਾਈ ਨਾਲ ਨਹੀਂ ਜਿੱਤੀ ਜਾ ਸਕਦੀ, ਸਗੋਂ ਇਲਾਜ ਅਤੇ ਜਾਗਰੂਕਤਾ ਵੀ ਬਹੁਤ ਜ਼ਰੂਰੀ ਹੈ।

ਐਸ.ਐਸ.ਪੀ ਡਾ. ਦਰਪਣ ਆਹਲੂਵਾਲੀਆ ਨੇ ਕਿਹਾ ਕਿ ਖੰਨਾ ਪੁਲਿਸ ਨਸ਼ਿਆਂ ਦੇ ਸਪਲਾਈ ਚੇਨ ਨੂੰ ਤੋੜਨ ਲਈ ਲਗਾਤਾਰ ਕਾਰਵਾਈ ਕਰ ਰਹੀ ਹੈ ਅਤੇ ਨਾਲ ਹੀ ਨਸ਼ਾ ਛੁਡਾਊ ਕੇਂਦਰਾਂ ਰਾਹੀਂ ਮਰੀਜ਼ਾਂ ਨੂੰ ਮੁੜ ਸਮਾਜ ਨਾਲ ਜੋੜਨ ਦੀ ਕੋਸ਼ਿਸ਼ ਵੀ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਨੌਜਵਾਨਾਂ ਨੂੰ ਨਸ਼ਿਆਂ ਤੋਂ ਬਚਾਉਣਾ ਸਭ ਤੋਂ ਵੱਡੀ ਤਰਜੀਹ ਹੈ। ਉਨ੍ਹਾਂ ਸਿਹਤ ਵਿਭਾਗ ਨਾਲ ਮਿਲ ਕੇ ਇੱਕ ਸੰਯੁਕਤ ਯੋਜਨਾ ਤਹਿਤ ਕੰਮ ਕਰਨ ਦੀ ਗੱਲ ਕਹੀ, ਤਾਂ ਜੋ ਨਸ਼ਿਆਂ ਦੀ ਸਮੱਸਿਆ ਨੂੰ ਜੜ੍ਹੋਂ ਤੋਂ ਖਤਮ ਕੀਤਾ ਜਾ ਸਕੇ। ਇਸ ਦੌਰਾਨ ਮਾਨਸਿਕ ਰੋਗ ਮਾਹਿਰ ਡਾ. ਨਵਨੀਤ ਕੌਰ ਨੇ ਵੀ ਆਪਣੇ ਵਿਚਾਰ ਸਾਂਝੇ ਕੀਤੇ। ਉਨ੍ਹਾਂ ਕਿਹਾ ਕਿ ਨਸ਼ਾ ਇੱਕ ਮਾਨਸਿਕ ਅਤੇ ਸਰੀਰਕ ਬਿਮਾਰੀ ਹੈ, ਜਿਸ ਦਾ ਇਲਾਜ ਸੰਭਵ ਹੈ, ਜੇਕਰ ਮਰੀਜ਼ ਨੂੰ ਸਹੀ ਸਮੇਂ 'ਤੇ ਸਹੀ ਮੱਦਦ ਮਿਲੇ। ਉਨ੍ਹਾਂ ਦੱਸਿਆ ਕਿ ਨਸ਼ਾ ਛੱਡਣ ਵਾਲੇ ਵਿਅਕਤੀਆਂ ਨੂੰ ਸਿਰਫ ਦਵਾਈ ਹੀ ਨਹੀਂ, ਸਗੋਂ ਕਾਊਂਸਲਿੰਗ ਅਤੇ ਪਰਿਵਾਰਕ ਸਹਿਯੋਗ ਦੀ ਵੀ ਲੋੜ ਹੁੰਦੀ ਹੈ। ਡਾ. ਨਵਨੀਤ ਕੌਰ ਨੇ ਜ਼ੋਰ ਦਿੱਤਾ ਕਿ ਸਮਾਜ ਨੂੰ ਨਸ਼ੇ ਦੇ ਆਦੀ ਲੋਕਾਂ ਨੂੰ ਤਿਰਸਕਾਰ ਨਹੀਂ ਕਰਨਾ ਚਾਹੀਦਾ, ਬਲਕਿ ਉਨ੍ਹਾਂ ਦੀ ਮੱਦਦ ਕਰਨੀ ਚਾਹੀਦੀ ਹੈ ਤਾਂ ਜੋ ਉਹ ਮੁੜ ਨਾਰਮਲ ਜ਼ਿੰਦਗੀ ਜੀ ਸਕਣ। ਡਾ. ਨਵਨੀਤ ਕੌਰ ਨੇ ਯੁੱਧ ਨਸ਼ਿਆਂ ਵਿਰੁੱਧ ਦੀ ਸ਼ਲਾਘਾ ਕਰਦੇ ਹੋਏ ਕਿਹਾ ਕਿ ਸਾਨੂੰ ਸਾਰਿਆਂ ਨੂੰ ਇਸ ਮੁਹਿੰਮ 'ਚ ਸਹਿਯੋਗ ਦੇਣਾ ਚਾਹੀਦਾ ਹੈ।

ਐਨ.ਸੀ.ਸੀ. 3 ਗਰਲਜ਼ ਬਟਾਲੀਅਨ, ਨੇ ਕੈਡਿਟਾਂ ਨੂੰ ਸਰਟੀਫ਼ਿਕੇਟ ਵੰਡੇ



ਲੁਧਿਆਣਾ, 22 ਅਪ੍ਰੈਲ (ਵਿਸ਼ਾਲ ਸ਼ਰਮਾ): ਐਨ ਸੀ ਸੀ 3 ਪੰਜਾਬ ਗਰਲਜ਼ ਬਟਾਲੀਅਨ, ਲੁਧਿਆਣਾ ਵੱਲੋਂ ਜੂਨੀਅਰ ਵਿੰਗ ਕੈਡੇਟਾਂ ਨੂੰ ਇੱਕ ਸਰਕਾਰੀ ਸਮਾਗਮ ਦੌਰਾਨ ਐਨ ਸੀ ਸੀ 'ਏ' ਸਰਟੀਫਿਕੇਟ ਵੰਡੇ ਗਏ। ਕਮਾਂਡਿੰਗ ਅਫਸਰ, ਐਨ ਸੀ ਸੀ 3 ਪੰਜਾਬ ਗਰਲਜ਼ ਬਟਾਲੀਅਨ, ਲੁਧਿਆਣਾ ਕਰਨਲ ਆਰ.ਐਸ. ਚੌਹਾਨ ਨੇ ਦੱਸਿਆ ਕਿ ਪ੍ਰੀਖਿਆ ਦਾ ਨਤੀਜਾ 100% ਰਿਹਾ, ਜੋ ਕੈਡੇਟਾਂ ਦੀ ਮਿਹਨਤ ਅਤੇ ਟ੍ਰੇਨਰਾਂ ਦੇ ਮਾਰਗਦਰਸ਼ਨ ਨੂੰ ਦਰਸਾਉਂਦਾ ਹੈ। ਕਰਨਲ ਚੌਹਾਨ ਨੇ ਦੱਸਿਆ ਕਿ ਇਸ ਪ੍ਰੋਗਰਾਮ ਦਾ ਮੁੱਖ ਉਦੇਸ਼ ਟ੍ਰੇਨਿੰਗ ਪ੍ਰਣਾਲੀ ਨੂੰ ਮਜ਼ਬੂਤ ਕਰਨਾ ਅਤੇ ਟ੍ਰੇਨਰਾਂ ਨੂੰ ਕੈਡੇਟਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਤਿਆਰ ਕਰਨ ਯੋਗ ਬਣਾਉਣਾ ਸੀ। ਇਹ ਪਹਿਲ ਸਾਰੇ ਭਾਗੀਦਾਰਾਂ ਲਈ ਗਿਆਨ ਭਰਪੂਰ ਅਤੇ ਬੇਹੱਦ ਲਾਭਕਾਰੀ ਰਹੀ। ਕਮਾਂਡਿੰਗ ਅਫਸਰ, 3 ਪੰਜਾਬ ਗਰਲਜ਼ ਬਟਾਲੀਅਨ ਐਨਸੀਸੀ, ਲੁਧਿਆਣਾ, ਕਰਨਲ ਆਰ.ਐਸ. ਚੌਹਾਨ ਨੇ ਕੈਡੇਟਾਂ ਅਤੇ ਟ੍ਰੇਨਰਾਂ ਦੇ ਯਤਨਾਂ ਦੀ ਸਰਾਹਨਾ ਕੀਤੀ ਅਤੇ ਉਨ੍ਹਾਂ ਦੀ ਸਮਰਪਣ ਭਾਵਨਾ ਅਤੇ ਸ਼ਾਨਦਾਰ ਕਾਰਜ ਲਈ ਉਨ੍ਹਾਂ ਨੂੰ ਪ੍ਰੇਰਿਤ ਕੀਤਾ।

ਗੁ: ਸ੍ਰੀ ਗੁਰੂ ਸਿੰਘ ਸਭਾ ਵਿਖੇ ਕੀਰਤਨ ਸਮਾਗਮ ਕਰਵਾਇਆ

ਲੁਧਿਆਣਾ, 22 ਅਪ੍ਰੈਲ (ਰਵਿੰਦਰ ਸਿੰਘ ਨਿੱਝਰ): ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਮਾਡਲ ਟਾਊਨ ਐਕਸਟੈਨਸ਼ਨ ਵਿਖੇ ਗੁਰ ਦਸਮੇਸ਼ ਸੇਵਾ ਸੁਸਾਇਟੀ ਵੱਲੋਂ ਕੀਰਤਨ ਸਮਾਗਮ ਕਰਵਾਇਆ ਗਿਆ।ਜਿਸ ਵਿੱਚ ਪੰਥ ਦੇ ਪ੍ਰਸਿੱਧ ਕੀਰਤਨੀਏ ਭਾਈ ਕਵੰਲਦੀਪ ਸਿੰਘ ਹਜ਼ੂਰੀ ਰਾਗੀ ਸੱਚਖੰਡ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਵਾਲਿਆਂ ਦੇ ਕੀਰਤਨੀ ਜੱਥੇ ਨੇ ਗੁਰਬਾਣੀ ਦਾ ਇਲਾਹੀ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਸੁਸਾਇਟੀ ਦੇ ਮੈਬਰਾਂ ਨੇ ਭਾਈ ਕਵੰਲਦੀਪ ਸਿੰਘ ਦੇ ਜੱਥੇ ਦੇ ਮੈਬਰਾਂ ਨੂੰ ਸਿਰਪਾਉ ਭੇਟ ਕਰਕੇ ਸਨਮਾਨਿਤ ਵੀ ਕੀਤਾ । ਸਮਾਗਮ ਅੰਦਰ ਇੰਦਰਬੀਰ ਸਿੰਘ ਬੱਤਰਾ, ਹਰਪਾਲ ਸਿੰਘ ਬੱਤਰਾ, ਰਜਿੰਦਰ ਸਿੰਘ ਡੰਗ, ਸਰਬਜੀਤ ਸਿੰਘ, ਭੁਪਿੰਦਰ ਸਿੰਘ ਅਰੋੜਾ, ਅੰਮ੍ਰਿਤ ਸਾਗਰ ਕੰਪਨੀ ਦੇ ਮਾਲਕ ਬਲਬੀਰ ਸਿੰਘ ਭਾਟੀਆ, ਹਰਪਾਲ ਸਿੰਘ ਖਾਲਸਾ, ਭੁਪਿੰਦਰ ਸਿੰਘ ਜੁਨੇਜਾ, ਐਨ. ਪੀ ਸਿੰਘ ਕਬੂਰੀਆਂ, ਰਘਬੀਰ ਸਿੰਘ, ਮਹਿੰਦਰ ਸਿੰਘ ਡੰਗ, ਹਰਮੀਤ ਸਿੰਘ ਡੰਗ, ਗੁਰਬਚਨ ਸਿੰਘ, ਅਤਰ ਸਿੰਘ ਮੱਕੜ, ਸੁਰਿੰਦਰਪਾਲ ਸਿੰਘ ਭੁਟੀਆਣੀ, ਅਵਤਾਰ ਸਿੰਘ ਮਿੱਢਾ, ਦਾਨ ਸਿੰਘ, ਹਰਪ੍ਰੀਤ ਸਿੰਘ ਨੀਟਾ, ਦਵਿੰਦਰ ਸਿੰਘ ਬਿੱਟੂ, ਹਰਚਰਨ ਸਿੰਘ ਕਾਲੜਾ, ਕਵੰਲਪ੍ਰੀਤ ਸਿੰਘ ਸੋਢੀ, ਇੰਦਰਜੀਤ ਸਿੰਘ ਛਾਬੜਾ, ਵਿਜੈ ਕੁਮਾਰ ਸੂਦ, ਮਨਮੋਹਨ ਸਿੰਘ, ਜੋਗਿੰਦਰ ਸਿੰਘ ਸਲੂਜਾ, ਕੁਲਜੀਤ ਸਿੰਘ ਖੁਰਾਣਾ ਅਤੇ ਖੁਸ਼ਹਾਲ ਸਿੰਘ ਵੀ ਹਾਜ਼ਰ ਸਨ।

ਬੀ.ਸੀ.ਐਮ. ਸਕੂਲ ਦੇ ਵਿਦਿਆਰਥੀਆਂ ਨੇ ਡੀ.ਪੀ.ਆਰ.ਓ. ਦਫ਼ਤਰ ਦਾ ਦੌਰਾ ਕਰਕੇ ਮੀਡੀਆ ਦੇ ਕੰਮਕਾਜ ਦੀ ਲਈ ਜਾਣਕਾਰੀ

ਲੁਧਿਆਣਾ, 22 ਅਪ੍ਰੈਲ (ਵਿਸ਼ਾਲ ਸ਼ਰਮਾ): ਬੀ.ਸੀ.ਐਮ. ਆਰੀਆ ਮਾਡਲ ਸੀਨੀਅਰ ਸੈਕੰਡਰੀ ਸਕੂਲ ਲੁਧਿਆਣਾ ਦੇ 12ਵੀਂ ਜਮਾਤ (ਪੱਤਰਕਾਰੀ) ਦੇ 26 ਵਿਦਿਆਰਥੀਆਂ ਨੇ ਅੱਜ ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ (ਡੀ.ਪੀ.ਆਰ.ਓ.) ਲੁਧਿਆਣਾ ਦਾ ਦੌਰਾ ਕਰਕੇ ਮੀਡੀਆ ਕਵਰੇਜ ਦੀ ਪਰਿਭਾਸ਼ਾ ਅਤੇ ਮਹੱਤਤਾ ਬਾਰੇ ਜਾਣਕਾਰੀ ਹਾਸਲ ਕਰਨ ਲਈ ਸ਼ਮੂਲੀਅਤ ਕੀਤੀ। ਇਸ ਦੌਰੇ ਦੌਰਾਨ ਵਿਦਿਆਰਥੀਆਂ ਨੇ ਡਿਪਟੀ ਡਾਇਰੈਕਟਰ ਸ੍ਰੀ ਪ੍ਰਭਦੀਪ ਸਿੰਘ ਨੱਥੋਵਾਲ, ਜ਼ਿਲ੍ਹਾ ਲੋਕ ਸੰਪਰਕ ਅਫ਼ਸਰ (ਡੀ.ਪੀ.ਆਰ.ਓ.) ਪੁਨੀਤ ਪਾਲ ਸਿੰਘ ਗਿੱਲ ਅਤੇ ਸਹਾਇਕ ਲੋਕ ਸੰਪਰਕ ਅਫ਼ਸਰ (ਏ.ਪੀ.ਆਰ.ਓ.) ਜਤਿੰਦਰ ਕੌਹਲੀ ਅਤੇ ਗੁਰਮੁਖ ਸਿੰਘ ਨਾਲ ਤਾਲਮੇਲ ਕੀਤਾ। ਇਹਨਾਂ ਅਧਿਕਾਰੀਆਂ ਨੇ ਵਿਦਿਆਰਥੀਆਂ ਨਾਲ ਪੱਤਰਕਾਰੀ ਅਤੇ ਜਨ ਸੰਚਾਰ ਦੇ ਸਬੰਧ ਵਿੱਚ ਵਿਦਿਆਰਥੀਆਂ ਨਾਲ ਗੱਲਬਾਤ ਕਰਦਿਆਂ ਮੀਡੀਆ ਦੇ ਕੰਮਕਾਜ ਅਤੇ ਜਨਤਕ ਸੰਚਾਰ ਪ੍ਰਣਾਲੀਆਂ ਬਾਰੇ ਜਾਣਕਾਰੀ ਸਾਂਝੀ ਕੀਤੀ। ਇਸ ਸੈਸ਼ਨ ਦਾ ਉਦੇਸ਼ ਵਿਦਿਆਰਥੀਆਂ ਨੂੰ ਮੀਡੀਆ ਕਾਰਜਾਂ ਅਤੇ ਜਾਣਕਾਰੀ ਦੇ ਪ੍ਰਸਾਰ ਵਿੱਚ ਸਰਕਾਰ ਦੀ ਭੂਮਿਕਾ ਬਾਰੇ ਵਿਹਾਰਕ ਜਾਣਕਾਰੀ ਪ੍ਰਦਾਨ ਕਰਨਾ ਸੀ।

ਦੌਰੇ ਦੌਰਾਨ ਵਿਦਿਆਰਥੀਆਂ ਨੇ ਮੀਡੀਆ ਤਾਲਮੇਲ, ਪ੍ਰੈਸ ਨੋਟ ਡਰਾਫਟਿੰਗ ਅਤੇ ਸਰਕਾਰੀ ਪਹੁੰਚ ਵਿਧੀਆਂ ਦੀ ਸਮਝ ਪ੍ਰਾਪਤ ਕੀਤੀ। ਵਿਦਿਆਰਥੀਆਂ ਲਈ ਇਹ ਪਹਿਲ ਜਾਣਕਾਰੀ ਭਰਪੂਰ ਸਾਬਤ ਹੋਈ ਹੈ। ਇਹ ਉਨ੍ਹਾਂ ਨੂੰ ਪ੍ਰੈਕਟੀਕਲੀ ਸਿੱਖਣ ਦਾ ਤਜਰ

ਸਿਰਲੇਖਵਾਰ ਇਸ਼ਤਿਹਾਰ /Classified Advertisement

In The Court of Sh. Manmohan Bhatti
Sub Divisional Judicial Magistrate, Rajpura
CNR No.PBPTA1-004487-2022
Next Date: 18.05.2026
M/s Livestock Solutions Pvt. Ltd
Versus
Tarlochan Singh
Notice to: Tarlochan Singh Father: Pyara Singh Bhandal Bet Kapurthala Prop Anmol Dairy
In above titled case the accused could not be served. It is orderded that accused should appear in person or through counsel on **18.**05.2026 at 10:00 A.M.
For details logon to https://highcourtchd.gov.in/?mod=district_notice&district=patiala
Dated this day of 21-04-2026
Sd/- Sub Divisional Judicial Magistrate, Rajpura

(U/o 5 Rule 20 CPC)
In The Court of Ms. Harinder Sidhu
Additional District and Sessions Judge-1, Patiala
CNR No.PBPT01-012048-2025
Next Date: 11.05.2026
Om Parkash
Versus
Mangat Singh
Notice to: Mangat Singh:- S/o Suraj Ram R/o H.No. 106 Anand Nagar A Patiala
In above titled case the defendant(s)/respondent(s) could not be served. It is orderded that defendant(s)/respondent(s) should appear in person or through counsel on **11.**05.2026 at 10:00 A.M.
For details logon to https://highcourtchd.gov.in/?mod=district_notice&district=Patiala
Dated this day of 25-03-2026
Sd/- Additional District and Sessions Judge-1, Patiala

(U/o 5 Rule 20 CPC)
In The Court of Sh. Munish Garg
Civil Judge (Senior Division), Barnala
CNR NO. PBBR02-002519-2025
Next Date: 11.05.2026
Kuldeep Singh
Versus
General Public
Notice to: General Public:- Barnala
In above titled case the defendant(s)/respondent(s) could not be served. It is orderded that defendant(s)/respondent(s) should appear in person or through counsel on 11.05.2026 at 10:00 A.M.
For details logon to https://highcourtchd.gov.in/?mod=district_notice&district=barnala
Dated this day of 15-04-2026
Sd/- Civil Judge (Senior Division), Barnala

(U/o 5 Rule 20 CPC)
In The Court of Dr. Supreet Kaur
Civil Judge (Junior Division), Gurdaspur
CNR No.PBGD02-000335-2026
Next Date: 11.05.2026
Dilsher Singh S/o Hardev Singh
Versus
General Public
Notice to: General Public
In the above titled case the defendant(s)/respondent(s) could not be served. it is ordered that the defendant(s)/respondent(s) should appear in person or through counsel on 11.05.2026 at 10:00 am.
For details logon to www.highcourtchd.gov.in/?mod=district_notice&district=Gurdaspur
Dated this day of 06.04.2026
Sd/- Civil Judge (Junior Division), Gurdaspur

(U/o 5 Rule 20 CPC)
In The Court of Hon'ble Aman Sharma
Additional Principal Judge Family Court, Amritsar
CNR No.PBAS01-013990-2025
Next Date : 11.05.2026
Harvinder Singh
Versus
Karandeep Kaur
Notice to: Amandeep Father::-Not Known New Baba Deep Singh Colony, Chabhal Road, Amritsar 2. Mangu Village Bhoma, Wadala, Tehsil Majitha, District Amritsar.
In above titled case the defendant(s)/respondent(s) could not be served. It is orderded that defendant(s)/respondent(s) should appear in person or through counsel on **11.**05.2026 at 10:00 A.M.
For details logon to https://highcourtchd.gov.in/?trs=district_notice&district=Amritsar
Dated this day of 03-04-2026
Sd/- Additional Principal Judge Family Court, Amritsar

(U/o 5 Rule 20 CPC)
In The Court of Ms. Riffi Bhatti
Civil Judge (Junior Division), Jagraon
CNR No.PBLDB0-000582-2024
Next Date: 28.04.2026
Nachhattar Singh
Versus
Ramandeep Kaur
Notice to: Ramandeep Kaur W/O Gurpreet Singh S/O Nachhattar Singh R/O H.No.1362, Gali No.8, Guru Nanak Colony Near Dhuri Line, Tehsil And Distt Ludhiana
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on **28.**04.2026 at 10:00 A.M.
For details logon to https://highcourtchd.gov.in/?mod=district_notice&district=ludhianacourt
Dated, this day of 06-04-2026
Sd/- Civil Judge (Junior Division), Jagraon

(U/o 5 Rule 20 CPC)
(Under Guardian and Ward Act)
In The Court of Ms. Balvinder Kaur Dhaliwal
Additional Civil Judge (Senior Division), Jagraon
CNR No.PBLDB0-001211-2024
Next Date: 29.04.2026
Inderjit Kaur
Versus
General Public
Notice to: General Public
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on **29.**04.2026 at 10:00 A.M.
For details logon to https://highcourtchd.gov.in/?mod=district_notice&district=ludhianacourt
Dated, this day of 07-04-2026
Sd/- Additional Civil Judge (Senior Division), Ludhiana

(U/o 5 Rule 20 CPC)
In The Court of Sh. Nitin Garg
Civil Judge Junior Division-5, Abohar
CNR No.PBFZE0-001809-2023
Next Date: 13.05.2026
Bank of Baroda
Versus
M/s Riwaz Collections
Notice to: M/S Riwaz Collections Street No. 11 3rd Crossing Main Bazar Abohar Through Its Sole Prop. Sh Vijay Kumar Son Of Sh Mukand Lal (Since Deceased Represented Through His Legal Heirs:- Lr.No.4 Of Def No.2 - Harshit Minor R/O St No 1 Chhoti Poudi Nai Abadi Abohar. Distt Fzk.
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on **13.**05.2026 at 10:00 A.M.
For details logon to https://highcourtchd.gov.in/?mod=district_notice&district=mogacourt
Dated, this day of 17-04-2026
Sd/- Civil Judge Junior Division-5, Abohar

(U/o 5 Rule 20 CPC)
In The Court of Ms. Chinu Sharma
Civil Judge Jr. Div.,Chandigarh
CNR No.CHCH02-002916-2025
Next Date: 21.04.2026
Jasjit Kaur Rekhi
Versus
General Public
Suit for Declaration
Notice to: General Public
In above titled case the defendant(s)/respondent(s) could not be served. It is orderded that defendant(s)/respondent(s) should appear in person or through counsel on **21.**04.2026 at 10:00 A.M.
For details logon to https://highcourtchd.gov.in/?trs=district_notice&district=Chandigarh
Dated this day of 27-03-2026
Sd/- Civil Judge Jr. Div.,Chandigarh

(U/o 5 Rule 20 CPC)
In The Court of Sh. Rajinder Singh Teji
Additional Civil Judge Senior Division-1, Ferozepur
CNR No.PBFZ02-000492-2026
Next Date: 06.05.2026
CS/222/2026
Varjinder Singh
Versus
General Public
Notice to: General Public:- FZR
In above titled case the defendant(s)/respondent(s) could not be served. It is orderded that defendant(s)/respondent(s) should appear in person or through counsel on **06.**05.2026 at 10:00 A.M.
For details logon to https://highcourtchd.gov.in/?mod=district_notice&district=mogacourt
Dated this day of 20-04-2026
Sd/- Additional Civil Judge Senior Division-1, Ferozepur

Before The District Consumer Disputes Redressal Commission 9-A, Opposite Nihal Bagh, Barandari, Patiala
Consumer Complaint No: 109 of 2024
Date of Institution: 28.05.2024
Fixed for: 28.04.2026
Karaj Singh
Versus
Capital India & Ors.
1. Karaj Singh aged about 57 years s/o Sh. Kundan Singh R/o Village alipur Jattan, Po, Charason Tehsil & District patiala
.....Complainant
Versus
1. Capital India Registered Office at 2nd Floor, DLF Centre Sansad Mark, New Delhi-110001, through its Manager.
.....Opposite Party
Whereas, in the above noted case, it has been proved to the satisfaction of this forum that the above mentioned Opposite Party i.e. **1. Capital India Registered Office at 2nd Floor, DLF Centre Sansad Mark; New Delhi-110001, through its Manager,** cannot be served through ordinary manner. Hence this proclamation under Order V, Rule 20 CPC is hereby issued against the them with the direction to appear in person or through some authorized agent/counsel, on **28.04.2026 at 10:30 A.M.** failing which ex-parte proceedings shall be initiated against them and the complaint against them will be decided ex-parte.
Given under my hand and the seal of the Commission this 01th day of April 2026.
Sd/- President District Consumer Commission, Patiala

ਬਾ-ਅਦਾਲਤ ਮਾਨਯੋਗ ਸ਼੍ਰੀ ਮਨਿੰਦਰ ਸਿੰਘ ਤਹਿਸੀਲਦਾਰ-ਕਮ-ਸਹਾਇਕ ਕੁਲੈਕਟਰ ਦਰਜਾ-ਦੋਇਮ ਅਬੋਹਰ
ਨੋਟਿਸ ਬਨਾਮ ਆਮ ਪਬਲਿਕ
ਹਰ ਆਮ ਵਾ ਖਾਸ ਨੂੰ ਇਸ ਨੋਟਿਸ ਰਾਹੀਂ ਸੂਚਿਤ ਕੀਤਾ ਜਾਂਦਾ ਹੈ ਕਿ ਇਹ ਦਾਵਾ ਦਰੁਸਤੀ ਗਿਰਦਾਵਰੀ ਅਰਜ਼ੀ ਤੈਦਾਦੀ 03 ਕਨਾਲ 00 ਮਰਲੇ ਮਰਦੇਰਜ਼ਾ ਖਸਰਾ ਨੰ,1446, ਮਿਨ ਚੜੱਦਾ (1-10) 1448 ਮਿਨ ਚੜੱਦਾ (1-10) ਖੇਵਟ ਨੰਬਰ 181 ਖਤੌਨੀ ਨੰ. 277, 282 ਵਾਕਿਆ ਰਕਬਾ ਪਿੰਡ **ਅਜੀਮਗੜ੍ਹ** ਤਹਿਸੀਲ ਅਬੋਹਰ ਜ਼ਿਲ੍ਹਾ ਫਾਜ਼ਿਲਕਾ ਇਸ ਅਦਾਲਤ ਵਿਚ ਜੇਰ ਫੈਸਲਾ ਹੈ। ਧਿਰਾਂ ਦੀ ਇਤਲਾਹ ਕਰਵਾਉਣ ਤੋਂ ਸਪੱਸ਼ਟ ਹੈ ਕਿ ਧਿਰਾਂ ਦੀ ਇਤਲਾਹ ਸਾਧਾਰਨ ਤਰੀਕੇ ਨਾਲ ਕਰਵਾਉਣੀ ਅਸੰਭਵ ਹੈ। ਇਸ ਲਈ ਧਿਰਾਂ ਨੂੰ ਇਸ ਨੋਟਿਸ ਰਾਹੀਂ ਸੂਚਿਤ ਕੀਤਾ ਜਾਂਦਾ ਹੈ ਕਿ ਇਸ ਦਾਵਾ ਦਰੁਸਤੀ ਗਿਰਦਾਵਰੀ ਸਬੰਧੀ ਅਗਲੀ ਤਾਰੀਖ ਪੇਸ਼ੀ 11/5/2026 ਨਿਸ਼ਚਿਤ ਹੈ। ਇਸ ਸਬੰਧੀ ਧਿਰਾਂ ਅਸਾਲਤਨ/ਵਕਾਲਤਨ ਮਿਤੀ 11/5/2026 ਨੂੰ ਮੇਰੀ ਅਦਾਲਤ ਵਿਚ ਸਵੇਰੇ 10.00 ਵਜੇ ਹਾਜ਼ਰ ਹੋਣ। ਇਸ ਨੋਟਿਸ ਰਾਹੀਂ ਇਹ ਸਮਝਿਆ ਜਾਵੇਗਾ ਕਿ ਧਿਰਾਂ ਦੀ ਇਤਲਾਹ ਮੁਕੰਮਲ ਹੋ ਚੁਕੀ ਹੈ ਅਤੇ ਇਸ ਅਦਾਲਤ ਵੱਲੋਂ ਕਾਇਦੇ-ਕਾਨੂੰਨ ਮੁਤਾਬਕ ਆਪਣੀ ਕਾਰਵਾਈ ਜਾਰੀ ਰੱਖੀ ਜਾਵੇਗੀ।
ਧਿਰਾਂ ਦਾ ਵੇਰਵਾ ਹੇਠ ਲਿਖੇ ਅਨੁਸਾਰ ਹੈ:-
1) ਹਰਿਦਰ ਸਿੰਘ ਪੁੱਤਰ ਦਲ ਸਿੰਘ ਵਾਸੀ ਪਿੰਡ ਅਜੀਮਗੜ੍ਹ ਤਹਿਸੀਲ ਅਬੋਹਰ ਜ਼ਿਲ੍ਹਾ ਫਾਜ਼ਿਲਕਾ

.....ਫ਼ਰੀਕਅਵਲ
1) ਜਗਦੀਸ ਪੁੱਤਰ ਦੇਵੀ ਲਾਲ ਪੁੱਤਰ ਚੁਨੀ ਲਾਲ 2) ਰੇਹਤਾਸ ਸਿੰਘ 3) ਪਰਮਿਅਦੇਰ ਸਿੰਘ 4) ਹਰਪਾਲ ਸਿੰਘ 5) ਕੇਵਰਪਾਲ ਸਿੰਘ ਬੇਟੇ ਗੁਰਚਰਨ ਸਿੰਘ 6) ਗੁਰਨੇਕ ਸਿੰਘ 7) ਗੁਰਨੈਬ ਸਿੰਘ ਬੇਟੇ ਸਰਦਾਰ ਸਿੰਘ ਪੁੱਤਰ ਜੰਗ ਸਿੰਘ 8) ਗੁਰਮਨਦੀਪ ਸਿੰਘ ਪੁੱਤਰ ਗੁਰਲਾਲ ਸਿੰਘ 9) ਗੁਰਦੇਵ ਸਿੰਘ ਪੁੱਤਰ ਬਖਤੋਰ ਸਿੰਘ 10) ਭੁਪਿਦੇਰ ਸਿੰਘ ਪੁੱਤਰ ਮੁਤਬੰਨਾ ਨਾਹਰ ਸਿੰਘ 11) ਗੁਰਨਾਮ ਕੌਰ ਵਿਧਵਾ ਵਾ 12) ਨਛਤਰ ਸਿੰਘ ਪੁੱਤਰ ਸ਼ੇਰ ਸਿੰਘ ਪੁੱਤਰ ਰਾਮ ਸਿੰਘ 13) ਬਬੀ ਪੁੱਤਰ ਪਵਿੱਤੇਰ ਸਿੰਘ 14) ਬਲਦੇਵ ਸਿੰਘ 15) ਗੁਰਚੈਦ ਸਿੰਘ ਉਰਫ ਗੁਰਚਰਨ ਸਿੰਘ ਪੁਤਰਾਨ ਸੇਰ ਸਿੰਘ 16) ਸਿਰੀ ਚੈਦ 17) ਸਿਵਤਾਰ ਸਿੰਘ 18) ਸੁਖਚੈਦ ਬੇਟੇ ਕਰਮ ਸਿੰਘ 19) ਸਰੋਜ ਦੇਵੀ ਪਤਨੀ ਅਸੋਕ ਕੁਮਾਰ 20) ਬਾਬੂ ਰਾਮ ਪੁੱਤਰ ਜਗਦੀਸ 21) ਮਨਪ੍ਰੀਤ ਕੌਰ ਪਤਨੀ ਮਨਿੰਦਰਪਾਲ ਸਿੰਘ 22) ਹਰਨਾਮ ਕੌਰ ਵਿਧਵਾ ਵਾ 23) ਸੁਰਜੀਤ ਕੌਰ 24) ਮਲਕੀਅਤ ਕੌਰ 25) ਪ੍ਰੇਮ ਕੌਰ ਪੁਤਰੀਆਨ ਵਾ 26) ਜਗਬੀਰ ਸਿੰਘ 27) ਗੁਰਬੀਰ ਸਿੰਘ 28) ਸੁਰਜੀਤ ਸਿੰਘ ਬੇਟੇ ਹਰਬਖਸ਼ ਸਿੰਘ 29) ਬਲਦੇਵ ਸਿੰਘ ਪੁੱਤਰ ਵਾ 30) ਸੁਰਿਦਰ ਕੌਰ 31) ਕਰਮਜੀਤ ਕੌਰ ਪੁਤਰੀਆਨ ਅਮਰਸਿੰਘ 32) ਗੁਰਜੀਤ ਕੌਰ ਪੁੱਤਰੀ ਹਰਬਖਸ਼ ਸਿੰਘ 33) ਮਨਜੀਤ ਕੌਰ ਵਿਧਵਾ 34) ਰੁਪਿੰਦਰ ਕੌਰ 35) ਪਰਮਿੰਦਰ ਕੌਰ 36) ਦਵਿੰਦਰ ਕੌਰ ਪੁਤਰੀਆਨ ਅਜਮੇਰ ਸਿੰਘ 37) ਕੁਲਜੀਤ ਕੌਰ ਪਤਨੀ ਪਿਆਰਾ ਸਿੰਘ 38) ਉਦੇਬੀਰ ਸਿੰਘ ਪੁੱਤਰ ਆਲਾ ਸਿੰਘ 39) ਸੁਰਿਦੇਰ ਸਿੰਘ ਪੁੱਤਰ ਗੁਰਤੇਜਸਿੰਘ 40) ਅਮਰਜੀਤ ਕੌਰ ਪਤਨੀ ਹਰਦੀਪ ਸਿੰਘ ਵਾਸੀਆਨ ਪਿੰਡ ਅਜੀਮਗੜ੍ਹ ਤਹਿਸੀਲ ਅਬੋਹਰ ਜ਼ਿਲ੍ਹਾ ਫਾਜ਼ਿਲਕਾ
41) ਆਈ.ਸੀ.ਆਈ.ਸੀ./ਐਚ.ਐਫ.ਸੀ. ਲਿਮ. ਬਰਾਂਚ ਬੀਬੀ ਵਾਲਾ ਰੋਡ ਬਠਿੰਡਾ।
...ਫ਼ਰੀਕਸਾਨੀਆਨ
ਇਹ ਨੋਟਿਸ ਮੇਰੇ ਹੁਕਮ ਵਾ ਮੋਹਰ ਅਦਾਲਤ ਨਾਲ ਅੱਜ ਮਿਤੀ 22/4/2026 ਨੂੰ ਜਾਰੀ ਕੀਤਾ ਗਿਆ।
ਸਹੀ/-
ਸਹਾਇਕ ਕੁਲੈਕਟਰ ਦਰਜਾ-ਦੋਇਮ ਅਬੋਹਰ

ਚੜ੍ਹਦੀਕਲਾ ਪੜ੍ਹੋ, ਚੜ੍ਹਦੀਕਲਾ ਵਿੱਚ ਰਹੋ।

ਜ਼ਰੂਰੀ ਸੂਚਨਾ

ਰੋਜ਼ਾਨਾ ਚੜ੍ਹਦੀਕਲਾ ਵਿਚ ਛੱਪੇ ਲੇਖ, ਲੇਖਕਾਂ ਦੇ ਆਪਣੇ ਵਿਚਾਰ ਹਨ। ਇਸ ਨਾਲ ਸੰਪਾਦਕ ਦਾ ਸਹਿਮਤ ਹੋਣਾ ਕੋਈ ਜ਼ਰੂਰੀ ਨਹੀਂ। ਇਸ਼ਤਿਹਾਰ (ਡਿਸਪਲੇ/ਕਲਾਸੀਫਾਈਡ) ਦੇ ਤੱਥਾਂ ਲਈ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖਬਾਰ ਇਨ੍ਹਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਨ੍ਹਾਂ ਇਸ਼ਤਿਹਾਰਾਂ ਦੇ ਤੱਥਾਂ ਦੀ ਪੁਸ਼ਟੀ ਕਰ ਲੈਣ।

ਅਨੰਤ ਗਿੱਲ' ਨੂੰ ਉਸਦੀ ਪਹਿਲ ਪਲੇਠੀ ਪੁਸਤਕ ਲਈ ਅਦਾਰਾ ਸ਼ਬਦ ਸਾਂਝ ਲਾਇਬਰੇਰੀ ਵੱਲੋਂ ਮੁਬਾਰਕਬਾਦ

ਬਟਾਲਾ, 22 ਅਪ੍ਰੈਲ (ਸੁਖਦੇਵ ਸਿੰਘ ਰੰਧਾਵਾ ਬਲਬੀਰ ਸੋਹਲ)- ਅਨੰਤ ਗਿੱਲ ਸਾਹਿਤਕ ਹਲਕਿਆਂ ਵਿਚ ਬੜਾ ਚਰਚਿੱਤ ਨਾਮ ਹੈ। ਕਰੀਬ ਦੋ ਦਹਾਕਿਆਂ ਤੋਂ ਪਾਠਕ ਉਸਦੀਆਂ ਕਵਿਤਾਵਾਂ ਵੱਖ ਵੱਖ ਪੰਜਾਬੀ ਅਖਬਾਰਾਂ ਤੇ ਰਸਾਲਿਆਂ ਵਿਚ ਪੜ੍ਹਦੇ ਆ ਰਹੇ ਹਨ। ਅਨੰਤ ਗਿੱਲ ਕਵਿਤਾ ਲਿਖਣ ਤੇ ਫਿਰ ਪਾਠਕਾਂ ਦੇ ਮਨਾਂ ਵਿਚ ਆਪਣੀ ਥਾਂ ਬਣਾਉਣ ਦਾ ਹੁਨਰ ਬਾਖੂਬੀ ਜਾਣਦੀ ਹੈ। ਉਹ ਆਪਣੀ ਕਵਿਤਾ ਵਿਚ ਬ੍ਰਿਸ਼ਟ ਸਿਸਟਮ, ਸਮਾਜਿਕ ਕੁਰੀਤੀਆਂ ਤੇ ਔਰਤਾਂ ਦੇ ਹੱਕਾਂ ਦੀ ਬਾਤ ਪਾਉਣ ਵਾਲੇ ਵਿਸ਼ਿਆਂ ਨੂੰ ਬੜੀ ਦਲੇਰੀ ਨਾਲ ਚੁਣਦੀ ਹੈ। ਜਿੱਥੇ ਉਸਦੀਆਂ ਕਵਿਤਾਵਾਂ ਨਾਮਵਰ ਅਖਬਾਰਾਂ ਮੈਗਜੀਨਾਂ ਵਿਚ ਛਪਦੀਆਂ ਨੇ ਉੱਥੇ ਹੀ ਉਹ ਅਨੇਕਾਂ ਸਾਹਿਤਕ ਸੰਸਥਾਵਾਂ ਤੇ ਸਾਹਿਤਕ ਅਕਾਦਮੀਆਂ ਦੇ ਵੱਡੇ ਮੰਚਾਂ @ਤੇ ਆਪਣੀ ਕਵਿਤਾ ਪੇਸ਼ ਕਰਦੀ ਰਹਿੰਦੀ ਹੈ। ਇੰਝ ਹੀ ਅਨੇਕਾਂ ਨਾਮਵਰ ਸੰਸਥਾਵਾਂ ਵੱਲੋਂ ਉਸਨੂੰ ਸਨਮਾਨਿਤ ਵੀ ਕੀਤਾ ਜਾ ਚੁੱਕਾ ਹੈ। ਪੈਰਾਂ ਹੇਠਲਾ ਅੰਬਰ@ ਅਨੰਤ ਗਿੱਲ ਦੀ ਪਲੇਠੀ ਕਾਵਿ ਪੁਸਤਕ ਹੈ। ਉਸਦੀ ਇਸ ਕਿਤਾਬ ਲਈ ਅਦਾਰਾ ਸ਼ਬਦ ਸਾਂਝ ਲਾਇਬ੍ਰੇਰੀ ਮਾਨ ਸੈਂਡਵਾਲ ਉਸਨੂੰ ਮੁਬਾਰਕਬਾਦ ਆਖਦਾ ਹੈ। ਉਸਦੀ ਇਸ ਕਿਤਾਬ ਸੰਬੰਧੀ ਲਾਇਬ੍ਰੇਰੀ ਦੇ ਸੰਚਾਲਕ ਜਸਦੇਵ ਮਾਨ ਨੇ ਮੀਡੀਆ ਨਾਲ ਗੱਲਬਾਤ ਕਰਦਿਆਂ ਕਿਹਾ ਕੇ ਅਨੰਤ ਗਿੱਲ ਪੰਜਾਬੀ ਪਾਠਕਾਂ ਲਈ ਕੋਈ ਨਵਾਂ ਨਾਮ ਨਹੀਂ ਏ ਉਹ ਕਾਫੀ ਸਾਲਾਂ ਤੋਂ ਅਖਬਾਰਾਂ ਮੈਗਜੀਨਾਂ ਵਿਚ ਲਿਖਦੀ ਤੇ ਛਪਦੀ ਆ ਰਹੀ ਹੈ।

ਉੱਤਰ ਰੇਲਵੇ

ਈ-ਨਿਵਿਦਾ ਸੂਚਨਾ

ਵਰਕਸ਼ਾਪ ਇਲੈਕਟ੍ਰੀਕਲ ਇੰਜੀਨੀਅਰ (ਆਈ/ਸੀ) ਉਤਰ ਰੇਲਵੇ, ਜਗਾਧਰੀ ਵਰਕਸ਼ਾਪ, ਯਮੁਨਾ ਨਗਰ, ਹਰਿਆਣਾ-135002, ਭਾਰਤ ਦੇ ਰਾਸ਼ਟਰਪਤੀ ਦੇ ਲਈ ਅਤੇ ਉਨ੍ਹਾਂ ਵਲੋਂ ਤੋਂ ਹੇਠਾਂ ਲਿਖਤ ਕੰਮ ਦੇ ਲਈ ਕੇਵਲ ਆਨਲਾਈਨ ਮੋਡ ਦੇ ਮਾਧਿਅਮ ਨਾਲ ਈ-ਨਿਵਿਦਾਵਾਂ ਦੀ ਮੰਗ ਕਰਦੇ ਹਨ:-

ਕੰਮ ਦਾ ਨਾਮ	LHB EOG AC ਕੋਚਾਂ ਵਿਚ ਉਚ ਸਮਰਥਾ ਵਾਲੇ ਕਪਲਰ ਅਤੇ ਫੀਡਰ ਕੇਬਲਾਂ ਦਾ ਪ੍ਰਾਵਧਾਨ।		
ਨਿਵਿਦਾ ਪ੍ਰਕਾਰ	ਖੁਲ੍ਹਾ	ਬੋਲੀ ਪ੍ਰਣਾਲੀ	ਸਿੰਗਲ ਪੈਕੇਟ ਸਿਸਟਮ
ਨਿਵਿਦਾ ਵਿਕਰੀ ਸਮਾਪਨ ਮਿਤੀ	15.05.2026 ਸਵੇਰੇ 11:30 ਵਜੇ	ਨਿਵਿਦਾ ਅਪਲੋਡ ਕਰਨ ਦੀ ਮਿਤੀ ਅਤੇ ਸਮਾਂ	21/04/2026
ਪ੍ਰੀ-ਬੋਲੀ ਜਰੂਰੀ ਹੈ	ਨਹੀਂ	ਅੱਜ ਤਕ ਪ੍ਰੀ-ਬਿਡ ਕਵੇਰੀ	ਨਾ
ਵਿਗਿਆਪਨ ਮੁੱਲ	₹ 6,06,27,615.30/- ਸਾਰੇ ਕਰ ਜੀਐਸਟੀ ਆਦਿ ਸਮੇਤ	ਨਿਵਿਦਾ ਅਨੁਭਾਗ	ਟੈਂਡਰ ਅਤੇ ਵਰਕਸ/ ਬਿਜਲੀ ਬਰਾਂਚ ਜਗਾਧਰੀ ਵਰਕਸ਼ਾਪ।
ਅਗਾਊਂ ਧਨ	₹ 12,12,600/-	ਆਫਰ ਦੀ ਵੈਲੇਡਿਟੀ	60 ਦਿਨ
ਨਿਵਿਦਾ ਦਸਤਾਵੇਜ ਲਾਗਤ	Nil (ਅਪ੍ਰੈਲ 2022 ਦੇ ਭਾਗ-I ਸੇਕਸ਼ਨ ਨੰਬਰ 3 ਦੇ ਅਨੁਸਾਰ)	ਸਮਾਪਤੀ ਦਾ ਸਮਾਂ	24 ਮਹੀਨੇ
ਬੋਲੀ ਸ਼ੁਰੂ ਮਿਤੀ	01/05/2026	ਬੋਲੀ ਸਮਾਪਤੀ ਮਿਤੀ	15.05.2026 ਸਵੇਰੇ 11:30 ਵਜੇ।
ਨਿਵਿਦਾ ਖੋਹਲਣ ਦੀ ਮਿਤੀ ਅਤੇ ਸਮਾਂ	ਉਸ ਦੇ ਬਾਅਦ ਕਿਸੇ ਵੀ ਸਮੇਂ ਨਿਵਿਦਾ ਨੂੰ ਬੰਦ ਕੀਤਾ ਜਾ ਸਕਦਾ ਹੈ। ਨਿਵਿਦਾਤਾਵਾਂ ਨੂੰ ਉਦਘਾਟਨ ਦੇ ਦੌਰਾਨ ਮੌਜੂਦ ਰਹਿਣ ਦੀ ਜਰੂਰਤ ਨਹੀਂ ਹੈ। ਟੈਂਡਰ ਬੰਦ ਹੋਣ ਦੇ ਬਾਅਦ ਕਿਸੇ ਵੀ ਸਮੇਂ ਟੈਂਡਰ ਖੋਹਲਣ ਦਾ ਅਧਿਕਾਰ ਰੇਲਵੇ ਦੇ ਕੋਲ ਸੁਰੱਖਿਅਤ ਹੈ।		
ਵੈਬਸਾਈਟ	www.ireps.gov.in 'ਤੇ ਜਾਓ।		

56/W/Elect/25-26/T/19/ ਕਪਲਰ ਅਤੇ ਫੀਡਰ ਕੇਬਲ 1330/2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

ਉੱਤਰ ਰੇਲਵੇ

ਟੈਂਡਰ ਸੂਚਨਾ

ਇਲੈਕਟ੍ਰੋਨਿਕ ਟੈਂਡਰ ਈ-ਪ੍ਰਣਾਲੀ ਦੇ ਅੰਤਰਗਤ ਮਦਾਂ ਦੀ ਆਪੂਰਤੀ ਲਈ ਟੈਂਡਰ ਮੰਗ

ਭਾਰਤ ਦੇ ਰਾਸ਼ਟਰਪਤੀ ਦੀ ਤਰਫ ਤੋਂ ਉਪ ਮੁੱਖ ਸਾਮਗਰੀ ਪ੍ਰਬੰਧਕ, ਉੱਤਰ ਰੇਲਵੇ ਜਗਾਧਰੀ ਵਰਕਸ਼ਾਪ-135002 ਦੁਵਾਰਾ ਫਰਮਾਂ ਨੂੰ ਹੇਠਾ ਲਿਖੇ ਮਦਾਂ ਦੇ ਲਈ ਈ-ਟੈਂਡਰਾ ਦੇ ਦੁਵਾਰਾ ਤੋਂ ਮੰਗ ਕੀਤੀ ਜਾਂਦੀ ਹੈ :-

ਲ.ਨੰ:	ਟੈਂਡਰ ਨੰਬਰ	ਸੰਖੇਪ ਵੇਰਵਾ	ਮਾਤਰਾ	ਬੰਦ ਹੋਣ ਦੀ ਮਿਤੀ
1.	61257140A	ਸਵਿਚ ਬੋਰਡ ਕੈਬਿਨੇਟ ਫਾਰ ਐਲਐਚਬੀ ਪਾਵਰ ਕਾਰ ਫਾਰ 2x500 ਕੇਵੀਏ ਡੀਏ ਸੇਟ	20 ਨਗ	21 ਮਈ 2026
2.	61265425	ਬੋਗੀ ਫ੍ਰੇਮ ਅਸੇਮਬਲੀ ਫਾਰ ਏਯਰ ਸਪਰਿੰਗ ਐਲਐਚਬੀ ਐਨਏਸੀ ਕੋਚੇਸ	30 ਨਗ	21 ਮਈ 2026
3.	61265288	ਇਲੇਕਿਟ੍ਰਕ ਫਰਨੇਸ	01 ਨਗ	15 ਜੂਨ 2026

ਟੈਂਡਰ ਸ਼ਰਤਾਂ : 1. ਪੂਰੀ ਜਾਣਕਾਰੀ IREPS ਵੇਬਸਾਈਟ ਯਾਨਿ www.ireps.gov.in ਉਤੇ ਦੇਖੀ ਜਾਂ ਸਕਦੀ ਹੈ। **2.** ਮੈਨੂੰਅਲ ਟੈਂਡਰ ਸਵੀਕਾਰ ਨਹੀਂ ਕੀਤੀ ਜਾਵੇਗੀ।
ਟੈਂਡਰ ਨੋਟਿਸ ਨੰਬਰ : 61257140A, 61265425, 61265288

1317/26

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

ਪੰਜਾਬ ਸਰਕਾਰ

ਟੈਂਡਰ ਨੋਟਿਸ ਨੰ.: ਈ-ਟੈਂਡਰ / ਮਿਉਂਸਪਲ ਕੌਂਸਲ ਜੈਤੋਂ / 2026-27/01
ਸਥਾਨਕ ਸਰਕਾਰ (ਨਗਰ ਕੌਂਸਲ ਜੈਤੋਂ) ਦੇ ਵਿਭਾਗ ਵੱਲੋਂ ਵਿਕਾਸ ਦੇ ਵੱਖ-ਵੱਖ ਕੰਮਾਂ ਲਈ ਆਨਲਾਈਨ ਬੋਲੀਆਂ ਦਾ ਸੱਦਾ ਦਿੱਤਾ ਜਾਂਦਾ ਹੈ :
ਬੰਦ ਹੋਣ ਦੀ ਮਿਤੀ ਤੇ ਸਮਾਂ : ਮਿਤੀ 04.05.2026 ਸਮਾਂ ਦੁਪਹਿਰ 12:00 ਵਜੇ ਤੱਕ। ਵਿਸਤ੍ਰਿਤ ਜਾਣਕਾਰੀ ਲਈ ਲਾਗਇਨ ਕਰੋ : http://www.eproc.punjab.gov.in
ਨੋਟ : ਟੈਂਡਰ ਨੋਟਿਸ ਸਬੰਧੀ ਕੋਈ ਸੋਧ ਸਿਰਫ ਉਪਰੋਕਤ ਵੈੱਬਸਾਈਟ ਤੇ ਦਿੱਤੀ ਜਾਵੇਗੀ।

ਪ੍ਰਧਾਨ
ਨਗਰ ਕੌਂਸਲ ਜੈਤੋਂ

ਕਾਰਜ ਸਾਧਕ ਅਫਸਰ,
ਨਗਰ ਕੌਂਸਲ ਜੈਤੋਂ।

Ro No.: PR-Advt. No.: 1728 / 12 / 2026-27 / 10720 / Dated CHD : 22.04.2026

ਪੰਜਾਬ ਸਰਕਾਰ

ਟੈਂਡਰ/ਆਰਐਫਪੀ ਹਵਾਲਾ ਨੰ. ਸਰਹਿੰਦ-ਫਤਿਹਗੜ੍ਹ ਸਾਹਿਬ/2026/1569
ਨਗਰ ਕੌਂਸਲ ਸਰਹਿੰਦ-ਫਤਿਹਗੜ੍ਹ ਸਾਹਿਬ ਦੇ ਵਿਭਾਗ ਵੱਲੋਂ ਸਿਵਲ ਕੰਮਾਂ ਲਈ ਆਨਲਾਈਨ ਬੋਲੀਆਂ ਦੀ ਮੰਗ ਕੀਤੀ ਜਾਂਦੀ ਹੈ।
ਕਿਰਪਾ ਕਰਕੇ ਉਕਤ ਕੰਮਾਂ ਦੇ ਵੇਰਵਿਆਂ ਲਈ ਡੀਐਨਆਈਟੀ ਦਾ ਹਵਾਲਾ ਲਓ।
ਕੰਮਾਂ ਲਈ ਸਮਾਪਤੀ ਮਿਤੀ : 04.05.26 ਅਤੇ ਸਮਾਂ : 17.00 ਵਜੇ
ਵੇਰਵਿਆਂ ਲਈ

2026 ਵਿੱਚ ਐਲ ਨੀਨੋ ਹੋ ਸਕਦਾ ਹੈ ਖ਼ਤਰਨਾਕ

ਪ੍ਰਚੰਡ ਹੋਵੇਗੀ ਮੌਸਮ ਦੀ ਮਾਰ

2026

ਵਿੱਚ ਗਰਮੀਆਂ ਦਾ ਮੌਸਮ ਭਾਰਤ ਵਿੱਚ ਹੋਵੇਗਾ ਰਿਕਾਰਡ ਤੋੜਨ

52 ਫੀਸਦੀ

ਖੇਤੀਬਾੜੀ ਜ਼ਮੀਨ ਅਤੇ ਖੁੱਲ੍ਹੇ ਵਿੱਚ ਕੰਮ ਕਰਨ ਵਾਲੇ ਸਭ ਤੋਂ ਵੱਧ ਪ੍ਰਭਾਵਿਤ ਹੋਣਗੇ

2024

ਅਪ੍ਰੈਲ ਤੋਂ ਹਰ ਮਹੀਨੇ ਤਾਪਮਾਨ ਨੇ ਨਵੇਂ ਰਿਕਾਰਡ ਬਣਾਏ ਸਨ

8,046 ਕਿਲੋਮੀਟਰ ਲੰਬੀ ਸਮੁੰਦਰੀ ਗਰਮੀ ਦੀ ਲਹਿਰ ਪ੍ਰਸ਼ਾਂਤ ਮਹਾਸਾਗਰ ਵਿੱਚ ਫੈਲ ਗਈ ਹੈ, ਜਿਸ ਨਾਲ ਇੱਕ ਸੰਭਾਵੀ "ਮੈਗਾ ਐਲ ਨੀਨੋ" ਦੀ ਸੰਭਾਵਨਾ ਵਧ ਗਈ ਹੈ। ਵਿਗਿਆਨੀਆਂ ਨੇ ਚੇਤਾਵਨੀ ਦਿੱਤੀ ਹੈ ਕਿ 2026-27 ਦੌਰਾਨ ਬਹੁਤ ਜ਼ਿਆਦਾ ਗਰਮੀ, ਸੋਕਾ ਅਤੇ ਭਾਰੀ ਫਸਲਾਂ ਦਾ ਨੁਕਸਾਨ ਹੋ ਸਕਦਾ ਹੈ। ਇਹ ਦੱਸਿਆ ਜਾ ਰਿਹਾ ਹੈ ਕਿ ਇਹ 1877 ਤੋਂ ਬਾਅਦ ਸਭ ਤੋਂ ਸ਼ਕਤੀਸ਼ਾਲੀ ਐਲ ਨੀਨੋ ਘਟਨਾ ਹੋ ਸਕਦੀ ਹੈ, ਜਦੋਂ ਬਹੁਤ ਜ਼ਿਆਦਾ ਗਰਮੀ, ਸੋਕਾ ਅਤੇ ਬਿਮਾਰੀ ਦੁਨੀਆ ਦੇ ਕਈ ਹਿੱਸਿਆਂ ਵਿੱਚ ਫੈਲ ਗਈ, ਜਿਸ ਨਾਲ 4% ਆਬਾਦੀ ਖਤਮ ਹੋ ਗਈ। ਹੁਣ, ਮਾਹਰ ਕਹਿੰਦੇ ਹਨ ਕਿ ਇਹ ਸਥਿਤੀ 2026-27 ਵਿੱਚ ਇੱਕ ਵੱਡੀ ਵਿਸ਼ਵਵਿਆਪੀ ਆਫ਼ਤ ਵਿੱਚ ਬਦਲ ਸਕਦੀ ਹੈ। ਐਲ ਨੀਨੋ ਇੱਕ ਕੁਦਰਤੀ ਮੌਸਮੀ ਵਰਤਾਰਾ ਹੈ ਜਿਸ ਵਿੱਚ ਗਰਮ ਖੰਡੀ ਪ੍ਰਸ਼ਾਂਤ ਮਹਾਸਾਗਰ ਦੇ ਪਾਣੀ ਅਸਧਾਰਨ ਤੌਰ 'ਤੇ ਗਰਮ ਹੋ ਜਾਂਦੇ ਹਨ। ਆਮ ਐਲ ਨੀਨੋ ਹਰ 2-7 ਸਾਲਾਂ ਵਿੱਚ ਹੁੰਦੇ ਹਨ, ਪਰ ਇਸ ਵਾਰ ਇਹ ਸੁਪਰ ਜਾਂ ਮੈਗਾ-ਲੈਵਲ ਹੁੰਦਾ ਜਾ ਰਿਹਾ ਹੈ। ਇਸ ਦੇ ਕਾਰਨ ਸਮੁੰਦਰੀ ਗਰਮੀ ਦੀ ਲਹਿਰ, ਇੱਕ ਸਕਾਰਾਤਮਕ ਪ੍ਰਸ਼ਾਂਤ ਮੈਰੀਡੀਓਨਲ ਮੋਡ, ਅਤੇ ਗਰਮ ਦੱਖਣੀ ਹਵਾਵਾਂ ਹਨ।ਬੇਨ ਨੋਲ ਵਰਗੇ ਮੌਸਮ ਵਿਗਿਆਨੀਆਂ ਦੇ ਅਨੁਸਾਰ, ਇਹ ਲਹਿਰ ਐਲ ਨੀਨੋ ਨੂੰ ਮਜ਼ਬੂਤ ਕਰ ਰਹੀ ਹੈ। ਵਧਦੀ ਗਰਮੀ ਅਤੇ ਨਮੀ ਪੱਛਮੀ ਦੇਸ਼ਾਂ ਵਿੱਚ ਗਰਮੀ ਦੀਆਂ ਲਹਿਰਾਂ ਨੂੰ ਤੇਜ਼ ਕਰ ਸਕਦੀ ਹੈ। ਵਿਗਿਆਨੀਆਂ ਦਾ ਅਨੁਮਾਨ ਹੈ ਕਿ ਇਹ ਪੈਟਰਨ 140 ਸਾਲਾਂ ਵਿੱਚ ਸਭ ਤੋਂ ਤੇਜ਼ ਹੋ ਸਕਦਾ ਹੈ।

ਪ੍ਰਸ਼ਾਂਤ ਮਹਾਸਾਗਰ ਵਿੱਚ 8,046 ਕਿਲੋਮੀਟਰ ਤੱਕ ਫੈਲੀ ਇੱਕ ਗਰਮੀ ਦੀ ਲਹਿਰ ਮਾਈਕ੍ਰੋਨੇਸ਼ੀਆ ਤੋਂ ਕੈਲੀਫੋਰਨੀਆ ਤੱਕ ਫੈਲ ਗਈ ਹੈ। ਇਸਨੂੰ ਕੈਲੀਫੋਰਨੀਆ ਦੇ ਨੇੜੇ "ਦ ਬਲੌਬ" ਕਿਹਾ ਜਾ ਰਿਹਾ ਹੈ। ਇੱਥੇ ਸਮੁੰਦਰ ਦੀ ਸਤ੍ਹਾ ਦਾ ਤਾਪਮਾਨ ਰਿਕਾਰਡ ਪੱਧਰ 'ਤੇ ਹੈ। NOAA ਦੀ ਇੱਕ ਰਿਪੋਰਟ ਦੇ ਅਨੁਸਾਰ, ਇਸ ਲਹਿਰ ਦੀ ਤੀਬਰਤਾ ਬਹੁਤ ਵੱਡੀ ਹੈ। ਇਹ ਲਹਿਰ ਤੇਜ਼ੀ ਨਾਲ ਐਲ ਨੀਨੋ ਨੂੰ ਮਜ਼ਬੂਤ ਕਰ ਰਹੀ ਹੈ, ਸਮੁੰਦਰੀ ਜੀਵਨ ਨੂੰ ਪ੍ਰਭਾਵਿਤ ਕਰ ਰਹੀ ਹੈ ਅਤੇ ਮੌਸਮ ਦੇ ਪੈਟਰਨ ਬਦਲ ਰਹੀ ਹੈ। ਵਿਗਿਆਨੀਆਂ ਦਾ ਕਹਿਣਾ ਹੈ ਕਿ ਇਹ ਗਰਮੀ ਦੀ ਲਹਿਰ ਐਲ ਨੀਨੋ ਨੂੰ ਹੋਰ ਵਧਾਏਗੀ, ਜਿਸ ਨਾਲ ਸਾਲ ਭਰ ਮੌਸਮ ਦੀ ਅਨਿਯਮਿਤਤਾ ਹੋਵੇਗੀ।

ਦੁਨੀਆ ਭਰ ਵਿੱਚ ਇਸਦਾ ਕੀ ਪ੍ਰਭਾਵ ਪਵੇਗਾ? ਐਲ ਨੀਨੋ ਦਾ ਪੂਰੀ ਦੁਨੀਆ 'ਤੇ ਪ੍ਰਭਾਵ ਪਵੇਗਾ। ਆਸਟ੍ਰੇਲੀਆ, ਦੱਖਣੀ ਅਤੇ ਮੱਧ ਅਫਰੀਕਾ, ਭਾਰਤ ਅਤੇ ਐਮਾਜ਼ਾਨ ਰੇਨਫੋਰੈਸਟ ਵਿੱਚ ਸੋਕਾ ਅਤੇ ਅਤਿਅੰਤ ਗਰਮੀ ਵਧੇਗੀ। ਅੱਗ ਲੱਗਣ ਦਾ ਖ਼ਤਰਾ ਵਧੇਗਾ। ਦੱਖਣੀ ਸੰਯੁਕਤ ਰਾਜ ਅਮਰੀਕਾ ਵਿੱਚ ਭਾਰੀ ਬਾਰਿਸ਼ ਅਤੇ ਹੜ੍ਹ ਆ ਸਕਦੇ ਹਨ। ਉੱਤਰੀ ਅਮਰੀਕਾ ਵਿੱਚ ਗਰਮੀ ਵਧੇਗੀ। ਦੱਖਣੀ ਅਮਰੀਕਾ ਦੇ ਕੁਝ ਹਿੱਸਿਆਂ ਵਿੱਚ ਸੋਕਾ ਪਵੇਗਾ। ਏਸ਼ੀਆ ਅਤੇ ਅਫਰੀਕਾ ਦੇ ਕਈ ਦੇਸ਼ਾਂ ਵਿੱਚ ਫਸਲਾਂ ਪ੍ਰਭਾਵਿਤ ਹੋਣਗੀਆਂ। ਸਮੁੰਦਰੀ ਗਰਮੀ ਦੀਆਂ ਲਹਿਰਾਂ ਤੂਫਾਨਾਂ ਅਤੇ ਭਾਰੀ ਬਾਰਿਸ਼ ਦੀ ਸੰਭਾਵਨਾ ਨੂੰ ਵਧਾ ਦੇਣਗੀਆਂ। ਕੁੱਲ ਮਿਲਾ ਕੇ, ਮੌਸਮ ਦੇ ਪੈਟਰਨ ਪੂਰੀ ਤਰ੍ਹਾਂ ਵਿਘਨ ਪੈ ਜਾਣਗੇ।

ਭਾਰਤ 'ਤੇ ਕੀ ਪ੍ਰਭਾਵ ਪਵੇਗਾ? ਗਰਮੀਆਂ ਦਾ ਤਾਪਮਾਨ ਵਧੇਗਾ? ਭਾਰਤ ਇਸ ਮੈਗਾ ਐਲ ਨੀਨੋ ਤੋਂ ਸਭ ਤੋਂ ਵੱਧ ਪ੍ਰਭਾਵਿਤ ਦੇਸ਼ਾਂ ਵਿੱਚੋਂ ਇੱਕ ਹੈ। ਵਿਗਿਆਨੀਆਂ ਦੇ ਅਨੁਸਾਰ, 2026 ਦੀਆਂ ਗਰਮੀਆਂ ਵਿੱਚ ਤਾਪਮਾਨ ਆਮ ਨਾਲੋਂ ਬਹੁਤ ਜ਼ਿਆਦਾ ਹੋਵੇਗਾ। ਦਿੱਲੀ-ਐਨਸੀਆਰ, ਰਾਜਸਥਾਨ ਅਤੇ ਉੱਤਰੀ ਭਾਰਤ ਪਹਿਲਾਂ ਹੀ ਅਪ੍ਰੈਲ ਵਿੱਚ 40 ਡਿਗਰੀ ਸੈਲਸੀਅਸ ਤੋਂ ਵੱਧ ਗਿਆ ਹੈ। ਐਲ ਨੀਨੋ ਕਾਰਨ ਮਾਨਸੂਨ ਤੋਂ ਪਹਿਲਾਂ ਦੀ ਗਰਮੀ ਤੇਜ਼ ਹੋ ਜਾਵੇਗੀ। ਜੂਨ-ਸਤੰਬਰ ਦਾ ਮਾਨਸੂਨ ਕਮਜ਼ੋਰ ਹੋ ਸਕਦਾ ਹੈ, ਜਿਸ ਨਾਲ ਸੋਕੇ ਦਾ ਖ਼ਤਰਾ ਵਧ ਸਕਦਾ ਹੈ।

ਉੱਤਰ-ਪੱਛਮੀ ਭਾਰਤ ਵਿੱਚ ਸੋਕੇ ਦੀਆਂ ਸਥਿਤੀਆਂ ਵਿਕਸਤ ਹੋ ਸਕਦੀਆਂ ਹਨ। ਖੇਤੀਬਾੜੀ ਪ੍ਰਭਾਵਿਤ ਹੋਵੇਗੀ, ਅਤੇ ਫਸਲਾਂ ਦੀ ਪੈਦਾਵਾਰ ਘੱਟ ਸਕਦੀ ਹੈ। ਗਰਮੀਆਂ ਲੰਬੀਆਂ ਅਤੇ ਵਧੇਰੇ ਤੀਬਰ ਹੋਣਗੀਆਂ। ਉੱਚ ਨਮੀ ਇਸਨੂੰ ਗਰਮ ਅਤੇ ਵਧੇਰੇ ਨਮੀ ਵਾਲਾ ਮਹਿਸੂਸ ਕਰਵਾਏਗੀ। ਕੁੱਲ ਮਿਲਾ ਕੇ, ਇਸ ਗਰਮੀਆਂ ਵਿੱਚ ਤਾਪਮਾਨ ਨਿਸ਼ਚਤ ਤੌਰ 'ਤੇ ਵਧੇਗਾ ਅਤੇ ਲੋਕਾਂ ਨੂੰ ਭਾਰੀ ਗਰਮੀ ਦਾ ਸਾਹਮਣਾ ਕਰਨਾ ਪਵੇਗਾ।

ਭਾਰਤ ਵਿੱਚ ਤਾਪਮਾਨ ਪਿਛਲੇ ਦੋ ਸਾਲਾਂ ਤੋਂ ਰਿਕਾਰਡ ਤੋੜ ਰਿਹਾ ਹੈ। ਅਪ੍ਰੈਲ 2024 ਤੋਂ, ਦੇਸ਼ ਦੇ ਕਿਸੇ ਨਾ ਕਿਸੇ ਹਿੱਸੇ ਵਿੱਚ ਹਰ ਮਹੀਨੇ ਵੱਧ ਤੋਂ ਵੱਧ, ਘੱਟੋ-ਘੱਟ ਜਾਂ ਔਸਤ ਤਾਪਮਾਨ ਦੇ ਨਵੇਂ ਰਿਕਾਰਡ ਕਾਇਮ ਕੀਤੇ ਹਨ। ਸਿਰਫ਼ ਮਾਰਚ 2025 ਹੀ ਕੁਝ ਰਾਹਤ ਲੈ ਕੇ ਆਇਆ। ਹੁਣ, 2026 (ਮਾਰਚ ਤੋਂ ਮਈ) ਦਾ ਗਰਮੀਆਂ ਦਾ ਮੌਸਮ ਹੋਰ ਵੀ ਖ਼ਤਰਨਾਕ ਹੋਣ ਵਾਲਾ ਹੈ। ਭਾਰਤ ਮੌਸਮ ਵਿਭਾਗ (IMD) ਨੇ ਚੇਤਾਵਨੀ ਦਿੱਤੀ ਹੈ ਕਿ ਹਿਮਾਲਿਆ, ਉੱਤਰ-ਪੂਰਬ ਅਤੇ ਪੱਛਮੀ ਘਾਟ ਵਰਗੇ ਪਹਾੜੀ ਖੇਤਰ ਆਮ ਨਾਲੋਂ ਜ਼ਿਆਦਾ ਗਰਮੀ ਦਾ ਅਨੁਭਵ ਕਰਨਗੇ। 52% ਖੇਤੀਬਾੜੀ ਜ਼ਮੀਨ ਸਿੰਚਾਈ 'ਤੇ ਨਿਰਭਰ ਕਰਦੀ ਹੈ। ਲੱਖਾਂ ਲੋਕ ਖੁੱਲ੍ਹੇ ਵਿੱਚ ਕੰਮ ਕਰਦੇ ਹਨ। ਸਿੱਟੇ ਵਜੋਂ, ਇਹ ਗਰਮੀ ਨਾ ਸਿਰਫ਼ ਸਿਹਤ ਨੂੰ ਨੁਕਸਾਨ ਪਹੁੰਚਾਏਗੀ, ਸਗੋਂ ਫਸਲਾਂ, ਪਾਣੀ ਅਤੇ ਆਰਥਿਕਤਾ ਨੂੰ ਵੀ ਪ੍ਰਭਾਵਿਤ ਕਰੇਗੀ। ਅਪ੍ਰੈਲ 2024 ਵਿੱਚ, ਦੱਖਣੀ ਪ੍ਰਾਇਦੀਪ ਭਾਰਤ ਨੇ ਰਿਕਾਰਡ 'ਤੇ ਦੂਜੇ ਸਭ ਤੋਂ ਵੱਧ ਔਸਤ ਤਾਪਮਾਨ ਦਰਜ ਕੀਤਾ, ਜਦੋਂ ਕਿ ਪੂਰਬੀ ਅਤੇ ਉੱਤਰ-ਪੂਰਬੀ ਭਾਰਤ ਨੇ ਸਭ ਤੋਂ ਵੱਧ ਦਰਜ ਕੀਤਾ। ਮਈ ਵਿੱਚ, ਪੂਰਬੀ, ਉੱਤਰ-ਪੂਰਬੀ ਅਤੇ ਉੱਤਰ-ਪੱਛਮੀ ਭਾਰਤ ਨੇ ਤੀਜੇ ਸਭ ਤੋਂ ਵੱਧ ਔਸਤ ਅਤੇ ਵੱਧ ਤੋਂ ਵੱਧ ਤਾਪਮਾਨ ਦਰਜ ਕੀਤਾ। 2026 ਵਿੱਚ ਸੁਪਰ ਐਲ ਨੀਨੋ ਦਾ ਖ਼ਤਰਾ - NOAA ਅਤੇ ECMWF ਦੇ ਅਨੁਸਾਰ, ਜੂਨ-ਅਗਸਤ 2026 ਵਿੱਚ ਐਲ ਨੀਨੋ ਦੇ ਵਿਕਾਸ ਦੀ 62 ਪ੍ਰਤੀਸ਼ਤ ਸੰਭਾਵਨਾ ਹੈ। ਇਹ ਸੰਭਾਵਨਾ ਅਗਸਤ-ਅਕਤੂਬਰ ਤੱਕ 80 ਪ੍ਰਤੀਸ਼ਤ ਤੱਕ ਵਧ ਸਕਦੀ ਹੈ। ਬਹੁਤ ਸਾਰੇ ਮਾਡਲ ਸੁਪਰ ਐਲ ਨੀਨੋ ਦੀ ਭਵਿੱਖਬਾਣੀ ਕਰਦੇ ਹਨ, ਜਿਸ ਵਿੱਚ ਸਮੁੰਦਰ ਦੀ ਸਤ੍ਹਾ ਦਾ ਤਾਪਮਾਨ 2 ਡਿਗਰੀ ਸੈਲਸੀਅਸ ਤੋਂ ਵੱਧ ਹੋਵੇਗਾ। ਪਿਛਲੀ ਸੁਪਰ ਐਲ ਨੀਨੋ 2015-16, 1997-98 ਅਤੇ 1982-83 ਵਿੱਚ ਹੋਈ ਸੀ। ਇਨ੍ਹਾਂ ਘਟਨਾਵਾਂ ਨੇ ਵਿਸ਼ਵਵਿਆਪੀ ਤਾਪਮਾਨ ਦੇ ਰਿਕਾਰਡ ਕਾਇਮ ਕੀਤੇ, ਸੋਕੇ ਦਾ ਕਾਰਨ ਬਣੇ ਅਤੇ ਮਾਨਸੂਨ ਵਿੱਚ ਵਿਘਨ ਪਾਇਆ। 2026 ਦਾ ਸੁਪਰ ਐਲ ਨੀਨੋ ਭਾਰਤ ਵਿੱਚ ਗਰਮੀ ਵਧਾਏਗਾ, ਮਾਨਸੂਨ ਨੂੰ ਕਮਜ਼ੋਰ ਕਰੇਗਾ, ਅਤੇ ਪਹਾੜੀ ਖੇਤਰਾਂ ਵਿੱਚ ਸੋਕੇ ਅਤੇ ਅੱਗ ਦੇ ਜੋਖਮ ਨੂੰ ਵਧਾਏਗਾ। EC-MWF ਮਾਡਲ ਦੇ ਅਨੁਸਾਰ, ਜੂਨ-ਸਤੰਬਰ ਵਿੱਚ ਮਾਨਸੂਨ ਬ੍ਰੇਕ ਪੜਾਅ ਦੌਰਾਨ ਤਾਪਮਾਨ 2-5 ਡਿਗਰੀ ਸੈਲਸੀਅਸ ਵਧਣ ਦੀ ਉਮੀਦ ਹੈ। ਉੱਤਰ-ਪੱਛਮੀ ਭਾਰਤ ਨੇ ਜੂਨ ਵਿੱਚ ਸਭ ਤੋਂ ਵੱਧ ਵੱਧ ਤਾਪਮਾਨ ਅਨੁਭਵ ਕੀਤਾ, ਅਤੇ ਪੂਰਬ-ਉੱਤਰ-ਪੂਰਬ ਵਿੱਚ ਸਭ ਤੋਂ ਵੱਧ ਘੱਟੋ-ਘੱਟ ਤਾਪਮਾਨ ਅਨੁਭਵ ਕੀਤਾ। ਜੁਲਾਈ ਵਿੱਚ ਪੂਰੇ ਦੇਸ਼ ਲਈ ਦੂਜਾ ਸਭ ਤੋਂ ਵੱਧ ਔਸਤ ਤਾਪਮਾਨ ਦੇਖਿਆ ਗਿਆ। ਅਗਸਤ, ਸਤੰਬਰ ਅਤੇ ਅਕਤੂਬਰ ਵਿੱਚ ਦੇਸ਼ ਭਰ ਵਿੱਚ ਸਭ ਤੋਂ ਵੱਧ ਘੱਟੋ-ਘੱਟ ਤਾਪਮਾਨ ਦੇਖਿਆ ਗਿਆ। ਉੱਤਰ-ਪੱਛਮੀ ਭਾਰਤ ਨੇ ਨਵੰਬਰ ਵਿੱਚ ਅਤੇ ਦੱਖਣੀ ਪ੍ਰਾਇਦੀਪੀ ਭਾਰਤ ਵਿੱਚ ਦਸੰਬਰ ਵਿੱਚ ਨਵੇਂ ਰਿਕਾਰਡ ਕਾਇਮ ਕੀਤੇ। 2025 ਵਿੱਚ, ਪੂਰੇ ਦੇਸ਼ ਨੇ ਜਨਵਰੀ ਵਿੱਚ ਤੀਜਾ ਸਭ ਤੋਂ ਵੱਧ ਵੱਧ ਤਾਪਮਾਨ ਅਤੇ ਫਰਵਰੀ ਵਿੱਚ ਸਭ ਤੋਂ ਵੱਧ ਵੱਧ ਤਾਪਮਾਨ ਦਰਜ ਕੀਤਾ। ਜਦੋਂ ਕਿ ਮਾਰਚ 2025 ਨੇ ਕੁਝ ਰਾਹਤ ਦਿੱਤੀ, 2026 ਦਾ ਗਰਮੀਆਂ ਦਾ ਮੌਸਮ ਪਹਿਲਾਂ ਨਾਲੋਂ ਵੀ ਗਰਮ ਹੋਣ ਦੀ ਉਮੀਦ ਹੈ। IMD ਦੀ ਮਾਸਿਕ ਰਿਪੋਰਟ ਦੇ ਅਨੁਸਾਰ, ਇਹ ਹਰ ਮੌਸਮ ਨੂੰ ਪ੍ਰਭਾਵਿਤ ਕਰਨ ਵਾਲੇ ਜਲਵਾਯੂ ਸੰਕਟ ਦਾ ਸਪੱਸ਼ਟ ਸੰਕੇਤ ਹੈ। ਜਲਵਾਯੂ ਪਰਿਵਰਤਨ ਅਤੇ ਐਲ ਨੀਨੋ-ਲਾ ਨੀਨਾ ਦੇ ਪ੍ਰਭਾਵ ਵਧਦੇ ਤਾਪਮਾਨ ਦੇ ਮੁੱਖ ਕਾਰਕ ਹਨ। ਮਨੁੱਖੀ ਕਾਰਨ ਜਲਵਾਯੂ ਪਰਿਵਰਤਨ ਵਿਸ਼ਵ ਪੱਧਰੀ ਔਸਤ ਸਤ੍ਹਾ ਤਾਪਮਾਨ ਹੈ, ਜੋ ਪਹਿਲਾਂ ਹੀ 1.5 ਡਿਗਰੀ ਸੈਲਸੀਅਸ ਵਧ ਚੁੱਕਾ ਹੈ। ਫਰਵਰੀ 2025 ਤੱਕ, ਪਿਛਲੇ 20 ਮਹੀਨਿਆਂ ਵਿੱਚੋਂ 19 ਇਸ ਹੱਦ ਨੂੰ ਪਾਰ ਕਰ ਗਏ ਸਨ। ਭਾਰਤ ਨੇ ਵੀ ਗਰਮੀ ਵਿੱਚ ਤੇਜ਼ੀ ਨਾਲ ਵਾਧਾ ਦੇਖਿਆ ਹੈ।

ਜਦੋਂ ਕਿ ਪਿਛਲੇ ਸਾਲ ਗਰਮੀ ਵਧੀ, ਭਾਰਤ ਦੀ ਗਰਮੀ ਦਰ ਵਿਸ਼ਵ ਔਸਤ ਤੋਂ ਘੱਟ ਰਹੀ। ਫਿਰ ਵੀ, ਜਨਵਰੀ-ਫਰਵਰੀ 2025 ਵਿੱਚ ਰਿਕਾਰਡ ਕਾਇਮ ਕੀਤੇ ਗਏ। ਵਿਸ਼ਵ ਮੌਸਮ ਵਿਗਿਆਨ ਸੰਗਠਨ (WMO) ਦਾ ਕਹਿਣਾ ਹੈ ਕਿ 2023-2024 ਵਿੱਚ ਗਰਮੀ ਉਮੀਦ ਤੋਂ ਵੱਧ ਸੀ। ਇਸਦਾ ਇੱਕ ਕਾਰਨ ਐਰੋਸੋਲ (ਧੂੜ ਦੇ ਕਣ) ਵਿੱਚ ਕਮੀ ਹੋ ਸਕਦੀ ਹੈ ਜੋ ਪਹਿਲਾਂ ਸੂਰਜ ਦੀ ਰੌਸ਼ਨੀ ਨੂੰ ਰੋਕਦੇ ਸਨ। ਹੁਣ, ਘੱਟ ਐਰੋਸੋਲ ਵਧੇਰੇ ਗਰਮੀ ਵਿੱਚ ਯੋਗਦਾਨ ਪਾ ਰਹੇ ਹਨ। ਐਲ ਨੀਨੋ ਅਤੇ ਲਾ ਨੀਨਾ ਵੀ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ। ਐਲ ਨੀਨੋ ਪ੍ਰਸ਼ਾਂਤ ਮਹਾਸਾਗਰ ਵਿੱਚ ਗਰਮ ਪਾਣੀ ਦਾ ਇੱਕ ਪੜਾਅ ਹੈ ਜੋ ਹਵਾਵਾਂ ਨੂੰ ਕਮਜ਼ੋਰ ਕਰਦਾ ਹੈ। ਇਹ ਭਾਰਤ ਵਿੱਚ ਗਰਮੀ ਵਧਾਉਂਦਾ ਹੈ ਅਤੇ ਮੌਨਸੂਨ ਨੂੰ ਕਮਜ਼ੋਰ ਕਰਦਾ ਹੈ। ਲਾ ਨੀਨਾ ਇੱਕ ਠੰਡਾ ਪੜਾਅ ਹੈ ਜੋ ਆਮ ਤੌਰ 'ਤੇ ਠੰਡ ਲਿਆਉਂਦਾ ਹੈ, ਪਰ 2024 ਵਿੱਚ, ਲਾ ਨੀਨਾ ਕਮਜ਼ੋਰ ਸੀ। ਐਲ ਨੀਨੋ ਮਈ 2024 ਵਿੱਚ ਖਤਮ ਹੋ ਗਿਆ ਸੀ, ਪਰ ਦਸੰਬਰ 2024 ਵਿੱਚ ਇੱਕ ਕਮਜ਼ੋਰ ਲਾ ਨੀਨਾ ਸ਼ੁਰੂ ਹੋਇਆ। ਫਿਰ ਵੀ, ਭਾਰਤ ਨੇ ਦਸੰਬਰ, ਜਨਵਰੀ ਅਤੇ ਫਰਵਰੀ ਵਿੱਚ ਰਿਕਾਰਡ ਗਰਮੀ ਦਾ ਅਨੁਭਵ ਕੀਤਾ। ਵਿਗਿਆਨੀਆਂ ਦਾ ਕਹਿਣਾ ਹੈ ਕਿ ਇਹ ਕੁਦਰਤੀ ਵਰਤਾਰੇ ਹੁਣ ਮਨੁੱਖੀ-ਪ੍ਰੇਰਿਤ ਗਲੋਬਲ ਵਾਰਮਿੰਗ ਨੂੰ ਵਧਾ ਰਹੇ ਹਨ। ਹਿਮਾਲਿਆ, ਉੱਤਰ-ਪੂਰਬ ਅਤੇ ਪੱਛਮੀ ਘਾਟ ਜੋਖਮ ਵਿੱਚ ਹਨ ਮਾਰਚ-ਅਪ੍ਰੈਲ-ਮਈ 2026 ਦੇ ਮੌਸਮ ਪੂਰਵ ਅਨੁਮਾਨ ਦੇ ਅਨੁਸਾਰ, ਦੇਸ਼ ਭਰ ਵਿੱਚ ਵੱਧ ਤੋਂ ਵੱਧ ਤਾਪਮਾਨ ਆਮ ਨਾਲੋਂ ਉੱਪਰ ਰਹੇਗਾ। ਇਹ ਹਿਮਾਲਿਆ, ਉੱਤਰ-ਪੂਰਬੀ ਰਾਜਾਂ ਅਤੇ ਪੱਛਮੀ ਘਾਟਾਂ ਦੇ ਪਹਾੜੀ ਖੇਤਰਾਂ ਵਿੱਚ ਖਾਸ ਤੌਰ 'ਤੇ ਗੰਭੀਰ ਹੋਵੇਗਾ। ਜੰਮੂ ਅਤੇ ਕਸ਼ਮੀਰ, ਹਿਮਾਚਲ ਪ੍ਰਦੇਸ਼ ਦੇ ਪਹਾੜੀ ਖੇਤਰਾਂ ਅਤੇ ਉੱਤਰਾਖੰਡ ਦੇ ਉੱਚੇ ਹਿੱਸਿਆਂ ਵਿੱਚ ਦਿਨ ਅਤੇ ਰਾਤ ਦੋਵੇਂ ਉੱਚ ਤਾਪਮਾਨ ਦੇਖਿਆ ਜਾਵੇਗਾ। ਉੱਤਰ-ਪੂਰਬੀ ਭਾਰਤ ਅਤੇ ਪੱਛਮੀ ਘਾਟਾਂ ਦੇ ਨਾਲ-ਨਾਲ ਤੱਟਵਰਤੀ ਕਰਨਾਟਕ ਅਤੇ ਮਹਾਰਾਸ਼ਟਰ ਵਿੱਚ ਵੀ ਸਭ ਤੋਂ ਵੱਧ ਤਾਪਮਾਨ ਦੀ ਉਮੀਦ ਹੈ। ਆਈਐਮਡੀ ਨੇ ਪੂਰਬੀ, ਪੂਰਬ-ਕੇਂਦਰੀ, ਦੱਖਣ-ਪੂਰਬੀ ਪ੍ਰਾਇਦੀਪ ਅਤੇ ਉੱਤਰ-ਪੱਛਮ-ਕੇਂਦਰੀ ਭਾਰਤ ਦੇ ਕੁਝ ਹਿੱਸਿਆਂ ਵਿੱਚ ਗਰਮੀ ਦੇ ਦਿਨਾਂ ਦੀ ਵੱਡੀ ਗਿਣਤੀ ਦੀ ਚੇਤਾਵਨੀ ਦਿੱਤੀ ਹੈ। ਖੁਸ਼ਕ ਸਰਦੀਆਂ ਤੋਂ ਬਾਅਦ ਗਰਮੀ ਵਿੱਚ ਵਾਧਾ ਸੋਕੇ, ਜੰਗਲਾਂ ਦੀ ਅੱਗ ਅਤੇ ਪਾਣੀ ਦੀ ਕਮੀ ਨੂੰ ਵਧਾਏਗਾ। ਜਨਵਰੀ ਅਤੇ ਫਰਵਰੀ ਵਿੱਚ ਪਹਾੜੀ ਖੇਤਰਾਂ ਵਿੱਚ ਅਸਾਧਾਰਨ ਅੱਗਾਂ ਦੀ ਰਿਪੋਰਟ ਕੀਤੀ ਗਈ ਸੀ। ਖੇਤੀਬਾੜੀ, ਸਿਹਤ ਅਤੇ ਆਰਥਿਕਤਾ 'ਤੇ ਕੀ ਪ੍ਰਭਾਵ ਪਵੇਗਾ? ਭਾਰਤ ਵਿੱਚ 52 ਪ੍ਰਤੀਸ਼ਤ ਖੇਤੀਬਾੜੀ ਜ਼ਮੀਨ ਸਿੰਚਾਈ 'ਤੇ ਨਿਰਭਰ ਕਰਦੀ ਹੈ। ਗਰਮੀ ਫਸਲ ਬੀਜਣ ਦੇ ਚੱਕਰਾਂ ਨੂੰ ਵਿਗਾੜ ਦੇਵੇਗੀ, ਉਤਪਾਦਕਤਾ ਘਟਾਏਗੀ ਅਤੇ ਮਹਿੰਗਾਈ ਵਧਾਏਗੀ। ਖੁੱਲ੍ਹੇ ਵਿੱਚ ਕੰਮ ਕਰਨ ਵਾਲੇ ਲੋਕ, ਬੱਚੇ, ਬਜ਼ੁਰਗ ਅਤੇ ਬਿਮਾਰ ਸਭ ਤੋਂ ਵੱਧ ਪ੍ਰਭਾਵਿਤ ਹੋਣਗੇ। ਆਈਐਮਡੀ ਨੇ ਕਿਹਾ ਹੈ ਕਿ ਵਧਦੀ ਗਰਮੀ ਨਾਲ ਹੀਟਸਟ੍ਰੋਕ, ਪਾਣੀ ਦੀ ਕਮੀ ਅਤੇ ਬਿਜਲੀ ਦੀ ਮੰਗ ਵਧੇਗੀ। ਪਹਾੜੀ ਇਲਾਕਿਆਂ ਦੇ ਲੋਕ ਗਰਮੀ ਦੇ ਆਦੀ ਨਹੀਂ ਹਨ, ਇਸ ਲਈ ਉਨ੍ਹਾਂ ਨੂੰ ਅਨੁਕੂਲ ਬਣਾਉਣਾ ਮੁਸ਼ਕਲ ਹੋਵੇਗਾ। WMO ਨੇ ਚੇਤਾਵਨੀ ਦਿੱਤੀ ਹੈ ਕਿ ਐਲ ਨੀਨੋ ਅਤੇ ਲਾ ਨੀਨਾ, ਜਲਵਾਯੂ ਸੰਕਟ ਦੇ ਨਾਲ ਮਿਲ ਕੇ, ਮੌਸਮ ਦੇ ਪੈਟਰਨਾਂ ਨੂੰ ਹੋਰ ਵਿਗਾੜ ਰਹੇ ਹਨ। IMD ਨੇ ਰਾਜ ਸਰਕਾਰਾਂ ਨੂੰ ਕੂਲਿੰਗ ਸੈਂਟਰ, ਪੀਣ ਵਾਲੇ ਪਾਣੀ ਅਤੇ ਸਿਹਤ ਨਿਗਰਾਨੀ ਤਿਆਰ ਕਰਨ ਲਈ ਕਿਹਾ ਹੈ। 2026 ਦਾ ਗਰਮੀਆਂ ਦਾ ਮੌਸਮ 2024-25 ਦੀਆਂ ਗਰਮੀਆਂ ਨਾਲੋਂ ਵੀ ਜ਼ਿਆਦਾ ਖ਼ਤਰਨਾਕ ਹੋ ਸਕਦਾ ਹੈ ਕਿਉਂਕਿ ਇੱਕ ਸੁਪਰ ਐਲ ਨੀਨੋ ਦੇ ਮਿਸ਼ਰਿਤ ਪ੍ਰ

ਦ ਮਿਲੇਨੀਅਮ ਸਕੂਲ ਦੇ ਵਿਦਿਆਰਥੀਆਂ ਨੇ ਜ਼ਿਲ੍ਹਾ ਕਰਾਟੇ ਚੈਂਪੀਅਨਸ਼ਿਪ 'ਚ ਲਹਿਰਾਇਆ ਪਰਚਮ

ਬਟਾਲਾ, 22 ਅਪ੍ਰੈਲ (ਬਲਵਿੰਦਰ ਸਿੰਘ ਪੰਜ ਗਰਾਈ): ਦ ਮਿਲੇਨੀਅਮ ਸਕੂਲ ਬਟਾਲਾ, ਦੇ ਵਿਦਿਆਰਥੀਆਂ ਨੇ ਜ਼ਿਲ੍ਹਾ ਗੁਰਦਾਸਪੁਰ ਕਰਾਟੇ ਚੈਂਪੀਅਨਸ਼ਿਪ 2026 ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਕੇ ਸਕੂਲ ਦਾ ਨਾਮ ਰੌਸ਼ਨ ਕੀਤਾ। ਇਹ ਮੁਕਾਬਲਾ ਜਿਮਨੇਜ਼ਿਯਮ ਹਾਲ, ਗੁਰਦਾਸਪੁਰ ਵਿੱਚ ਆਯੋਜਿਤ ਕੀਤਾ ਗਿਆ। ਇਸ ਚੈਂਪੀਅਨਸ਼ਿਪ ਦਾ ਆਯੋਜਨ ਕਰਾਟੇ-ਡੋ ਐਸੋਸੀਏਸ਼ਨ, ਜ਼ਿਲ੍ਹਾ ਗੁਰਦਾਸਪੁਰ ਵੱਲੋਂ ਜ਼ਿਲ੍ਹਾ ਓਲੰਪਿਕ ਐਸੋਸੀਏਸ਼ਨ ਤੇ ਜ਼ਿਲ੍ਹਾ ਬਾਲ ਭਲਾਈ ਕੌਂਸਲ ਦੇ ਸਹਿਯੋਗ ਨਾਲ ਕੀਤਾ ਗਿਆ। ਇਸ ਮੁਕਾਬਲੇ ਵਿੱਚ ਵਿਦਿਆਰਥੀਆਂ ਨੇ ਆਪਣੇ ਸ਼ਾਨਦਾਰ ਹੁਨਰ, ਅਨੁਸ਼ਾਸਨ ਅਤੇ ਖੇਡ ਭਾਵਨਾ ਦਾ ਪ੍ਰਦਰਸ਼ਨ ਕੀਤਾ। ਕਲਾਸ 5 ਵਿੱਚ ਆਸ਼ਮੀਤ ਕੌਰ ਨੇ ਪਹਿਲਾ ਸਥਾਨ ਹਾਸਲ ਕੀਤਾ, ਜਦਕਿ ਸੀਰਤ ਕੌਰ ਨੇ ਦੂਜਾ ਸਥਾਨ ਤੇ ਗੁਰਸੀਰਤ ਕੌਰ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਕਲਾਸ 3 ਤੋਂ ਗੁਰਬਾਜ਼ ਸਿੰਘ ਨੇ ਦੂਜਾ ਸਥਾਨ ਤੇ ਸ਼ਿਵਨੂਰ ਕੌਰ ਨੇ ਤੀਜਾ ਸਥਾਨ ਹਾਸਲ ਕੀਤਾ। ਕਲਾਸ 6 ਦੀ ਪਾਹੁਲ ਕੌਰ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਸਰਗੁਨਬੀਰ ਕੌਰ ਨੇ ਦੂਜਾ ਸਥਾਨ ਹਾਸਲ ਕੀਤਾ।

ਇਸ ਮੌਕੇ 'ਤੇ ਚੇਅਰਮੈਨ ਵਰੁਣ ਖੋਸਲਾ ਨੇ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਐਹੋ ਜਿਹੀਆਂ ਪ੍ਰਾਪਤੀਆਂ ਸਕੂਲ ਦੀ ਖੇਡਾਂ ਅਤੇ ਸਿੱਖਿਆ ਵਿੱਚ ਉਤਕ੍ਰਿਸ਼ਟਤਾ ਨੂੰ ਦਰਸਾਉਂਦੀਆਂ ਹਨ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਭਵਿੱਖ ਵਿੱਚ ਵੀ ਸ਼ਾਨਦਾਰ ਪ੍ਰਦਰਸ਼ਨ ਕਰਨ ਲਈ ਪ੍ਰੇਰਿਤ ਕੀਤਾ। ਪ੍ਰਿੰਸੀਪਲ ਗੁਰਮੀਤ ਸਿੰਘ ਨੇ ਵਿਦਿਆਰਥੀਆਂ ਦੀ ਮਿਹਨਤ ਅਤੇ ਸਮਰਪਣ ਦੀ ਸਰਾਹਨਾ ਕੀਤੀ। ਉਨ੍ਹਾਂ ਨੇ ਕਿਹਾ ਕਿ ਐਸੇ ਮੁਕਾਬਲਿਆਂ ਵਿੱਚ ਹਿੱਸਾ ਲੈਣ ਨਾਲ ਆਤਮ-ਵਿਸ਼ਵਾਸ, ਅਨੁਸ਼ਾਸਨ ਤੇ ਸਿਹਤਮੰਦ ਮੁਕਾਬਲੇ ਦੀ ਭਾਵਨਾ ਵਿਕਸਿਤ ਹੁੰਦੀ ਹੈ। ਉਨ੍ਹਾਂ ਨੇ ਮਾਪਿਆਂ ਤੇ ਅਧਿਆਪਕਾਂ ਨੂੰ ਵੀ ਇਸ ਸਫਲਤਾ ਲਈ ਵਧਾਈ ਦਿੱਤੀ। ਮਾਪਿਆਂ ਨੇ ਆਪਣੀ ਖੁਸ਼ੀ ਪ੍ਰਗਟ ਕਰਦਿਆਂ ਸਕੂਲ, ਕੋਚ ਤੇ ਵਿਦਿਆਰਥੀਆਂ ਦੀ ਮਿਹਨਤ ਦੀ ਕਦਰ ਕੀਤੀ। ਸਕੂਲ ਨੇ ਕਰਾਟੇ ਕੋਚ ਯੋਗੇਸ਼ ਨੂੰ ਉਨ੍ਹਾਂ ਦੇ ਮਾਰਗਦਰਸ਼ਨ ਤੇ ਸਮਰਪਣ ਲਈ ਪੂਰਾ ਸ੍ਰੇਯ ਦਿੱਤਾ ਤੇ ਉਨ੍ਹਾਂ ਦੇ ਲਗਾਤਾਰ ਯਤਨਾਂ ਦੀ ਪ੍ਰਸ਼ੰਸਾ ਕੀਤੀ। ਸਕੂਲ ਪਰਿਵਾਰ ਨੇ ਇਸ ਪ੍ਰਾਪਤੀ ਦਾ ਜਸ਼ਨ ਮਨਾਇਆ ਅਤੇ ਸਾਰੇ ਵਿਜੇਤਾਂ ਦੇ ਚਮਕਦਾਰ ਭਵਿੱਖ ਦੀ ਕਾਮਨਾ ਕੀਤੀ।

ਖ਼ਾਲਸਾ ਕਾਲਜ ਵਿਖੇ ਸੰਗੀਤ ਵਿਭਾਗ ਵੱਲੋਂ 'ਭਾਰਤੀ ਗਿਆਨ ਪ੍ਰਣਾਲੀ' ਤਹਿਤ ਵਿਸ਼ੇਸ਼ ਲੈਕਚਰ ਕਰਵਾਇਆ

ਗੜ੍ਹਦੀਵਾਲਾ 22 ਅਪ੍ਰੈਲ (ਗੌਰਵ ਸ਼ੋਮਣੀ): ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਸਕੱਤਰ (ਸਿੱਖਿਆ) ਸੁਖਮਿੰਦਰ ਸਿੰਘ ਦੀ ਰਹਿਨੁਮਾਈ ਅਤੇ ਪ੍ਰਿੰਸੀਪਲ ਡਾ. ਜਸਪਾਲ ਸਿੰਘ ਦੀ ਅਗਵਾਈ ਹੇਠ ਕਾਲਜ ਦੇ ਸੰਗੀਤ ਵਿਭਾਗ ਵੱਲੋਂ 'ਭਾਰਤੀ ਗਿਆਨ ਪ੍ਰਣਾਲੀ' ਤਹਿਤ ਵਿਸ਼ੇਸ਼ ਲੈਕਚਰ ਕਰਵਾਇਆ ਗਿਆ। ਇਸ ਲੈਕਚਰ ਵਿੱਚ ਸੰਗੀਤ ਵਿਭਾਗ ਦੇ ਮੁਖੀ ਸ. ਗੁਰਪਿੰਦਰ ਸਿੰਘ ਨੇ "ਭਾਰਤੀ ਪਰੰਪਰਾਵਾਂ ਵਿੱਚ ਅਧਿਆਤਮਿਕਤਾ ਤੇ ਸੰਗੀਤ" ਵਿਸ਼ੇ ਉੱਪਰ ਬੋਲਦਿਆਂ ਕਿਹਾ ਕਿ ਸੰਗੀਤ ਅਤੇ ਅਧਿਆਤਮਕਤਾ ਦਾ ਸੰਬੰਧ ਅਟੁੱਟ ਹੈ। ਵੈਦਿਕ ਸੰਸਕ੍ਰਿਤੀ ਅਧੀਨ ਬ੍ਰਹਮਣ ਗ੍ਰੰਥ, ਉਪਨਿਸ਼ਦ, ਪੌਰਾਣਿਕ ਕਾਲ, ਸਿੱਖਿਆ ਸ਼ਾਸ਼ਤਰ, ਮਹਾਂਕਾਵਿ, ਬੁੱਧ ਧਰਮ, ਜੈਨ ਧਰਮ, ਵੈਸ਼ਨਵ ਪ੍ਰੰਪਰਾ ਅਤੇ ਮੱਧਕਾਲ ਵਿੱਚ ਭਗਤੀ ਪਰੰਪਰਾ ਅਨੁਸਾਰ ਸਿੱਖ ਗੁਰੂ ਸਾਹਿਬਾਨ, ਸੂਫ਼ੀ, ਸੰਤ, ਭਗਤ ਆਦਿ ਦਾ ਜ਼ਿਕਰ ਕਰਦਿਆਂ ਕੁੱਝ ਸੰਗੀਤਕ ਗ੍ਰੰਥ ਜਿਵੇਂ ਨਾਟਿਯ ਸ਼ਾਸ਼ਤਰ, ਬ੍ਰਹਿਦੇਸ਼ੀ ਗ੍ਰੰਥ, ਸੰਗੀਤ ਮੁਰੰਮਤ, ਗੀਤ ਗੋਬਿੰਦ ਗ੍ਰੰਥ, ਸੰਗੀਤ ਰਤਨਾਕਰ ਗ੍ਰੰਥ, ਸੰਗੀਤ ਪਾਰਿਜਾਤ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਵਿਚੋਂ ਹਵਾਲੇ ਦੇ ਕੇ ਸੰਗੀਤ ਅਤੇ ਅਧਿਆਤਮਕਤਾ ਦੇ ਸੰਬੰਧਾਂ ਉੱਪਰ ਰੌਸ਼ਨੀ ਪਾਈ। ਪ੍ਰਿੰਸੀਪਲ ਡਾ. ਜਸਪਾਲ ਸਿੰਘ ਨੇ ਕਿਹਾ ਕਿ ਅਜਿਹੇ ਲੈਕਚਰ ਵਿਦਿਆਰਥੀਆਂ ਦੇ ਗਿਆਨ ਵਿਚ ਵਾਧਾ ਕਰਦੇ ਹਨ।

ਖ਼ਾਲਸਾ ਕਾਲਜ ਵਿਖੇ ਧਰਤੀ ਦਿਵਸ ਮਨਾਇਆ

ਚੌਂਕ ਮਹਿਤਾ, 22 ਅਪ੍ਰੈਲ (ਬਲਜਿੰਦਰ ਸਿੰਘ ਰੰਧਾਵਾ): ਦਮਦਮੀ ਟਕਸਾਲ ਦੇ ਮੌਜੂਦਾ ਮੁਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸ਼੍ਰੀਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਜੀ ਦੀ ਰਹਿਨੁਮਾਈ ਹੇਠ ਚੱਲ ਰਹੇ ਵਿਦਿਅਕ ਅਦਾਰੇ ਸੰਤ ਗਿਆਨੀ ਗੁਰਬਚਨ ਸਿੰਘ ਜੀ ਖਾਲਸਾ ਕਾਲਜ ਅਤੇ ਕਾਲਜੀਏਟ ਸਕੂਲ ਮਹਿਤਾ ਚੌਂਕ ਵਿਖੇ ਧਰਤੀ ਦਿਵਸ ਨੂੰ ਸਮਰਪਿਤ ਇਕ ਪ੍ਰਤਿਯੋਗਿਤਾ ਕਰਵਾਈ ਗਈ, ਜਿਸ ਵਿੱਚ ਵਿਦਿਆਰਥੀਆਂ ਨੇ ਭਾਸ਼ਣ, ਕਵਿਤਾਵਾਂ, ਸਲੋਗਨ, ਚਾਰਟਾਂ ਰਾਹੀਂ ਵਾਤਾਵਰਨ ਨੂੰ ਸੁਰੱਖਿਅਤ ਕਰਨ ਸੰਬੰਧੀ ਆਪਣੇ ਵਿਚਾਰ ਪੇਸ਼ ਕੀਤੇ। ਇਸ ਅਵਸਰ 'ਤੇ ਪ੍ਰਿੰਸੀਪਲ ਗੁਰਦੀਪ ਸਿੰਘ ਜਲਾਲ ਉਸਮਾ ਨੇ ਬੱਚਿਆਂ ਦੀ ਹੌਸਲਾ ਅਫਜਾਈ ਕੀਤੀ ਤੇ ਕਿਹਾ ਕਿ ਪਾਣੀ, ਹਵਾ, ਬਿਜਲੀ ਅਤੇ ਧਰਤੀ ਜੀਵਨ ਦੀਆਂ ਮੁੱਢਲੀਆਂ ਲੋੜਾਂ ਹਨ,ਇਸ ਲਈ ਇਹਨਾਂ ਨੂੰ ਦੂਸ਼ਿਤ ਹੋਣ ਤੋਂ ਬਚਾਉਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਧਰਤੀ ਸਾਡਾ ਘਰ ਹੈ ਅਤੇ ਇਸਦੀ ਸੰਭਾਲ ਕਰਨਾ ਸਾਡੀ ਸਾਂਝੀ ਜ਼ਿੰਮੇਵਾਰੀ ਹੈ। ਅੱਜ ਦੇ ਦੌਰ ਵਿੱਚ ਵਾਤਾਵਰਣ ਪ੍ਰਦੂਸ਼ਣ, ਜਲ ਸੰਕਟ ਅਤੇ ਜੰਗਲਾਂ ਦੀ ਕਟਾਈ ਵੱਡੀਆਂ ਚੁਣੌਤੀਆਂ ਬਣ ਚੁੱਕੀਆਂ ਹਨ।ਉਹਨਾਂ ਨੇ ਸਾਰਿਆਂ ਨੂੰ ਵੱਧ ਤੋਂ ਵੱਧ ਰੁੱਖ ਲਗਾਉਣ, ਪਾਣੀ ਦੀ ਘੱਟ ਵਰਤੋ ਕਰਨ ਲਈ ਪ੍ਰੇਰਿਤ ਕੀਤਾ।

ਸਾਨੂੰ ਚਾਹੀਦਾ ਹੈ ਕਿ ਅਸੀਂ ਰੁੱਖ ਲਗਾਉਣ, ਪਲਾਸਟਿਕ ਦੀ ਵਰਤੋਂ ਘਟਾਉਣ ਅਤੇ ਪਾਣੀ ਦੀ ਬਚਤ ਕਰਨ ਵੱਲ ਧਿਆਨ ਦੇਈਏ। ਛੋਟੇ-ਛੋਟੇ ਕਦਮ ਵੀ ਵੱਡਾ ਬਦਲਾਅ ਲਿਆ ਸਕਦੇ ਹਨ। ਉਹਨਾਂ ਨੇ ਵਿਦਿਆਰਥੀਆਂ ਨੂੰ ਅਪੀਲ ਕੀਤੀ ਕਿ ਸਭ ਮਿਲ ਕੇ ਧਰਤੀ ਨੂੰ ਸਾਫ਼-ਸੁਥਰਾ ਅਤੇ ਹਰਿਆ-ਭਰਿਆ ਬਣਾਈਏ। ਉਪਰੰਤ ਜੇਤੂ ਵਿਦਿਆਰਥੀਆਂ ਨੂੰ ਇਨਾਮ ਦੇ ਕੇ ਸਨਮਾਨਿਤ ਕੀਤਾ ਗਿਆ।ਇਸ ਮੁਕਾਬਲੇ ਮੌਕੇ 'ਤੇ ਕਾਲਜ ਪ੍ਰਿੰਸੀਪਲ ਗੁਰਦੀਪ ਸਿੰਘ ਜਲਾਲ ਉਸਮਾ, ਪ੍ਰਿੰਸੀਪਲ ਹਰਸ਼ਦੀਪ ਸਿੰਘ ਰੰਧਾਵਾ, ਪ੍ਰਿੰਸੀਪਲ ਜਤਿੰਦਰ ਸ਼ਰਮਾ, ਕੁਲਦੀਪ ਕੌਰ, ਸੁਖਦੇਵ ਸਿੰਘ, ਸੁਖਜੀਤ ਸਿੰਘ ਅਤੇ ਸਮੂਹ ਅਧਿਆਪਕ ਸਾਹਿਬਾਨਾਂ ਨੇ ਸਾਰਿਆਂ ਨੂੰ ਧਰਤੀ ਦਿਵਸ ਦੀ ਮੁਬਾਰਕਬਾਦ ਦਿੱਤੀ।

ਸੱਚੇ ਮਾਰਗ ਚੱਲਦਿਆਂ ਉਸਤਿਤ ਕਰੇ ਜਹਾਨ : ਐਡ. ਸੇਖਵਾਂ

ਗੁਰਦਾਸਪੁਰ, 22 ਅਪ੍ਰੈਲ (ਜਸਵਿੰਦਰ ਸਿੰਘ): ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਵਿਰੁੱਧ ਲਿਆਂਦਾ ਗਿਆ ਬਿੱਲ ਹੁਣ ਰਾਜਪਾਲ ਦੇ ਦਸਤਖ਼ਤਾਂ ਨਾਲ ਕਾਨੂੰਨ ਬਣ ਗਿਆ ਹੈ ਇਹਨਾਂ ਗੱਲਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਇੰਚਾਰਜ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਨੇ ਕਿਹਾ ਕਿ ਇਸ ਦੀ ਉਲੰਘਣਾ ਕਰਨ ਵਾਲਿਆਂ ਨੂੰ ਉਮਰ ਕੈਦ ਅਤੇ ਜੁਰਮਾਨੇ ਦੀ ਸਜ਼ਾ ਦਾ ਪ੍ਰਾਵਧਾਨ ਕੀਤਾ ਗਿਆ ਹੈ ਇਹ ਮਹੱਤਵਪੂਰਨ ਕਦਮ ਗੁਰੂ ਸਾਹਿਬ ਦੇ ਅਦਬ-ਸਤਿਕਾਰ ਨੂੰ ਯਕੀਨੀ ਬਣਾਉਣ ਦੇ ਨਾਲ ਨਾਲ ਸਿੱਖ ਕੌਮ ਦੀਆਂ ਧਾਰਮਿਕ ਭਾਵਨਾਵਾਂ ਦੀ ਰੱਖਿਆ ਵੱਲ ਇੱਕ ਮਜ਼ਬੂਤ ਸੰਦੇਸ਼ ਦੇਂਦਾ ਹੈ ਇਹ ਬਿੱਲ ਪਹਿਲਾਂ ਪੰਜਾਬ ਸਰਕਾਰ ਵੱਲੋਂ ਕੈਬਿਨੇਟ ਮੀਟਿੰਗ ਵਿੱਚ ਮਨਜ਼ੂਰ ਕੀਤਾ ਗਿਆ ਸੀ, ਜਿਸ ਤੋਂ ਬਾਅਦ ਇਸ ਨੂੰ ਗਵਰਨਰ ਸਾਹਿਬ ਕੋਲ ਮਨਜ਼ੂਰੀ ਲਈ ਭੇਜਿਆ ਗਿਆ ਪਿੱਛਲੇ ਦਿਨੀਂ ਸਾ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਵਿਧਾਨ ਸਭਾ ਵਿੱਚ ਇਹ ਬਿੱਲ ਪਾਸ ਕੀਤਾ ਗਿਆ ਸੀ, ਜਿਸ ਨੂੰ ਅੱਜ ਗਵਰਨਰ ਵੱਲੋਂ ਮਨਜ਼ੂਰੀ ਮਿਲਣ ਉਪਰੰਤ ਕਾਨੂੰਨ ਦਾ ਦਰਜਾ ਪ੍ਰਾਪਤ ਹੋ ਗਿਆ ਹੈ ਅੱਜ ਦਾ ਦਿਨ ਪੰਜਾਬ ਦੇ ਇਤਿਹਾਸ ਵਿਚ ਬਹੁਤ ਮਹੱਤਵਪੂਰਨ ਮੰਨਿਆ ਜਾਵੇਗਾ, ਕਿਉਂਕਿ ਇਸ ਫ਼ੈਸਲੇ ਨਾਲ ਧਾਰਮਿਕ ਅਦਬ-ਸਤਿਕਾਰ ਨੂੰ ਹੋਰ ਮਜ਼ਬੂਤੀ ਮਿਲੇਗੀ ਅਤੇ ਸਮਾਜ ਵਿੱਚ ਸਕਾਰਾਤਮਕ ਸੰਦੇਸ਼ ਜਾਵੇਗਾ। ਇਸ ਕਾਨੂੰਨ ਦੇ ਲਾਗੂ ਹੋਣ ਨਾਲ ਬੇਅਦਬੀ ਵਰਗੀਆਂ ਘਟਨਾਵਾਂ 'ਤੇ ਕੜੀ ਨਜ਼ਰ ਰੱਖੀ ਜਾਵੇਗੀ ਅਤੇ ਦੋਸ਼ੀਆਂ ਖ਼ਿਲਾਫ਼ ਸਖ਼ਤ ਕਾਰਵਾਈ ਨੂੰ ਯਕੀਨੀ ਬਣਾਇਆ ਜਾਵੇਗਾ ਸਰਕਾਰ ਦਾ ਇਹ ਕਦਮ ਸਮਾਜ ਵਿੱਚ ਅਮਨ-ਚੈਨ, ਧਾਰਮਿਕ ਸਾਂਝ ਅਤੇ ਆਪਸੀ ਸਤਿਕਾਰ ਨੂੰ ਹੋਰ ਮਜ਼ਬੂਤ ਕਰੇਗਾ ਸਰਕਾਰ ਵੱਲੋਂ ਸਪੱਸ਼ਟ ਕੀਤਾ ਗਿਆ ਹੈ ਕਿ ਕਿਸੇ ਵੀ ਧਰਮ ਦੀ ਬੇਅਦਬੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ ਅਤੇ ਹਰ ਨਾਗਰਿਕ ਨੂੰ ਆਪਣੀ ਆਸਥਾ ਅਨੁਸਾਰ ਜੀਵਨ ਜਿਉਣ ਦਾ ਪੂਰਾ ਅਧਿਕਾਰ ਹੈ ਇਸ ਮੌਕੇ ਸਾਰਿਆਂ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਧਾਰਮਿਕ ਸਾਂਝ ਤੇ ਕਾਨੂੰਨ ਦੀ ਪਾਲਣਾ ਕਰਦੇ ਹੋਏ ਸਮਾਜ ਵਿੱਚ ਸ਼ਾਂਤੀ ਅਤੇ ਭਾਈਚਾਰੇ ਨੂੰ ਬਣਾਈ ਰੱਖਣ ਲਈ ਆਪਣਾ ਯੋਗਦਾਨ ਪਾਉਣ।

ਸ਼ੇਰ ਸਿੰਘ ਕੁੱਕੜ ਦੌਲੇਵਾਲਾ ਮਾਇਰ ਨੂੰ ਸੇਜਲ ਅੱਖਾਂ ਨਾਲ ਅੰਤਿਮ ਵਿਦਾਇਗੀ

ਕੋਟ ਈਸੇ ਖਾਂ, 22 ਅਪ੍ਰੈਲ (ਹਰਜੀਤ ਸਿੰਘ/ਛਾਬੜਾ ਗੁਰਦੇਵ ਖੁਰਾਣਾ) ਪਿੰਡ ਦੌਲੇਵਾਲਾ ਮਾਇਰ ਤੋਂ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਤੇ ਟਰਾਂਸਪੋਰਟਰ ਸੁਖਦੇਵ ਸਿੰਘ ਸੋਨੂੰ ਕੁੱਕੜ ਤੇ ਸੁਰਜੀਤ ਸਿੰਘ ਸੀਤੂ ਕੁੱਕੜ ਨੂੰ ਅੱਜ ਉਸ ਸਮੇਂ ਭਾਰੀ ਸਦਮਾ ਪਹੁੰਚਿਆ ਜਦੋਂ ਉਹਨਾਂ ਦੇ ਸਤਿਕਾਰਯੋਗ ਪਿਤਾ ਸਰਦਾਰ ਸ਼ੇਰ ਸਿੰਘ ਕੁੱਕੜ ਦਾ ਅੱਜ ਸਵੇਰੇ ਅਚਾਨਕ ਦੇਹਾਂਤ ਹੋ ਗਿਆ। ਸਰਦਾਰ ਸ਼ੇਰ ਸਿੰਘ ਕੁੱਕੜ ਦਾ ਪਿੰਡ ਦੇ ਸ਼ਮਸ਼ਾਨ ਘਾਟ ਵਿਖੇ ਪੂਰੀਆਂ ਧਾਰਮਿਕ ਰਸਮਾਂ ਅਨੁਸਾਰ ਅੰਤਿਮ ਸਸਕਾਰ ਕਰ ਦਿੱਤਾ ਗਿਆ। ਇਸ ਦੁੱਖ ਦੀ ਘੜੀ ਵਿੱਚ ਸੋਨੂ ਕੁੱਕੜ ਤੇ ਪਰਿਵਾਰ ਨਾਲ ਦੁੱਖ ਵੰਡਾਉਣ ਵਾਲਿਆਂ ਵਿੱਚ ਹਲਕਾ ਵਿਧਾਇਕ ਦਵਿੰਦਰਜੀਤ ਸਿੰਘ ਲਾਡੀ ਢੋਸ, ਹਰਜੀਤ ਕੌਰ ਮਸਤੇਵਾਲਾ ਮੈਂਬਰ ਜ਼ਿਲ੍ਹਾ ਪ੍ਰੀਸ਼ਦ, ਸੀਨੀਅਰ ਆਪ ਆਗੂ ਗੁਰਲਾਭ ਸਿੰਘ ਮਸਤੇਵਾਲਾ, ਰਣਜੀਤ ਸਿੰਘ ਭੋਲਾ ਸਾਬਕਾ ਸਰਪੰਚ, ਸੁਖਵਿੰਦਰ ਸਿੰਘ ਫੌਜੂ ਸਰਪੰਚ, ਇਕਬਾਲ ਸਿੰਘ ਸਰਪੰਚ, ਹੈਂਡ ਗ੍ਰੰਥੀ ਜਗਤਾਰ ਸਿੰਘ, ਅੱਬਾ ਨਾਰੰਗ, ਬਲਵੀਰ ਸਿੰਘ ਰਣੀਆ, ਹਵਾਲਦਾਰ ਗੁਰਨਾਮ ਸਿੰਘ, ਅਮਰੀਕ ਸਿੰਘ ਚਾਨੀ, ਡਾ ਹਰਭਜਨ ਸਿੰਘ ਅਰੋੜਾ, ਡਾ ਬਾਜ ਸਿੰਘ, ਗੋਪੀ ਜੈਲਦਾਰ, ਸੁਰਿੰਦਰ ਮਿਗਲਾਨੀ, ਕਾਲਾ ਸਚਦੇਵਾ, ਗੁਰਪ੍ਰੀਤ ਸਿੰਘ ਕਾਲਾ, ਬਲਵਿੰਦਰ ਸਿੰਘ ਕੇਵਲ ਵਾਲੇ, ਬਲਵੰਤ ਸਿੰਘ ਮੈਂਬਰ, ਰਣਜੀਤ ਸਿੰਘ ਮਨੀ ਛਾਬੜਾ, ਸ਼ਿੰਦਾ ਗਾਬਾ, ਰਿੰਕੂ ਗਾਬਾ, ਪਵਨ ਸ਼ਰਮਾ, ਰਵਿੰਦਰ ਸਿੰਘ ਰਿੰਕੂ, ਮੰਗਤ ਰਾਮ ਜਾਣੀਆਂ, ਜੰਗ ਬਹਾਦਰ ਸਿੰਘ, ਪਵਨ ਟੱਕਰ, ਤਾਰਾ ਸਿੰਘ, ਕੁਲਵਿੰਦਰ ਸਿੰਘ ਫੌਜੀ, ਦਰਸ਼ਨ ਸਿੰਘ ਟੇਲਰ ਮਾਸਟਰ, ਦਵਿੰਦਰ ਸਿੰਘ ਰਾਜੂ ਲੁਧਿਆਣਾ, ਅਮਰੀਕ ਸਿੰਘ ਭੋਲਾ ਲੁਧਿਆਣਾ, ਸੰਜੀਵ ਬੇਦੀ ਡੱਬਵਾਲੀ, ਰਾਜੀਵ ਬੇਦੀ ਡੱਬਵਾਲੀ, ਭੁਪਿੰਦਰ ਸਿੰਘ ਲੁਧਿਆਣਾ, ਇੰਸਪੈਕਟਰ ਬਲਵੀਰ ਸਿੰਘ ਅਨੰਦਪੁਰ ਸਾਹਿਬ, ਸ਼ਵਨਦੀਪ ਸਿੰਘ ਅਨੰਦਪੁਰ ਸਾਹਿਬ, ਭਗਵਾਨ ਦਾਸ ਗੁੰਬਰ, ਕੁਲਵੰਤ ਸਿੰਘ ਕੰਤੀ ਸੁਨਿਆਰਾ, ਗੁਰਜੀਤ ਸਿੰਘ ਵਿਰਕ, ਗੁਰਮੀਤ ਸਿੰਘ ਵਿਰਕ ਤੋਂ ਇਲਾਵਾ ਹੋਰ ਪਤਵੰਤੇ ਸੱਜਣ ਸ਼ਾਮਲ ਸਨ।

ਗੁਰੂ ਹਰਿ ਰਾਇ ਇੰਟੈਲੀਜੈਂਟ ਟਰੇਯਰ ਸਕੂਲ ਦੇ ਦਸਵੀਂ ਜਮਾਤ ਦੇ ਵਿਦਿਆਰਥੀਆਂ ਵੱਲੋਂ ਸ਼ਾਨਦਾਰ ਪ੍ਰਦਰਸ਼ਨ

ਬਟਾਲਾ, 22 ਅਪ੍ਰੈਲ (ਬਲਵਿੰਦਰ ਸਿੰਘ ਪੰਜਗਰਾਈ): ਨਜ਼ਦੀਕੀ ਪਿੰਡ ਪੰਜ ਗਰਾਈਆਂ ਦੇ ਗੁਰੂ ਹਰ ਰਾਇ ਇੰਟੈਲੀਜੈਂਟ ਟਰੇਯਰ ਸਕੂਲ ਦੇ ਦਸਵੀਂ ਜਮਾਤ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ, ਹਰ ਸਾਲ ਦੀ ਤਰਾਂ, ਇਸ ਵਾਰ ਵੀ ਸੀਬੀਐਸਸੀ ਬੋਰਡ ਰਾਹੀਂ ਇਸ ਨਾਮਵਰ ਸੰਸਥਾ ਦਾ ਨਾਮ ਸੁਨਿਹਰੀ ਅੱਖਰਾਂ ਵਿੱਚ ਲਿਖਿਆ ਹੈ। ਪੱਤਰਕਾਰਾਂ ਨੂੰ ਜਾਣਕਾਰੀ ਦਿੰਦੇ ਹੋਏ ਸਕੂਲ ਦੇ ਚੇਅਰਪਰਸਨ ਮੈਡਮ ਅਮਨਦੀਪ ਕੌਰ ਬਾਜਵਾ ਅਤੇ ਪ੍ਰਿੰਸੀਪਲ ਮੈਡਮ ਗੁਰਦੀਸ਼ ਕੌਰ ਨੇ ਦੱਸਿਆ ਕਿ ਇਸ ਸਕੂਲ ਦੇ ਵਿਦਿਆਰਥੀ ਨਿਸ਼ਾਨਪ੍ਰੀਤ ਸਿੰਘ ਨੇ ਕਰਮਵਾਰ 96.6% ਨੰਬਰ ਲੈ ਕੇ ਪਹਿਲਾ ਸਥਾਨ ਹਾਸਲ ਕੀਤਾ ਹੈ, ਜਦਕਿ ਮੰਨਤ ਨੇ 95 ਪ੍ਰਤੀਸ਼ਤ ਅੰਕਾਂ ਨਾਲ ਦੂਸਰਾ, ਸਿਮਰਨਦੀਪ ਕੌਰ ਨੇ 95.4% ਨਾਲ ਤੀਸਰਾ, ਏਕ ਨੂਰ ਕੌਰ ਨੇ 94.80 ਨਾਲ ਚੌਥਾ, ਜੈਸਮੀਨ ਕੌਰ ਨੇ 94.2% ਅੰਕਾਂ ਨਾਲ ਪੰਜਵਾਂ,ਮਨ ਮਹਿਕ ਪ੍ਰੀਤ ਕੌਰ ਨੇ 93.2ਪਤੀਸ਼ਤ ਨਾਲ ਛੇਵਾਂ, ਨਵਨੀਤ ਕੌਰ ਨੇ 93.27ਪ੍ਰਤੀਸਤ ਨਾਲ ਸੱਤਵਾਂ, ਪ੍ਰਭਦੀਪ ਕੌਰ ਨੇ 92.2% ਨਾਲ ਅੱਠਵਾਂ, ਸਿਮਰਨਦੀਪ ਕੌਰ ਨੇ 91.6 ਪ੍ਰਤੀਸ਼ਤ ਨਾਲ ਨੌਵਾਂ, ਹਰਸਿਮਰਤ ਕੌਰ ਨੇ 91. 7% ਅੰਕਾਂ ਨਾਲ ਦਸਵਾਂ ਸਥਾਨ ਹਾਸਿਲ ਕਰਕੇ ਸੰਸਥਾ ਦਾ ਨਾਮ ਰੋਸ਼ਨ ਕੀਤਾ ਹੈ। ਉਹਨਾਂ ਦੱਸਿਆ ਕਿ ਇਹਨਾਂ ਵਿ

ਰੋਜ਼ਾਨਾ ਚੜ੍ਹਦੀਕਲਾ
ਸਿਹਤ ਖ਼ਬਰਨਾਮਾ



ਚਮੜੀ ਰੋਗਾਂ ਤੋਂ ਛੁਟਕਾਰਾ ਦਿਵਾਉਂਦਾ ਹੈ ਕੱਚੇ ਪਪੀਤੇ ਦਾ ਦੁੱਧ

ਪਪੀਤੇ ਦਾ ਸੇਵਨ ਕਰਨਾ ਲਾਭਕਾਰੀ ਹੁੰਦਾ ਹੈ। ਪਪੀਤੇ ਦੇ ਸੇਵਨ ਨਾਲ ਪਾਚਨਤੰਤਰ ਠੀਕ ਹੁੰਦਾ ਹੈ। ਪਪੀਤੇ ਦਾ ਰਸ ਨੀਂਦ ਨਾ ਆਉਣਾ, ਸਿਰਦਰਦ, ਕਬਜ਼ ਆਦਿ ਰੋਗਾਂ ਨੂੰ ਠੀਕ ਕਰਦਾ ਹੈ। ਪਪੀਤੇ ਦੇ ਰਸ ਦਾ ਸੇਵਨ ਕਰਨ ਨਾਲ ਖੱਟੇ ਡਕਾਰ ਬੰਦ ਹੋ ਜਾਂਦੇ ਹਨ।

ਚਮੜੀ ਰੋਗ ਲਈ ਬਹੁਤ ਲਾਭਕਾਰੀ ; ਕੱਚੇ ਪਪੀਤੇ ਦਾ ਦੁੱਧ ਚਮੜੀ ਰੋਗ ਲਈ ਬਹੁਤ ਲਾਭਕਾਰੀ ਹੁੰਦਾ ਹੈ। ਪਪੀਤੇ ਦਾ ਦੁੱਧ ਦਰਦ ਨੂੰ ਠੀਕ ਕਰਦਾ ਹੈ, ਕੋੜ੍ਹ ਨੂੰ ਖ਼ਤਮ ਕਰਦਾ ਹੈ ਪਪੀਤਾ ਢਿੱਡ ਰੋਗ, ਹਿਰਦਾ ਰੋਗ, ਆਂਤੜਾਂ ਦੀ ਕਮਜ਼ੋਰੀ ਆਦਿ ਨੂੰ ਦੂਰ ਕਰਦਾ ਹੈ। ਪੱਕੇ ਜਾਂ ਕੱਚੇ ਪਪੀਤੇ ਦੀ ਸਬਜ਼ੀ ਬਣਾ ਕੇ ਖਾਣਾ ਢਿੱਡ ਲਈ ਲਾਭਕਾਰੀ ਹੁੰਦਾ ਹੈ।

ਗਲੇ ਦੀ ਖ਼ਰਾਬੀ ਦੂਰ ਹੁੰਦੀ ; ਪਪੀਤੇ ਦੇ ਸੇਵਨ ਨਾਲ ਜ਼ਖ਼ਮ ਭਰਦਾ ਹੈ, ਦਸਤ ਅਤੇ ਪੇਸ਼ਾਬ ਦੀ ਰੁਕਾਵਟ ਦੂਰ ਹੁੰਦੀ ਹੈ। ਪਪੀਤੇ ਦੀ ਜੜ੍ਹ ਘਸਾ ਕੇ ਲਗਾਉਣ ਨਾਲ ਬਵਾਸੀਰ ਵਿਚ ਫ਼ਾਇਦਾ ਹੁੰਦਾ ਹੈ। ਮੂੰਹ ਦੇ ਛਾਲੇ, ਜੀਭ ਵਿਚ ਦਰਾੜਾਂ ਪੈਣ 'ਤੇ ਪਪੀਤੇ ਦਾ ਚੂਰਨ, ਗਿਲਸਰੀਨ ਮਿਲਾ ਕੇ ਜੀਭ 'ਤੇ ਲਗਾਉ।

ਬੀਮਾਰੀਆਂ ਵਿਚ ਲਾਭ ਮਿਲਦਾ ; ਪਪੀਤੇ ਦਾ ਚੂਰਨ ਗਿਲਸਰੀਨ ਵਿਚ ਮਿਲਾ ਕੇ 5-5 ਮਿੰਟ ਦੇ ਵਕਫ਼ੇ ਬਾਅਦ ਗਲੇ ਵਿਚ ਲਗਾਉਣ ਨਾਲ ਗਲੇ ਦੀ ਸੋਜ ਦੂਰ ਹੁੰਦੀ ਹੈ। ਪਪੀਤੇ ਦਾ ਚੂਰਨ ਸਵੇਰੇ-ਸ਼ਾਮ 5-5 ਗਰਾਮ ਦੀ ਮਾਤਰਾ ਵਿਚ ਸੇਵਨ ਕਰਨ ਨਾਲ ਜਿਗਰ ਅਤੇ ਤਿੱਲੀ ਦੀ ਵਧੀ ਹੋਈ ਅਵਸਥਾ ਹੌਲੀ-ਹੌਲੀ ਅਪਣੀ ਸਥਿਤੀ ਵਿਚ ਆ ਜਾਂਦੀ ਹੈ।

ਦਿੱਲੀ ਦੇ ਉਪ ਰਾਜਪਾਲ ਵੱਲੋਂ ਵਾਤਾਵਰਨ ਸੰਭਾਲ ਦਾ ਸੱਦਾ, ਅੱਤਵਾਦ ਵਿਰੁੱਧ ਦ੍ਰਿੜ ਇਰਾਦਾ ਅਤੇ ਪ੍ਰਸ਼ਾਸਨਿਕ ਮੀਟਿੰਗਾਂ ਦਾ ਦੌਰ

ਨਵੀਂ ਦਿੱਲੀ, 22 ਅਪ੍ਰੈਲ (ਅੰਮ੍ਰਿਤਪਾਲ ਸਿੰਘ) : ਦਿੱਲੀ ਦੇ ਉਪ ਰਾਜਪਾਲ ਸ੍ਰੀ ਤਰਨਜੀਤ ਸਿੰਘ ਸੰਧੂ ਅੱਜਕੱਲ੍ਹ ਰਾਜਧਾਨੀ ਦੇ ਪ੍ਰਸ਼ਾਸਨਿਕ ਅਤੇ ਸਮਾਜਿਕ ਮੁੱਦਿਆਂ ਨੂੰ ਲੈ ਕੇ ਪੂਰੀ ਤਰ੍ਹਾਂ ਸਰਗਰਮ ਨਜ਼ਰ ਆ ਰਹੇ ਹਨ। ਅੱਜ ਵਿਸ਼ਵ ਧਰਤੀ ਦਿਵਸ ਦੇ ਮੌਕੇ ਤੋਂ ਲੈ ਕੇ ਅੱਤਵਾਦ ਵਿਰੁੱਧ ਰਾਸ਼ਟਰੀ ਸੰਕਲਪ ਅਤੇ ਅਹਿਮ ਸਰਕਾਰੀ ਮੀਟਿੰਗਾਂ ਤੱਕ, ਉਪ ਰਾਜਪਾਲ ਦੇ ਦਫ਼ਤਰ ਵੱਲੋਂ ਕਈ ਮਹੱਤਵਪੂਰਨ ਸੰਦੇਸ਼ ਅਤੇ ਜਾਣਕਾਰੀਆਂ ਸਾਂਝੀਆਂ ਕੀਤੀਆਂ ਗਈਆਂ ਹਨ। ਵਿਸ਼ਵ ਧਰਤੀ ਦਿਵਸ ਦੇ ਮੌਕੇ 'ਤੇ ਉਪ ਰਾਜਪਾਲ ਨੇ ਦਿੱਲੀ ਵਾਸੀਆਂ ਨੂੰ ਇੱਕ ਭਾਵੁਕ ਅਤੇ ਜ਼ਿੰਮੇਵਾਰਾਨਾ ਅਪੀਲ ਕੀਤੀ ਹੈ। ਉਨ੍ਹਾਂ ਕਿਹਾ ਕਿ ਧਰਤੀ ਸਾਡਾ ਸਾਂਝਾ ਘਰ ਹੈ ਅਤੇ ਇਸ ਦੀ ਸੁਰੱਖਿਆ ਕਰਨਾ ਸਾਡੀ ਸਭ ਦੀ ਨੈਤਿਕ ਜ਼ਿੰਮੇਵਾਰੀ ਹੈ। ਇਸ ਸਾਲ ਦੇ ਥੀਮ ਸਾਡੀ ਸ਼ਕਤੀ, ਸਾਡਾ ਗ੍ਰਹਿ 'ਤੇ ਜ਼ੋਰ ਦਿੰਦਿਆਂ ਉਨ੍ਹਾਂ ਕਿਹਾ ਕਿ ਵਾਤਾਵਰਣ ਵਿੱਚ ਸੁਧਾਰ ਲਿਆਉਣ ਲਈ ਸਾਨੂੰ ਸਮੂਹਿਕ ਕਾਰਵਾਈ ਦੀ ਲੋੜ ਹੈ। ਉਨ੍ਹਾਂ ਦਿੱਲੀ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਰੋਜ਼ਾਨਾ ਜੀਵਨ ਵਿੱਚ ਅਜਿਹੇ ਫੈਸਲੇ ਲੈਣ ਜੋ ਕੁਦਰਤ ਦੇ ਅਨੁਕੂਲ ਹੋਣ। ਉਪ ਰਾਜਪਾਲ ਮੁਤਾਬਕ, ਜੇਕਰ ਅਸੀਂ ਅੱਜ ਸੁਚੇਤ ਹੋ ਕੇ ਪਾਣੀ ਦੀ ਬਚਤ, ਪ੍ਰਦੂਸ਼ਣ 'ਤੇ ਕਾਬੂ ਅਤੇ ਵੱਧ ਤੋਂ ਵੱਧ ਪੌਦੇ ਲਗਾਉਣ ਵਰਗੇ ਉਪਰਾਲੇ ਕਰਾਂਗੇ, ਤਾਂ ਹੀ ਅਸੀਂ ਦਿੱਲੀ ਨੂੰ ਆਉਣ ਵਾਲੀਆਂ ਪੀੜ੍ਹੀਆਂ ਲਈ ਸੁਰੱਖਿਅਤ ਅਤੇ ਰਹਿਣਯੋਗ ਬਣਾ ਸਕਾਂਗੇ।

ਵਾਤਾਵਰਣ ਦੇ ਨਾਲ-ਨਾਲ ਉਪ ਰਾਜਪਾਲ ਨੇ ਦੇਸ਼ ਦੀ ਅੰਦਰੂਨੀ ਸੁਰੱਖਿਆ ਅਤੇ ਅੱਤਵਾਦ ਵਿਰੁੱਧ ਵੀ ਸਖ਼ਤ ਰੁਖ਼ ਅਖਤਿਆਰ ਕੀਤਾ ਹੈ। ਅੱਜ ਇੱਕ ਸਾਲ ਪਹਿਲਾਂ ਪਹਿਲਗਾਮ ਵਿੱਚ ਹੋਏ ਭਿਆਨਕ ਅੱਤਵਾਦੀ ਹਮਲੇ ਦੇ ਪੀੜਤਾਂ ਨੂੰ ਯਾਦ ਕਰਦਿਆਂ ਉਨ੍ਹਾਂ ਨੇ ਟਵਿੱਟਰਰਾਹੀਂ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ। ਉਨ੍ਹਾਂ ਕਿਹਾ ਕਿ ਅੱਤਵਾਦ ਦਾ ਮਕਸਦ ਸਾਡੇ ਹੌਸਲੇ ਤੋੜਨਾ ਹੈ, ਪਰ ਅਜਿਹੀਆਂ ਕਾਇਰਾਨਾ ਹਰਕਤਾਂ ਨੇ ਸਾਡੇ ਇਰਾਦਿਆਂ ਨੂੰ ਹੋਰ ਵੀ ਮਜ਼ਬੂਤ ਕੀਤਾ ਹੈ। ਉਨ੍ਹਾਂ ਸਪੱਸ਼ਟ ਕੀਤਾ ਕਿ ਦੇਸ਼ ਅੱਤਵਾਦ ਦੇ ਵਿਰੁੱਧ ਇੱਕਜੁੱਟ ਹੈ ਅਤੇ ਸ਼ਹੀਦਾਂ ਦੀ ਕੁਰਬਾਨੀ ਨੂੰ ਕਦੇ ਭੁਲਾਇਆ ਨਹੀਂ ਜਾਵੇਗਾ। ਇਸ ਸੰਦੇਸ਼ ਰਾਹੀਂ ਉਨ੍ਹਾਂ ਨੇ ਦੇਸ਼ ਦੀ ਅਖੰਡਤਾ ਅਤੇ ਸ਼ਾਂਤੀ ਨੂੰ ਬਰਕਰਾਰ ਰੱਖਣ ਦਾ ਸੰਕਲਪ ਦੁਹਰਾਇਆ। ਦਿੱਲੀ ਦੇ ਵਿਕਾਸ ਕਾਰਜਾਂ ਵਿੱਚ ਤੇਜ਼ੀ ਲਿਆਉਣ ਲਈ ਉਪ ਰਾਜਪਾਲ ਲਗਾਤਾਰ ਕੇਂਦਰੀ ਅਧਿਕਾਰੀਆਂ ਨਾਲ ਰਾਬਤਾ ਕਾਇਮ ਕਰ ਰਹੇ ਹਨ। ਇਸੇ ਲੜੀ ਤਹਿਤ ਕੇਂਦਰੀ ਆਵਾਸ ਅਤੇ ਸ਼ਹਿਰੀ ਮਾਮਲਿਆਂ ਦੇ ਮੰਤਰਾਲੇ (ਐਚ.ਯੂ.ਏ.) ਦੇ ਸਕੱਤਰ ਸ੍ਰੀ ਸ੍ਰੀਨਿਵਾਸ ਆਰ. ਕਟਿਕੀਥਾਲਾ ਨੇ ਰਾਜ ਨਿਵਾਸ ਵਿਖੇ ਉਪ ਰਾਜਪਾਲ ਨਾਲ ਮੁਲਾਕਾਤ ਕੀਤੀ। ਇਸ ਉੱਚ-ਪੱਧਰੀ ਮੀਟਿੰਗ ਦੌਰਾਨ ਦਿੱਲੀ ਦੇ ਬੁਨਿਆਦੀ ਢਾਂਚੇ, ਸ਼ਹਿਰੀ ਵਿਕਾਸ ਯੋਜਨਾਵਾਂ ਅਤੇ ਚੱਲ ਰਹੇ ਪ੍ਰਸ਼ਾਸਨਿਕ ਪ੍ਰੋਜੈਕਟਾਂ ਬਾਰੇ ਵਿਸਤਾਰ ਵਿੱਚ ਚਰਚਾ ਕੀਤੀ ਗਈ। ਮੰਨਿਆ ਜਾ ਰਿਹਾ ਹੈ ਕਿ ਇਸ ਮੁਲਾਕਾਤ ਨਾਲ ਦਿੱਲੀ ਵਿੱਚ ਰੁਕੇ ਹੋਏ ਕਈ ਵਿਕਾਸ ਕਾਰਜਾਂ ਨੂੰ ਗਤੀ ਮਿਲੇਗੀ ਅਤੇ ਕੇਂਦਰ ਤੇ ਰਾਜ ਵਿਚਾਲੇ ਬਿਹਤਰ ਤਾਲਮੇਲ ਸਥਾਪਿਤ ਹੋਵੇਗਾ। ਉਪ ਰਾਜਪਾਲ ਦੀਆਂ ਇਹ ਗਤੀਵਿਧੀਆਂ ਦਰਸਾਉਂਦੀਆਂ ਹਨ ਕਿ ਉਹ ਦਿੱਲੀ ਦੇ ਸਰਬਪੱਖੀ ਵਿਕਾਸ ਲਈ ਵਚਨਬੱਧ ਹਨ। ਇੱਕ ਪਾਸੇ ਜਿੱਥੇ ਉਹ ਵਾਤਾਵਰਣ ਵਰਗੇ ਗੰਭੀਰ ਮੁੱਦਿਆਂ @ਤੇ ਜਨਤਾ ਨੂੰ ਜਾਗਰੂਕ ਕਰ ਰਹੇ ਹਨ, ਉੱਥੇ ਹੀ ਦੂਜੇ ਪਾਸੇ ਅੱਤਵਾਦ ਵਿਰੁੱਧ ਡਟ ਕੇ ਖੜ੍ਹਨਾ ਅਤੇ ਪ੍ਰਸ਼ਾਸਨਿਕ ਮੀਟਿੰਗਾਂ ਰਾਹੀਂ ਸ਼ਹਿਰ ਦੀ ਨੁਹਾਰ ਬਦਲਣ ਦੀ ਕੋਸ਼ਿਸ਼ ਕਰਨਾ ਉਨ੍ਹਾਂ ਦੀ ਸਰਗਰਮ ਕਾਰਜਸ਼ੈਲੀ ਦਾ ਪ੍ਰਤੀਕ ਹੈ। ਦਿੱਲੀ ਦੀ ਜਨਤਾ ਲਈ ਇਹ ਸੁਨੇਹੇ ਇੱਕ ਧਰਵਾਸ ਵਜੋਂ ਹਨ ਕਿ ਪ੍ਰਸ਼ਾਸਨ ਉਨ੍ਹਾਂ ਦੀ ਸੁਰੱਖਿਆ ਅਤੇ ਸੁਵਿਧਾਵਾਂ ਪ੍ਰਤੀ ਸੁਚੇਤ ਹੈ। ਇਨ੍ਹਾਂ ਅਹਿਮ ਮੁੱਦਿਆਂ @ਤੇ ਉਪ ਰਾਜਪਾਲ ਵੱਲੋਂ ਕੀਤੀ ਗਈ ਪਹਿਲਕਦਮੀ ਆਉਣ ਵਾਲੇ ਦਿਨਾਂ ਵਿੱਚ ਰਾਜਧਾਨੀ ਦੀ ਸਿਆਸੀ ਅਤੇ ਸਮਾਜਿਕ ਫਿਜ਼ਾ ਵਿੱਚ ਸਕਾਰਾਤਮਕ ਤਬਦੀਲੀ ਲਿਆ ਸਕਦੀ ਹੈ।

ਭਾਰਤੀ ਕੌਂਸਲੇਟ ਮਿਲਾਨ ਦੁਆਰਾ ਭਾਰਤੀ ਭਾਈਚਾਰੇ ਲਈ ਤੇਜ਼ ਤਰਾਰ-ਸੇਵਾਵਾਂ ਅਤੇ ਵਿਸ਼ੇਸ਼ ਕੈਂਪਾਂ ਦਾ ਐਲਾਨ

ਮਿਲਾਨ (ਇਟਲੀ), 22 ਅਪ੍ਰੈਲ (ਦਲਜੀਤ ਮੱਕੜ) : ਉੱਤਰੀ ਇਟਲੀ ਵਿੱਚ ਰਹਿ ਰਹੇ ਭਾਰਤੀ ਭਾਈਚਾਰੇ ਦੀ ਸਹੂਲਤ ਲਈ ਮਿਲਾਨ ਸਥਿੱਤ ਭਾਰਤੀ ਕੌਂਸਲੇਟ ਨੇ ਕਈ ਵੱਡੇ ਅਤੇ ਅਹਿਮ ਸੁਧਾਰਾਂ ਦਾ ਐਲਾਨ ਕੀਤਾ ਹੈ।ਕੌਂਸਲੇਟ ਅਧਿਕਾਰੀਆਂ ਨੇ ਕਿਹਾ ਕਿ ਉਹ ਕੌਂਸਲੇਟ ਨੂੰ ਇਕ ÷ਸੇਵਾ ਸਥਲ÷ ਵੱਜੋਂ ਦੇਖਦੇ ਹਨ,ਜਿਸਦਾ ਮਕਸਦ ਲੋਕਾਂ ਦੀਆਂ ਮੁਸ਼ਕਿਲਾਂ ਨੂੰ ਜਲਦ ਤੋਂ ਜਲਦ ਹੱਲ ਕਰਨਾ ਹੈ।ਇਸ ਸਬੰਧ ਵਿੱਚ ਬੀਤੇ ਦਿਨ ਕੌਂਸਲੇਟ ਦਫਤਰ ਵਿਖੇ ਕੌਂਸਲੇਟ ਜਨਰਲ ਸ਼੍ਰੀ ਲਵੱਨਿਆ ਕੁਮਾਰ ਦੁਆਰਾ ਪ੍ਰੈੱਸ ਕਾਨਫਰੰਸ ਕਰਕੇ ਅਹਿਮ ਜਾਣਕਾਰੀ ਦਿੱਤੀ ਗਈ।ਉਨਾਂ ਦੱਸਿਆ ਕਿ ਕੌਂਸਲੇਟ ਦੁਆਰਾ ਤੁਰੰਤ ਪਾਸਪੋਰਟ ਰਿਨਿਊ ਕਰਨ ਲਈ ਫਾਸਟ ਟ੍ਰੈਕ ਸੇਵਾ ਸ਼ੁਰੂ ਕਰਕੇ ਐਮਰਜੈਂਸੀ ਸੂਰਤ ਵਿੱਚ ਤੁਰੰਤ ਅਪੌਆਇੰਟਮੈਂਟ ਸਰਵਿਸ ਸ਼ੁਰੂ ਕੀਤੀ ਗਈ ਹੈ।ਇਸੇ ਪ੍ਰਕਾਰ ਪਾਸਪੋਰਟ ਸਰੰਡਰ,ਪਾਵਰ ਆਫ ਅਟਰਾਨੀ ਅਤੇ ਅਟੈਸਟੇਸ਼ਨ ਵਰਗੇ ਕੰਮਾਂ ਲਈ ÷ਸੇਮ ਡੇਅ ਪ੍ਰੋਸੈੱਸ÷ ਪ੍ਰਕ੍ਰਿਆ ਸ਼ੁਰੂ ਕੀਤੀ ਗਈ ਹੈ।ਸ਼੍ਰੀ ਲਵੱਨਿਆ ਕੁਮਾਰ ਨੇ ਅੱਗੇ ਦੱਸਿਆ ਕਿ ਇਸ ਸਬੰਧ ਵਿੱਚ ਜਲਦੀ ਹੀ ਇਕ ਨਵੀਂ ਵੈੱਬਸਾਇਟ ਵੀ ਲਾਂਚ ਕੀਤੀ ਜਾਵੇਗੀ ਜਿਸ ਵਿੱਚ ਵੱਖ ਵੱਖ ਸਰਟੀਫਿਕੇਟ ਮਿਲਣਗੇ।ਉਨਾਂ ਦੱਸਿਆ ਕਿ ਪਾਸਪੋਰਟ ਨਾਲ਼ ਸਬੰਧਿਤ ਕਾਰਜਾਂ ਵਿੱਚ ਤੇਜੀ ਲਈ ਹੁਣ ਕੌਂਸਲੇਟ ਦਫਤਰ ਵਿਖੇ ਹਰੇਕ ਮਹੀਨੇ ਪਾਸਪੋਰਟ ਕੈਂਪ ਲਗਾਇਆ ਜਾਂਦਾ ਹੈ।ਜਿਸ ਤਹਿਤ ਪਾਸਪੋਰਟ ਅਰਜੀਆਂ ਲਈ ਹੁਣ ਅਗਲਾ ਕੈਂਪ ਮਿਲਾਨ ਵਿਖੇ 9 ਮਈ ਨੂੰ ਲਗਾਇਆ ਜਾਵੇਗਾ।ਇਟਲੀ ਵਿੱਚ ਪੜ੍ਹਾਈ ਕਰਨ ਲਈ ਆ ਰਹੇ ਵਿਦਿਆਰਥੀਆਂ ਦੀ ਸਹੂਲਤ ਲਈ ਵਿਸ਼ੇਸ਼ ਕੈਰੀਅਰ ਕੌਂਸਲਿੰਗ ਪ੍ਰੋਗਰਾਮ ਚਲਾਏ ਜਾ ਰਹੇ ਹਨ,ਜਿੱਥੇ ਵੱਡੀਆਂ ਕੰਪਨੀਆਂ ਨਾਲ਼ ਮਿਲ ਕੇ ਉਨਾਂ ਨੂੰ ਨੌਕਰੀਆਂ ਦੇ ਮੌਕਿਆਂ ਬਾਰੇ ਜਾਣਕਾਰੀ ਦਿੱਤੀ ਜਾਂਦੀ ਹੈ।ਸ਼੍ਰੀ ਲਵੱਨਿਆ ਕੁਮਾਰ ਨੇ ਅੱਗੇ ਦੱਸਿਆ ਕਿ ਲੋਕਾਂ ਨਾਲ਼ ਰਾਬਤਾ ਬਣਾਉਣ ਲਈ ਕੌਂਸਲੇਟ ਅਧਿਕਾਰੀਆਂ ਦੁਆਰਾ ਇਟਲੀ ਚ ਭਾਰਤੀ ਧਾਰਮਿਕ ਸਥਾਨਾਂ ਮੰਦਿਰਾਂ ਗੁਰਦਆਰਿਆਂ ਵਿੱਚ ਜਾ ਕੇ ਭਾਈਚਾਰੇ ਨਾਲ਼ ਵਿਸ਼ੇਸ਼ ਮੁਲਾਕਾਤਾਂ ਕੀਤੀਆਂ ਜਾਂਦੀਆਂ ਹਨ ਤਾਂ ਜੋ ਉਨਾਂ ਦੀਆਂ ਸਮੱਸਿਆਵਾਂ ਸੁਣੀਆਂ ਜਾ ਸਕਣ।

ਰਾਜਧਾਨੀ ਰੋਮ 'ਚ ਗੂੰਜੇ ਬੋਲੇ ਸੋ ਨਿਹਾਲ ਸਤਿ ਸ੍ਰੀ ਅਕਾਲ ਦੇ ਜੈਕਾਰੇ, ਖਾਲਸਾਈ ਰੰਗ ਵਿੱਚ ਰੰਗਿਆ ਨਜ਼ਰ ਆਇਆ ਰੋਮ ਸ਼ਹਿਰ

ਰੋਮ ਇਟਲੀ, 22 ਅਪ੍ਰੈਲ (ਗੁਰਸ਼ਰਨ ਸਿੰਘ ਸੋਨੀ) : ਇਟਲੀ ਦੀ ਰਾਜਧਾਨੀ ਰੋਮ ਵਿਖੇ ਗੁਰਦੁਆਰਾ ਹਰਿਗੋਬਿੰਦ ਸੇਵਾ ਸੁਸਾਇਟੀ, ਗੁਰੂ ਨਾਨਕ ਦਰਬਾਰ ਰੋਮ ਦੀਆਂ ਸਿੱਖ ਸੰਗਤਾਂ ਵੱਲੋਂ ਖਾਲਸਾ ਸਾਜਨਾ ਦਿਹਾੜੇ ਤੇ ਸਤਿਗੁਰੂ ਰਵਿਦਾਸ ਮਹਾਰਾਜ ਜੀ ਦੇ ਅਵਤਾਰ ਦਿਹਾੜੇ ਮੌਕੇ ਦੀਆਂ ਖੁਸ਼ੀਆਂ ਨੂੰ ਸਮਰਪਿਤ ਅਲੌਕਿਕ ਨਗਰ ਕੀਰਤਨ ਸਜਾਇਆ ਗਿਆ । ਜਿਸ ਵਿੱਚ ਹਾਜ਼ਰ ਹਜਾਰਾਂ ਦੀ ਗਿਣਤੀ ਵਿੱਚ ਸ਼ਾਮਲ ਸਿੱਖ ਸੰਗਤਾਂ ਨੇ ਜੋ ਬੋਲੇ ਸੋ ਨਿਹਾਲ ਦੇ ਜੈਕਾਰਿਆਂ ਨਾਲ ਰੋਮ ਸ਼ਹਿਰ ਦੇ ਰੋਮ ਰੋਮ ਨੂੰ ਗੂੰਜਣ ਲਾ ਦਿੱਤਾ

ਦੱਸਣਯੋਗ ਹੈ ਕਿ ਵਿਸਾਖੀ ਦੇ ਦਿਹਾੜੇ ਮੌਕੇ ਰੋਮ ਸ਼ਹਿਰ ਦੇ ਸੈਂਟਰ ਵਿੱਚ ਹਰ ਸਾਲ ਅਲੌਕਿਕ ਨਗਰ ਕੀਰਤਨ ਕੱਢਿਆ ਜਾਂਦਾ ਹੈ ਜਿਸ ਵਿੱਚ ਇਟਲੀ ਦੇ ਵੱਖ-ਵੱਖ ਹਿੱਸਿਆਂ ਤੋਂ ਸੰਗਤਾਂ ਵੱਡੀ ਤਦਾਦ ਵਿੱਚ ਸ਼ਮੂਲੀਅਤ ਕਰਦੀਆਂ ਹਨ ਤੇ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਨੂੰ ਨਤਮਸਤਕ ਹੋ ਕਿ ਆਪਣਾ ਜੀਵਨ ਸਫਲਾ ਬਣਾਉਂਦੀਆਂ ਹਨ । ਨਗਰ ਕੀਰਤਨ ਦੀ ਆਰੰਭਤਾ ਦਿੱਤੇ ਸਮੇਂ ਮੁਤਾਬਕ ਪਿਆਸਾ ਵਿਕਟੋਰੀਆ ਤੋ ਹੋਈ ਭਾਈ ਸੁਖਬੀਰ ਸਿੰਘ ਭੋਰ ਦੇ ਢਾਡੀ ਜੱਥੇ ਦੁਆਰਾ ਆਈਆਂ ਸੰਗਤਾਂ ਨੂੰ ਗੁਰੂ ਇਤਿਹਾਸ ਸ਼ਰਵਣ ਕਰਵਾਇਆ ਗਿਆ ਇਸ ਮੌਕੇ ਨੌਜਵਾਨ ਸੇਵਾਦਾਰਾਂ ਵੱਲੋ ਲੰਗਰ ਦੇ ਅਤੁੱਟ ਪ੍ਰਬੰਧ ਕੀਤੇ ਗਏ ਛੋਟੇ ਛੋਟੇ ਬੱਚਿਆਂ ਵੱਲੋਂ ਵੀ ਕੀਰਤਨ ਵਿਚਾਰਾਂ ਨਾਲ ਨਿਹਾਲ ਕੀਤਾ ਗਿਆ ਜੋੜਾ ਘਰ ਮੰਜੂਦ ਸੇਵਾਦਾਰਾਂ ਵੱਲੋਂ ਤਨਦੇਹੀ ਨਾਲ ਸੇਵਾਵਾਂ ਨਿਭਾਈਆਂ ਗਈਆ। ਪ੍ਰਬੰਧਕ ਕਮੇਟੀ ਵੱਲੋਂ ਆਏ ਹੋਏ ਜਥਿਆਂ ਅਤੇ ਸੇਵਾਦਾਰਾਂ ਨੂੰ ਸਿਰੋਪਾਓ ਭੇਂਟ ਕੀਤਾ ਗਿਆ ਸਥਾਨਿਕ ਟ੍ਰੈਫਿਕ ਪੁਲਸ ਦੁਆਰਾ ਆਪਣੀ ਡਿਊਟੀ ਨੂੰ ਬਾਖੂਬੀ ਨਾਲ ਨਿਭਾਇਆ ਗਿਆ॥

ਬੀ.ਜੀ.ਆਈ.ਐਫ. ਵਰਗੇ ਪਲੇਟਫਾਰਮ ਨੀਤੀ ਅਤੇ ਅਭਿਆਸ ਵਿਚਕਾਰ ਪਾੜੇ ਨੂੰ ਪੂਰਾ ਕਰਨ ਲਈ ਮਹੱਤਵਪੂਰਨ

ਨਵੀਂ ਦਿੱਲੀ, 22 ਅਪ੍ਰੈਲ (ਅੰਮ੍ਰਿਤਪਾਲ ਸਿੰਘ) :ਭਾਰਤ ਗਲੋਬਲ ਇੰਡਸਟਰੀਜ਼ ਫੋਰਮ (BGIF) ਵਿਖੇ ਵਿਕਸਤ ਹੁੰਦੇ ਗਲੋਬਲ ਭੂ-ਰਾਜਨੀਤਿਕ ਦ੍ਰਿਸ਼ਟੀਕੋਣ ਵਿੱਚ ਭਾਰਤ ਲਈ ਉੱਭਰ ਰਹੇ ਮੌਕੇ ਵਿਸ਼ੇ 'ਤੇ ਮੁੱਖ ਭਾਸ਼ਣ ਦਿੱਤਾ। ਸਪਲਾਈ ਚੇਨਾਂ ਅਤੇ ਭੂ-ਰਾਜਨੀਤੀ ਅਤੇ ਉਦਯੋਗ ਵਿਚਕਾਰ ਸਿੱਧੇ ਸਬੰਧਾਂ ਦੇ ਬਦਲਦੇ ਸੰਸਾਰ ਵਿੱਚ, ਮਾਨਯੋਗ ਪ੍ਰਧਾਨ ਮੰਤਰੀ ਸ਼੍ਰੀ ਨਰੇਂਦਰ ਮੋਦੀ ਦੁਆਰਾ ਕਲਪਨਾ ਕੀਤੇ ਗਏ ਬਹੁ-ਅਲਾਈਨਮੈਂਟ ਅਤੇ ਰਣਨੀਤਕ ਖੁਦਮੁਖਤਿਆਰੀ ਦਾ ਭਾਰਤ ਦਾ ਦ੍ਰਿਸ਼ਟੀਕੋਣ ਮੁੱਖ ਸਮਕਾਲੀ ਪ੍ਰਸੰਗਿਕਤਾ ਦਾ ਹੈ। ਸਬਕਾ ਸਾਥ, ਸਬਕਾ ਵਿਕਾਸ, ਸਬਕਾ ਵਿਸ਼ਵਾਸ, ਸਬਕਾ ਪ੍ਰਯਾਸ ਦੇ ਦ੍ਰਿਸ਼ਟੀਕੋਣ ਦੁਆਰਾ ਸੇਧਿਤ, ਅਸੀਂ ਸੈਮੀਕੰਡਕਟਰ, ਨਵਿਆਉਣਯੋਗ ਊਰਜਾ, ਅਤੇ ਡਿਜੀਟਲ ਅਰਥਵਿਵਸਥਾ ਵਰਗੇ ਖੇਤਰਾਂ ਵਿੱਚ ਅਗਵਾਈ ਕਰਨ ਲਈ ਚੰਗੀ ਸਥਿਤੀ ਵਿੱਚ ਹਾਂ। ਹਾਲਾਂਕਿ, ਇਹਨਾਂ ਮੌਕਿਆਂ ਨੂੰ ਨਤੀਜਿਆਂ ਵਿੱਚ ਬਦਲਣ ਲਈ ਢਾਂਚਾਗਤ ਢਾਂਚੇ ਅਤੇ ਨਿਰੰਤਰ ਸਹਿਯੋਗ ਦੀ ਲੋੜ ਹੁੰਦੀ ਹੈ। BGIF ਵਰਗੇ ਪਲੇਟਫਾਰਮ ਨੀਤੀ ਅਤੇ ਅਭਿਆਸ ਵਿਚਕਾਰ ਪਾੜੇ ਨੂੰ ਪੂਰਾ ਕਰਨ, ਭਾਰਤੀ ਉਦਯੋਗ ਨੂੰ ਵਿਸ਼ਵ ਪੱਧਰ 'ਤੇ ਆਪਣੀਆਂ ਸਮਰੱਥਾਵਾਂ ਨੂੰ ਪੇਸ਼ ਕਰਨ ਅਤੇ ਇੱਕ ਭਰੋਸੇਯੋਗ ਭਾਈਵਾਲ ਵਜੋਂ ਸਾਡੀ ਸਾਖ ਬਣਾਉਣ ਵਿੱਚ ਮਦਦ ਕਰਨ ਲਈ ਮਹੱਤਵਪੂਰਨ ਹਨ।

ਵਿਵੇਕ ਨਿਗਮ ਨੇ ਬੈਂਕ ਆਫ਼ ਇੰਡੀਆ, ਲੁਧਿਆਣਾ ਦੇ ਜ਼ੋਨਲ ਮੈਨੇਜਰ ਵਜੋਂ ਅਹੁਦਾ ਸੰਭਾਲਿਆ

ਲੁਧਿਆਣਾ, 22 ਅਪ੍ਰੈਲ: ਜਨਤਕ ਖੇਤਰ ਦੇ ਮੋਹਰੀ ਬੈਂਕ, ਬੈਂਕ ਆਫ਼ ਇੰਡੀਆ ਦੇ ਜ਼ੋਨਲ ਮੈਨੇਜਰ ਦਾ ਅਹੁਦਾ ਵਿਵੇਕ ਨਿਗਮ ਨੇ ਸੰਭਾਲ ਲਿਆ ਹੈ। ਲੁਧਿਆਣਾ ਦੇ ਜ਼ੋਨਲ ਦਫ਼ਤਰ ਪਹੁੰਚਣ @ਤੇ, ਬੈਂਕ ਦੇ ਸਾਥਕਾ ਜ਼ੋਨਲ ਮੈਨੇਜਰ ਅਤੇ ਜਨਰਲ ਮੈਨੇਜਰ, ਵੈਭਵ ਆਨੰਦ ਨੇ ਡਿਪਟ

ਮਾਝਾ-ਦੁਆਬਾ

ਆਸ ਪਾਸ

ਜਥੇਦਾਰ ਗੜਗੱਜ ਵੱਲੋਂ ਨਿਊਜ਼ੀਲੈਂਡ ਦੀਆਂ ਗੁਰਦੁਆਰਾ ਕਮੇਟੀਆਂ ਨਾਲ ਵਿਚਾਰ-ਵਟਾਂਦਰਾ

ਅੰਮ੍ਰਿਤਸਰ, 22 ਅਪ੍ਰੈਲ (ਬਬਲੂ ਮਹਾਜਨ) : ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਨਿਊਜ਼ੀਲੈਂਡ ਦੀਆਂ ਸਮੂਹ ਗੁਰਦੁਆਰਾ ਪ੍ਰਬੰਧਕ ਕਮੇਟੀਆਂ ਦੇ ਨੁਮਾਇੰਦਿਆਂ ਨਾਲ ਗੁਰਦੁਆਰਾ ਸ੍ਰੀ ਦਸਮੇਸ਼ ਦਰਬਾਰ, ਪਾਪਾਟੋਏਟੋਏ, ਔਕਲੈਂਡ ਵਿੱਚ ਗੁਰਦੁਆਰਾ ਪ੍ਰਬੰਧ, ਮਰਯਾਦਾ, ਏਕਤਾ, ਸਮੱਸਿਆਵਾਂ ਅਤੇ ਹੋਰ ਜ਼ਰੂਰੀ ਵਿਸ਼ਿਆਂ ਉੱਤੇ ਦੀਰਘ ਵਿਚਾਰ ਚਰਚਾ ਕੀਤੀ। ਜਥੇਦਾਰ ਗੜਗੱਜ ਦੇ ਨਿਰਦੇਸ਼ਾਂ ਤਹਿਤ ਸੁਪਰੀਮ ਸਿੱਖ ਸੋਸਾਇਟੀ ਆਫ਼ ਨਿਊਜ਼ੀਲੈਂਡ ਦੇ ਉੱਦਮ ਸਦਕਾ ਹੋਈ ਇਸ ਇਕੱਤਰਤਾ ਵਿੱਚ ਗੁਰਦੁਆਰਾ ਪ੍ਰਬੰਧਕ ਕਮੇਟੀਆਂ ਦੇ ਨੁਮਾਇੰਦਿਆਂ ਨੇ ਸਿੰਘ ਸਾਹਿਬ ਪਾਸੋਂ ਸਵਾਲ ਜਵਾਬ, ਸੁਝਾਵਾਂ ਅਤੇ ਭਵਿੱਖੀ ਮੰਗੀ ਤਰਜੀਹਾਂ ਨਿਰਧਾਰਤ ਕਰਨ ਦੇ ਰੂਪ ਵਿੱਚ ਵਿਚਾਰ ਚਰਚਾ ਕੀਤੀ।

ਜਥੇਦਾਰ ਗੜਗੱਜ ਨੇ ਆਪਣੇ ਵਿਚਾਰ ਰੱਖਣ ਵਾਲੇ ਜਾਂ ਸਵਾਲ ਕਰਨ ਵਾਲੇ ਹਰ ਗੁਰੂ ਘਰ ਦੇ ਨੁਮਾਇੰਦੇ ਦੀ ਗੱਲ ਗੌਰ ਨਾਲ ਸੁਣੀ ਅਤੇ ਉਨ੍ਹਾਂ ਨੂੰ ਗੁਰਮਤਿ ਸਿਧਾਂਤਾਂ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਿੱਖ ਰਹਿਤ ਮਰਯਾਦਾ ਦੀ ਰੌਸ਼ਨੀ ਵਿੱਚ ਤਸੱਲੀਬਖ਼ਸ਼ ਜਵਾਬ ਦਿੱਤੇ। ਪ੍ਰਬੰਧਕਾਂ ਵੱਲੋਂ ਨੌਜਵਾਨਾਂ ਨੂੰ ਕਿੱਤਾਮੁਖੀ ਪੜ੍ਹਾਈ ਨਾਲ ਜੋੜਣ, ਕੌਮ ਵਿੱਚ ਏਕਤਾ, ਸਿੱਖ ਸਾਹਿਤ ਅਤੇ ਧਰਮ ਪ੍ਰਚਾਰ ਸਬੰਧੀ ਚੰਗੇ ਵਿਚਾਰ ਰੱਖੇ ਗਏ ਜਿਨ੍ਹਾਂ ਨੂੰ ਮੌਕੇ ਉੱਤੇ ਹੀ ਅਗਲੀ ਲੋੜੀਂਦੀ ਕਾਰਵਾਈ ਲਈ ਨੋਟ ਕੀਤਾ ਗਿਆ।

ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਇਸ ਗੱਲ ਦੀ ਤਸੱਲੀ ਪ੍ਰਗਟਾਈ ਕਿ ਨਿਊਜ਼ੀਲੈਂਡ ਦੇ ਤਕਰੀਬਨ ਸਾਰੇ ਗੁਰੂ ਘਰ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਸਮਰਪਿਤ ਹਨ ਅਤੇ ਜ਼ਾਬਤੇ ਨਾਲ ਇਕਮੁੱਠ ਹਨ। ਉਨ੍ਹਾਂ ਪ੍ਰੇਰਣਾ ਕੀਤੀ ਕਿ ਅਗਾਂਹ ਵੀ ਨਿਊਜ਼ੀਲੈਂਡ ਦੇ ਸਮੂਹ ਗੁਰਦੁਆਰਾ ਪ੍ਰਬੰਧਕ ਸਿੱਖੀ ਪ੍ਰਚਾਰ ਪ੍ਰਸਾਰ, ਬੱਚਿਆਂ ਅਤੇ ਨੌਜਵਾਨਾਂ ਨੂੰ ਸਿੱਖੀ ਨਾਲ ਜੋੜ ਕੇ ਰੱਖਣ, ਮਨੁੱਖਤਾ ਦੀ ਭਲਾਈ ਤੇ ਲੋੜਵੰਦ ਸਿੱਖ ਪਰਿਵਾਰਾਂ ਦੀ ਮਦਦ ਲਈ ਚੜ੍ਹਦੀ ਕਲਾ ਨਾਲ ਕਾਰਜ ਜਾਰੀ ਰੱਖਣ।

ਇਕੱਤਰਤਾ ਵਿੱਚ ਨਿਊਜ਼ੀਲੈਂਡ ਸੈਂਟਰਲ ਸਿੱਖ ਐਸੋਸੀਏਸ਼ਨ ਦੇ ਪ੍ਰਧਾਨ ਸ. ਦਲਜੀਤ ਸਿੰਘ ਅਤੇ ਚੇਅਰਮੈਨ ਸ. ਪ੍ਰਿਥੀਪਾਲ ਸਿੰਘ ਬਸਰਾ ਨਿਊਜ਼ੀਲੈਂਡ ਸੁਪਰੀਮ ਸਿੱਖ ਸੁਸਾਇਟੀ ਹੈਮਿਲਟਨ ਤੋਂ ਯੁਗਰਾਜ ਸਿੰਘ ਮਹਿਲ, ਗੁਰਦੁਆਰਾ ਸ੍ਰੀ ਕਲਗੀਧਰ ਸਾਹਿਬ ਟਾਕਾਨੀਨੀ ਤੋਂ ਸ. ਮਨਜਿੰਦਰ ਸਿੰਘ, ਸ. ਰਜਿੰਦਰ ਸਿੰਘ ਤੇ ਸ. ਹਰਮੇਸ਼ ਸਿੰਘ, ਸ. ਗੁਰਦੁਆਰਾ ਗੁਰੂ ਨਾਨਕ ਦੇਵ ਜੀ ਓਟਾਹੂਹੂ ਤੋਂ ਸ. ਲਾਲੀ ਰਣਵੀਰ ਸਿੰਘ, ਸ. ਅਸ਼ਵਿੰਦਰ ਸਿੰਘ, ਸ. ਮਨੋਹਰ ਸਿੰਘ, ਗੁਰਦੁਆਰਾ ਸ੍ਰੀ ਦਸ਼ਮੇਸ਼ ਦਰਬਾਰ ਪਾਪਾਟੋਏਟੋਏ ਤੋਂ ਸ. ਅਜੀਤ ਸਿੰਘ ਰੰਧਾਵਾ, ਸ. ਬੇਅੰਤ ਸਿੰਘ ਜਡੌਰੇ, ਸ. ਰੇਸ਼ਮ ਸਿੰਘ ਤੇ ਸ. ਮਨਜੀਤ ਸਿੰਘ), ਗੁਰਦੁਆਰਾ ਨੌਰਥ ਸ਼ੋਰ ਤੋਂ ਸ. ਕਰਮਜੀਤ ਸਿੰਘ ਤੇ ਬੀਬੀ ਤਜਿੰਦਰ ਕੌਰ, ਗੁਰਦੁਆਰਾ ਸ੍ਰੀ ਗੁਰੂ ਹਰਕ੍ਰਿਸ਼ਨ ਸਾਹਿਬ ਨਿਊ ਲਿਨ ਤੋਂ ਨਵਨੀਤ ਸਿੰਘ, ਗੁਰਦੁਆਰਾ ਨਾਨਕਸਰ ਠਾਠ ਈਸ਼ਰ ਦਰਬਾਰ ਮੈਨੂਰੇਵਾ ਤੋਂ ਮਾਰਸ਼ਲ ਵਾਲੀਆ ਤੇ ਸ. ਦਰਸ਼ਨ ਸਿੰਘ, ਗੁਰਦੁਆਰਾ ਸ੍ਰੀ ਕਲਗੀਧਰ ਸਾਹਿਬ ਟੌਰਾਂਗਾ ਤੋਂ ਸ. ਸੁਖਦੇਵ ਸਿੰਘ ਸਮਰਾ, ਸ. ਭੁਪਿੰਦਰ ਸਿੰਘ ਪਸਲਾ ਤੇ ਸ. ਮਨਜਿੰਦਰ ਸਿੰਘ ਸਹੋਤਾ, ਗੁਰਦੁਆਰਾ ਸ੍ਰੀ ਦੁੱਖ ਨਿਵਾਰਣ ਸਾਹਿਬ ਪਾਪਾਕੁਰਾ ਤੋਂ ਸ. ਹਰਭਜਨ ਸਿੰਘ ਭੁੰਡਪਾਲ, ਗੁਰਦੁਆਰਾ ਸਾਹਿਬ ਬੋਂਬੇ ਤੋਂ ਸ. ਨਿਰਮਲ ਸਿੰਘ ਭੱਟੀ, ਨਿਊਜ਼ੀਲੈਂਡ ਸਿੱਖ ਵੂਮੈਨ ਐਸੋਸੀਏਸ਼ਨ ਤੋਂ ਬੀਬੀ ਜੀਤ ਕੌਰ, ਸ. ਜਸਕਰਨ ਸਿੰਘ ਮੀਡੀਆ ਸਲਾਹਕਾਰ ਆਦਿ ਹਾਜ਼ਰ ਸਨ।

ਬੇਅਦਬੀ ਰੋਕੂ ਕਾਨੂੰਨ ਲਾਗੂ ਹੋਣ ਨਾਲ ਰਵਾਇਤੀ ਇੱਕਸੁਰਤਾ ਤੇ ਭਾਈਚਾਰਕ ਸਾਂਝ ਨੂੰ ਮਿਲੇਗੀ ਹੋਰ ਮਜ਼ਬੂਤੀ : ਬੰਦੇਸ਼ਾ

ਅੰਮ੍ਰਿਤਸਰ, 22 ਅਪ੍ਰੈਲ (ਗੁਰਦਿਆਲ ਸਿੰਘ) : ਪੰਜਾਬ ਰਾਜ ਲਘੂ ਉਦਯੋਗ ਤੇ ਨਿਰਯਾਤ ਕਾਰਪੋਰੇਸ਼ਨ ਦੇ ਉਪ ਚੇਅਰਮੈਨ ਸ੍ਰੀ ਜਸਕਰਨ ਬੰਦੇਸ਼ਾ ਨੇ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਵੱਲੋਂ ਪੰਜਾਬ ਵਿਧਾਨ ਸਭਾ ਦੇ ਵਿਸ਼ੇਸ਼ ਇਜਲਾਸ ਨੂੰ ਬੁਲਾ ਕੇ ਜਾਗਤ ਜੋਤਿ ਸਤਿਕਾਰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਬੇਅਦਬੀ ਰੋਕੂ ਐਕਟ – 2026 ਬਿੱਲ ਨੂੰ ਪਾਸ ਕਰਨ ਪਿੱਛੋਂ 5 ਦਿਨਾਂ ’ਚ ਹੀ ਰਾਜਪਾਲ ਪੰਜਾਬ ਕੋਲੋਂ ਇਸ ਬਿੱਲ ਨੂੰ ਕਾਨੂੰਨ ’ਚ ਤਬਦੀਲ ਕਰਨ ਲਈ ਦਸਤਖ਼ਤ ਕਰਵਾ ਕੇ ਅਤੇ ਕਾਨੂੰਨ ਨੂੰ ਫੌਰੀ ਤੌਰ ’ਤੇ ਲਾਗੂ ਕਰਨ ਲਈ ਨੋਟੀਫਿਕੇਸ਼ਨ ਜਾਰੀ ਕਰਕੇ ਬੇਅਦਬੀ ਦੀਆਂ ਘਟਨਾਵਾਂ ਨੂੰ ਅੰਜ਼ਾਮ ਦੇਣ ਦੇ ਸ਼ੈਤਾਨੀ ਘੋੜੇ ਨੂੰ ਨੱਥ ਕੇ ਸਖ਼ਤ ਲਗਾਮ ਪਾ ਲਈ ਹੈ। ਬੇਅਦਬੀ ਰੋਕੂ ਲਾਗੂ ਹੋਏ ਸਖ਼ਤ ਕਾਨੂੰਨ ’ਚ ਜ਼ਿੰਮੇਵਾਰ ਦੋਸ਼ੀ ਲਈ 10 ਲੱਖ ਰੁਪਏ ਜੁਰਮਾਨਾ ਤੇ ਉਮਰ ਕੈਦ (ਜੇਲ੍ਹ ਕੈਦ ਚ ਮਰਨ ਤੱਕ) ਦੀ ਵਿਵਸਥਾ ਕੀਤੇ ਜਾਣ ਦੇ ਮੱਦੇਨਜ਼ਰ ਭਵਿੱਖ ’ਚ ਬੇਅਦਬੀ ਦੀਆਂ ਘਟਨਾਵਾਂ ਰੁਕ ਜਾਣਗੀਆਂ।

ਉਹਨਾਂ ਸਪੱਸ਼ਟ ਕੀਤਾ ਕਿ ਬੇਅਦਬੀ ਦੀ ਘਟਨਾ ਨੂੰ ਅੰਜ਼ਾਮ ਦੇਣ ਵਾਲੇ ਸ਼ੈਤਾਨੀ ਮਾਨਸਿਕਤਾ ਵਾਲੇ ਬੰਦੇ ਤੋਂ ਇਲਾਵਾ ਇਸ ਨਵੇਂ ਕਾਨੂੰਨ ’ਚ ਮਾਨ ਸਰਕਾਰ ਵੱਲੋਂ ਬੇਅਦਬੀ ਘਟਨਾਵਾਂ ਲਈ ਉਕਸਾਉਣ ਲਈ ਪਿੱਛੇ ਕੰਮ ਕਰਦੀਆਂ ਸਾਜਿਸ਼ੀ ਸ਼ਕਤੀਆਂ ’ਚ ਸ਼ਾਮਲ ਸਾਜਿਸ਼ ਕਰਤਾ ਜਾਂ ਦਿਮਾਗੀ ਸੰਤੁਲਣ ਖਰਾਬ ਹੋਣ ਦੀ ਆੜ ’ਚ ਬਚਣ ਦਾ ਰਸਤਾ ਲੱਭਣ ਵਾਲੇ ਦੋਸ਼ੀ ਦੇ ਵਾਰਿਸ ਵੀ ਬਰਾਬਰ ਇਸ ਸਖ਼ਤ ਕਾਨੂੰਨ ਦੇ ਕਟਿਹਰੇ ’ਚ ਖੜ੍ਹੇ ਕੀਤੇ ਗਏ ਹਨ ਅਤੇ ਅਜਿਹੇ ਦੋਸ਼ੀ ਸਖ਼ਤ ਧਾਰਾਵਾਂ ਤਹਿਤ ਸਜ਼ਾਵਾਂ ਲਈ ਗੈਰ ਮੁਆਫੀਯੋਗ ਪੁਲਿਸ ਮੁਕੱਦਮਾ ਚਲਣ ਦੌਰਾਨ ਕੋਈ ਜ਼ਮਾਨਤ ਲੈਣ ਦੇ ਹੱਕਦਾਰ ਨਹੀਂ ਹੋਣਗੇ।

ਉਪ ਚੇਅਰਮੈਨ ਬੰਦੇਸ਼ਾ ਨੇ ਜਿਥੇ ਮਾਨ ਸਰਕਾਰ ਵੱਲੋਂ ਬੇਅਦਬੀ ਰੋਕੂ ਕਾਨੂੰਨ ਨੂੰ ਪੁਖ਼ਤਾ ਤੇ ਪੱਕੇ ਪੈਰੀਂ ਲਾਗੂ ਕਰਨ ਲਈ ਪੰਜਾਬ ’ਚ ਰਿਵਾਇਤੀ ਫਿਰਕੂ ਇੱਕਸੁਰਤਾ ਤੇ ਭਾਈਚਾਰਿਆਂ ਦੀ ਸਾਂਝੀਵਾਲਤਾ ਲਈ ਮਜ਼ਬੂਤ ਸ਼ੁੱਭ ਸੰਕੇਤ ਦੱਸਿਆ, ਉੱਥੇ ਕਿਹਾ ਕਿ ਬੇਅਦਬੀ ਘਟਨਾਵਾਂ ’ਤੇ ਸਿਆਸੀ ਰੋਟੀ ਸੇਕ ਕੇ ਉੱਤਰ ਕਾਟੋ ਮੈਂ ਚੜ੍ਹਾਂ ਦੀ ਸਹਿਮਤੀ ’ਚ ਸੱਤਾ ਦਾ ਪਿਛਲੇ ਲੰਮੇ ਸਮੇਂ ਤੋਂ ਅਨੰਦ ਮਾਣਦੀਆਂ ਰਹੀਆਂ ਰਵਾਇਤੀ ਸਿਆਸੀ ਪਾਰਟੀਆਂ ਤੇ ਇਹਨਾਂ ਪਾਰਟੀਆਂ ਦੀਆਂ ਸਾਬਕਾ ਸਰਕਾਰਾਂ ਦੀ ਸ਼ਬਦੀ ਨਾਕਾਬੰਦੀ ਕੀਤੀ।

ਉਨ੍ਹਾਂ ਕਿਹਾ ਕਿ ਰਵਾਇਤੀ ਪਾਰਟੀ ਵੱਲੋਂ ਸਾਲ 2018 ਅਤੇ ਪੰਥ ਤੇ ਗ੍ਰੰਥ ਸਾਹਿਬ ਦੇ ਨਾਂਅ ’ਤੇ ਰਾਜਨੀਤੀ ਕਰ ਰਹੀ ਪਾਰਟੀ ਵੱਲੋਂ ਸਾਲ 2016 ’ਚ ਬੇਅਦਬੀ ਰੋਕੂ ਬਿੱਲ ਪਾਸ ਕਰਕੇ ਕਾਨੂੰਨ ਬਣਾਉਣ ਲਈ ਪੈਰਵੀ ਕਰਨ ਦੀ ਬਜਾਏ ਬਿੱਲ ਠੰਢੇ ਬਸਤੇ ’ਚ ਪਾ ਦਿੱਤੇ ਗਏ। ਉਲਟਾ ਹੁਣ ਮਾਨ ਸਰਕਾਰ ਵੱਲੋਂ ਖਾਲਸਾ ਪੰਥ ਦੇ ਸਾਜਨਾ ਦਿਵਸ 13 ਅਪ੍ਰੈਲ ਨੂੰ ਵਿਧਾਨ ਸਭਾ ਦੇ ਵਿਸ਼ੇਸ਼ ਇਜਲਾਸ ’ਚ ਬੇਅਦਬੀ ਦੋਸ਼ੀਆਂ ਨੂੰ ਸਖ਼ਤ ਸਜ਼ਾਵਾਂ ਦੇਣ ਲਈ ਕਾਨੂੰਨ ਬਣਾਉਣ ਹਿਤ ਪਾਸ ਕੀਤੇ ਜਾ ਰਹੇ ਸੋਧ ਬਿਲ ਦੌਰਾਨ ਸਦਨ ਦੇ ਅੰਦਰ ਤੇ ਬਾਹਰ ਇਸ ਬਿੱਲ ਨੂੰ ਵੀ ਪਹਿਲੇ ਬਿਲਾਂ ਦੀ ਤਰਜ਼ ’ਤੇ ਖ਼ਾਨਾਪੂਰਤੀ ਕਰਾਰ ਦਿੱਤਾ ਅਤੇ ਮਾਨ ਸਰਕਾਰ ਦੇ ਇਸ ਪਵਿੱਤਰ ਤੇ ਇਤਿਹਾਸਿਕ ਕਾਰਜ ਦੀ ਬੇਲੋੜੀ ਆਲੋਚਨਾ ਕਰਕੇ ਰੱਜਵੀਂ ਸਿਆਸੀ ਰੋਟੀਆਂ ਸੇਕਣ ਦੀ ਕੋਸ਼ਿਸ਼ ਕੀਤੀ, ਮਾਨ ਸਰਕਾਰ ਵੱਲੋਂ ਪਾਸ ਬਿੱਲ ਨੂੰ ਪੰਜ ਦਿਨਾਂ ਚ ਕਾਨੂੰਨੀ ਰੂਤਬਾ ਮਿਲਣ ਕਾਰਣ ਇਹਨਾਂ ਰਵਾਇਤੀ ਪਾਰਟੀਆਂ ਨੂੰ ਹੁਣ ਮੂੰਹ ਦੀ ਖਾਣੀ ਪੈ ਰਹੀ ਹੈ।

ਵਿਧਾਇਕ ਜੀਵਨਜੋਤ ਕੌਰ ਨੇ ਹਲਕਾ ਅੰਮ੍ਰਿਤਸਰ ਪੂਰਬੀ ਦੇ ਚੱਲ ਰਹੇ ਵਿਕਾਸ ਕਾਰਜਾਂ ਦਾ ਰੀਵਿਊ ਕੀਤਾ

ਅੰਮ੍ਰਿਤਸਰ, 22 ਅਪ੍ਰੈਲ (ਗੁਰਦਿਆਲ ਸਿੰਘ) : ਵਿਧਾਨ ਸਭਾ ਹਲਕਾ ਅੰਮ੍ਰਿਤਸਰ ਪੂਰਬੀ ਦੇ ਚੱਲ ਰਹੇ ਵਿਕਾਸ ਕਾਰਜਾਂ ਦਾ ਰੀਵਿਊ ਕਰਨ ਲਈ ਵਿਧਾਇਕਾ ਸ੍ਰੀਮਤੀ ਜੀਵਨਜੋਤ ਕੌਰ ਨੇ ਅੱਜ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਡਿਪਟੀ ਕਮਿਸ਼ਨਰ ਸ੍ਰੀ ਦਲਵਿੰਦਰਜੀਤ ਸਿੰਘ, ਕਮਿਸ਼ਨਰ ਨਗਰ ਨਿਗਮ ਸ੍ਰੀ ਬਿਕਰਮਜੀਤ ਸਿੰਘ ਸ਼ੇਰਗਿੱਲ, ਵਧੀਕ ਡਿਪਟੀ ਕਮਿਸ਼ਨਰ ਸ੍ਰੀ ਰੋਹਿਤ ਗੁਪਤਾ, ਐੱਸ.ਈ. ਸ੍ਰੀ ਸੰਦੀਪ ਸਿੰਘ ਤੋਂ ਇਲਾਵਾ ਨਗਰ ਸੁਧਾਰ ਟਰੱਸਟ, ਲੋਕ ਨਿਰਮਾਣ ਵਿਭਾਗ, ਪਾਵਰਕਾਮ, ਨੈਸ਼ਨਲ ਹਾਈਵੇ ਦੇ ਅਧਿਕਾਰੀਆਂ ਨਾਲ ਮੀਟਿੰਗ ਕੀਤੀ।

ਮੀਟਿੰਗ ਦੌਰਾਨ ਵਿਧਾਇਕ ਸ੍ਰੀਮਤੀ ਜੀਵਨਜੋਤ ਕੌਰ ਨੇ ਵਿਕਾਸ ਕਾਰਜਾਂ ਦਾ ਰੀਵਿਊ ਕਰਦਿਆਂ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਚੱਲ ਰਹੇ ਸਾਰੇ ਵਿਕਾਸ ਕਾਰਜਾਂ ਨੂੰ ਸਮਾਂ ਰਹਿੰਦੇ ਪੂਰਾ ਕੀਤਾ ਜਾਵੇ ਤਾਂ ਇਨ੍ਹਾਂ ਦਾ ਲਾਭ ਜਨਤਾ ਨੂੰ ਮਿਲ ਸਕੇ। ਉਨ੍ਹਾਂ ਵਿਸ਼ੇਸ਼ ਤੌਰ ’ਤੇ ਹਲਕਾ ਪੂਰਬੀ ਦੀ ਵਾਰਡ ਨੰਬਰ 21 ਅਤੇ 28 ਵਿੱਚ ਸੀਵਰੇਜ ਅਤੇ ਪੀਣ ਵਾਲੇ ਪਾਣੀ ਦੀ ਸਪਲਾਈ ਸਬੰਧੀ ਚੱਲ ਰਹੇ ਪ੍ਰੋਜੈਕਟਾਂ ਨੂੰ ਬਿਨ੍ਹਾਂ ਕਿਸੇ ਦੇਰੀ ਮੁਕੰਮਲ ਕਰਨ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਨਗਰ ਨਿਗਮ ਦੇ ਅਧਿਕਾਰੀਆਂ ਨੂੰ ਕਿਹਾ ਕਿ ਦਬੁਰਜੀ ਦੇ ਸੀਵਰੇਜ ਦੇ ਕੰਮ ਵਿੱਚ ਤੇਜ਼ੀ ਲਿਆਂਦੀ ਜਾਵੇ ਅਤੇ ਉਸ ਦੀ ਪ੍ਰਗਤੀ ਰੀਪੋਰਟ ਉਨ੍ਹਾਂ ਸਾਂਝੀ ਕੀਤੀ ਜਾਵੇ। ਉਨ੍ਹਾਂ ਨਾਲ ਹੀ ਕਿਹਾ ਕਿ ਪੂਰਬੀ ਹਲਕੇ ਵਿੱਚ ਪੈਂਦੇ ਗੰਦੇ ਨਾਲੇ ਦੀ ਸਫ਼ਾਈ ਦਾ ਕੰਮ ਮਾਨਸੂਨ ਸੀਜ਼ਨ ਸ਼ੁਰੂ ਹੋਣ ਤੋਂ ਪਹਿਲਾਂ-ਪਹਿਲਾਂ ਮੁਕੰਮਲ ਕੀਤਾ ਜਾਵੇ।

ਹਲਕਾ ਦੱਖਣੀ ਵਿੱਚ ਕਾਰਕੁੰਨਾਂ ਨਾਲ ਮੀਟਿੰਗ, ਕਾਂਗਰਸ ਨੂੰ ਮਜ਼ਬੂਤ ਕਰਨ ਦਾ ਆਹਵਾਨ : ਰਿੰਕੂ ਨਰੂਲਾ

ਅੰਮ੍ਰਿਤਸਰ, 22 ਅਪ੍ਰੈਲ (ਗੁਰਦਿਆਲ ਸਿੰਘ) : ਅੰਮ੍ਰਿਤਸਰ ਦੇ ਹਲਕਾ ਦੱਖਣੀ ਦੇ ਵਾਰਡ ਨੰਬਰ 49, ਗਲੀ ਕ੍ਰਿਸ਼ਨਾ, ਨਿਮਕ ਮੰਡੀ ਵਿੱਚ ਅੱਜ ਇੱਕ ਆਤਮਿਕ ਮਿਲਣ ਸਮਾਗਮ ਦਾ ਆਯੋਜਨ ਕੀਤਾ ਗਿਆ। ਇਸ ਦੌਰਾਨ ਮੁੱਖ ਸੇਵਾਦਾਰ ਅਤੇ ਪੂਰਵ ਪਾਰਸ਼ਦ ਜਗਦੀਪ ਸਿੰਘ ਰਿੰਕੂ ਨਰੂਲਾ ਆਪਣੇ ਸਮਰਥਕ ਰਾਕੇਸ਼ ਕਪੂਰ ਦੇ ਨਿਵਾਸ ਸਥਾਨ ’ਤੇ ਪਹੁੰਚੇ, ਜਿੱਥੇ ਉਨ੍ਹਾਂ ਨੇ ਚਾਹ ਦਾ ਪਿਆਲਾ ਸਾਂਝਾ ਕੀਤਾ ਅਤੇ ਇਲਾਕੇ ਦੇ ਪ੍ਰਮੁੱਖ ਸਾਥੀਆਂ ਨਾਲ ਸੰਗਠਨ ਨੂੰ ਮਜ਼ਬੂਤ ਕਰਨ ਬਾਰੇ ਵਿਸਥਾਰ ਨਾਲ ਚਰਚਾ ਕੀਤੀ।

ਰਿੰਕੂ ਨਰੂਲਾ ਨੇ ਇਸ ਮੌਕੇ ‘ਤੇ ਮੌਜੂਦ ਕਾਰਕੁੰਨਾਂ ਅਤੇ ਸਥਾਨਕ ਨਿਵਾਸੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਕਾਂਗਰਸ ਪਾਰਟੀ ਦੀਆਂ ਜੜਾਂ ਹਮੇਸ਼ਾਂ ਲੋਕਾਂ ਵਿੱਚ ਰਹੀਆਂ ਹਨ ਅਤੇ ਇਸ ਨੂੰ ਹੋਰ ਮਜ਼ਬੂਤ ਕਰਨ ਲਈ ਹਰ ਕਾਰਕੁਨ ਨੂੰ ਸਰਗਰਮ ਭੂਮਿਕਾ ਨਿਭਾਉਣੀ ਹੋਵੇਗੀ। ਉਨ੍ਹਾਂ ਨੇ ਮਿਸ਼ਨ 2027 ਤਹਿਤ ਜ਼ਮੀਨੀ ਪੱਧਰ ‘ਤੇ ਕੰਮ ਕਰਨ, ਲੋਕਾਂ ਦੇ ਵਿਚ ਜਾ ਕੇ ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਸਮਝਣ ਅਤੇ ਪਾਰਟੀ ਦੀਆਂ ਨੀਤੀਆਂ ਨੂੰ ਘਰ-ਘਰ ਤੱਕ ਪਹੁੰਚਾਉਣ ਦਾ ਆਹਵਾਨ ਕੀਤਾ।

ਫ਼ਿਸ ਦੌਰਾਨ ਉਨ੍ਹਾਂ ਨੇ ਮਹਿਲਾ ਸਸ਼ਕਤੀਕਰਨ ਦੇ ਮਸਲੇ ‘ਤੇ ਵੀ ਆਪਣੇ ਵਿਚਾਰ ਰੱਖੇ। ਉਨ੍ਹਾਂ ਨੇ ਕਿਹਾ ਕਿ ਭਾਜਪਾ ਵੱਲੋਂ ਲਿਆਂਦਾ ਗਿਆ ਮਹਿਲਾ ਆਰੱਖਣ ਬਿੱਲ ਵਿਰੋਧੀ ਪਾਰਟੀਆਂ ਦੇ ਕੜੇ ਵਿਰੋਧ ਕਾਰਨ ਪਾਸ ਨਹੀਂ ਹੋ ਸਕਿਆ, ਜਿਸਨੂੰ ਉਨ੍ਹਾਂ ਨੇ ਲੋਕਤੰਤਰ ਵਿੱਚ ਤਾਨਾਸ਼ਾਹੀ ਰੁਝਾਨ ‘ਤੇ ਰੋਕ ਕਰਾਰ ਦਿੱਤਾ। ਉਨ੍ਹਾਂ ਨੇ ਕਿਹਾ ਕਿ ਕਾਂਗਰਸ ਪਾਰਟੀ ਹਮੇਸ਼ਾਂ ਤੋਂ ਮਹਿਲਾਵਾਂ ਦੇ ਅਧਿਕਾਰਾਂ ਅਤੇ ਸਨਮਾਨ ਦੀ ਹਮਾਇਤੀ ਰਹੀ ਹੈ ਅਤੇ ਮਹਿਲਾਵਾਂ ਦੀ ਭਾਗੀਦਾਰੀ ਵਧਾਉਣ ਲਈ ਲਗਾਤਾਰ ਕੰਮ ਕਰਦੀ ਆ ਰਹੀ ਹੈ।

ਰਿੰਕੂ ਨਰੂਲਾ ਨੇ ਅੱਗੇ ਕਿਹਾ ਕਿ ਹਲਕਾ ਦੱਖਣੀ ਵਿੱਚ ਵਿਕਾਸ ਕਾਰਜਾਂ ਨੂੰ ਤੇਜ਼ੀ ਦੇਣ ਅਤੇ ਲੋਕਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਸਭ ਨੂੰ ਇਕੱਠੇ ਹੋ ਕੇ ਕੰਮ ਕਰਨਾ ਹੋਵੇਗਾ। ਇਸ ਮੌਕੇ ਉਨ੍ਹਾਂ ਨੇ ਲੋਕਾਂ ਨਾਲ ਗੱਲਬਾਤ ਕਰਕੇ ਉਨ੍ਹਾਂ ਦੀਆਂ ਸਮੱਸਿਆਵਾਂ ਸੁਣੀਆਂ ਅਤੇ ਭਰੋਸਾ ਦਿਵਾਇਆ ਕਿ ਹਰ ਮਸਲੇ ਦਾ ਹੱਲ ਤਰਜੀਹ ਦੇ ਅਧਾਰ ‘ਤੇ ਕੀਤਾ ਜਾਵੇਗਾ।

ਸਮਾਗਮ ਵਿੱਚ ਹਰੀਸ਼ ਸ਼ਰਮਾ (ਪੇਂਟ ਵਾਲੇ), ਰਿਸ਼ੀ ਕਪੂਰ, ਰਾਹੁਲ ਮਲਹੋਤਰਾ, ਅਭਿਸ਼ੇਕ ਸ਼ਰਮਾ, ਵਿਜੈ ਕੁਮਾਰ ਅਤੇ ਅਜੈ ਕਪੂਰ ਖਾਸ ਤੌਰ ‘ਤੇ ਮੌਜੂਦ ਰਹੇ। ਸਭ ਨੇ ਇਕਜੁੱਟ ਹੋ ਕੇ ਕਾਂਗਰਸ ਪਾਰਟੀ ਨੂੰ ਮਜ਼ਬੂਤ ਕਰਨ ਅਤੇ ਆਉਣ ਵਾਲੀਆਂ ਚੋਣਾਂ ਵਿੱਚ ਕਾਮਯਾਬੀ ਹਾਸਲ ਕਰਨ ਦਾ ਸੰਕਲਪ ਲਿਆ।

ਗਰੁੱਪ ਕਮਾਂਡਰ ਵੱਲੋਂ ਐਨ.ਸੀ.ਸੀ. ਕੈਂਪ ਦਾ ਅਚਨਚੇਤ ਨਿਰੀਖਣ

ਅੰਮ੍ਰਿਤਸਰ, 22 ਅਪ੍ਰੈਲ (ਬਬਲੂ ਮਹਾਜਨ) : ਐਨਸੀਸੀ ਫਸਟ ਪੰਜਾਬ ਬਟਾਲੀਅਨ ਅੰਮ੍ਰਿਤਸਰ ਦੇ ਅਧੀਨ ਚੱਲ ਰਹੇ 10 ਰੋਜ਼ਾ ਐਨਸੀਸੀ ਟ੍ਰੇਨਿੰਗ ਕੈਂਪ ਦੌਰਾਨ ਗਰੁੱ

ਸੀ.ਐੱਮ. ਦੀ ਯੋਗਸ਼ਾਲਾ ਤਹਿਤ ਅੰਮ੍ਰਿਤਸਰ ਵਿਖੇ ਰੋਜ਼ਾਨਾ ਚਲਦੀਆਂ ਹਨ 600 ਕਲਾਸਾਂ : ਡੀ. ਸੀ.

ਨਸ਼ਾ ਛੱਡਣ ਦੀ ਇੱਛਾ ਰੱਖਣ ਵਾਲਿਆਂ ਲਈ ਵਰਦਾਨ ਸਾਬਤ ਹੋ ਰਹੀ ਹੈ ਸੀਐਮ ਦੀ ਯੋਗਸ਼ਾਲਾ

ਅੰਮ੍ਰਿਤਸਰ, 22 ਅਪ੍ਰੈਲ (ਬਬਲੂ) – ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ "ਯੁੱਧ ਨਸ਼ਿਆਂ ਵਿਰੁੱਧ" ਮੁਹਿੰਮ ਤਹਿਤ, ਨਸ਼ਾ ਛੱਡਣ ਦੇ ਚਾਹਵਾਨ ਨੌਜਵਾਨਾਂ ਨੂੰ ਮਾਨਸਿਕ ਅਤੇ ਸ਼ਰੀਰਕ ਤੌਰ `ਤੇ ਮਜ਼ਬੂਤ ਬਣਾਉਣ ਲਈ ਸੀ.ਐੱਮ. ਦੀ ਯੋਗਸ਼ਾਲਾ ਵਰਦਾਨ ਸਾਬਤ ਹੋ ਰਹੀ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਪਹਿਲਕਦਮੀ `ਤੇ ਸ਼ੁਰੂ ਕੀਤੀ ਗਈ ਸੀਐਮ ਦੀ ਯੋਗਸ਼ਾਲਾ ਅਧੀਨ, ਨਸ਼ਾ ਛੁਡਾਊ ਕੇਂਦਰਾਂ ਵਿੱਚ ਨਿਯਮਿਤ ਤੌਰ `ਤੇ ਯੋਗਾ ਕਲਾਸਾਂ ਲਗਾਈਆਂ ਜਾ ਰਹੀਆਂ ਹਨ।ਜਿਥੇ ਜਿਲ੍ਹਾਂ ਵਾਸੀ ਵੱਡੀ ਗਿਣਤੀ ਵਿਚ ਯੋਗ ਕਰਕੇ ਆਪਣੇ ਆਪ ਨੂੰ ਨਿਰੋਗ ਬਣਾ ਰਹੇ ਹਨ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਡਿਪਟੀ ਕਮਿਸ਼ਨਰ ਸ਼੍ਰੀ ਦਲਵਿੰਦਰਜੀਤ ਸਿੰਘ ਨੇ ਦੱਸਿਆ ਕਿ ਅੰਮ੍ਰਿਤਸਰ ਦੇ ਗੁਰੂ ਨਾਨਕ ਮੈਡੀਕਲ ਹਸਪਤਾਲ ਵਿੱਚ ਸਵਾਮੀ ਵਿਵੇਕਾਨੰਦ ਨਸ਼ਾ ਛੁਡਾਊ ਕੇਂਦਰ ਅਤੇ ਮੁੜ ਵਸੇਬਾ ਤੇ ਇਲਾਜ ਕੇਂਦਰ ਵਿਖੇ ਸਵੇਰੇ ਅਤੇ ਸ਼ਾਮ ਨੂੰ ਸੀ.ਐੱਮ ਦੀ ਯੋਗਸ਼ਾਲਾ ਤਹਿਤ ਯੋਗਾ ਸੈਸ਼ਨ ਆਯੋਜਿਤ ਕੀਤੇ ਜਾ ਰਹੇ ਹਨ, ਜਿਸ ਵਿੱਚ ਯੋਗਾ ਇੰਸਟ੍ਰਕਟਰ

ਦੁਆਰਾ ਹਰ ਰੋਜ਼ ਲਗਭਗ 40 ਲੋਕਾਂ ਨੂੰ ਯੋਗਾ ਸਿਖਾਇਆ ਜਾ ਰਿਹਾ ਹੈ। ਇਹਨਾਂ ਸੈਸ਼ਨਾਂ ਵਿੱਚ ਧਿਆਨ, ਸੂਖਮ ਵੇਆਮ, ਹਾਸੇ ਦੀ ਥੈਰੇਪੀ, ਤਾੜੀ ਵਜਾਉਣਾ, ਯੋਗ ਆਸਣ ਅਤੇ ਪ੍ਰਾਣਾਯਾਮ ਵਰਗੀਆਂ ਗਤੀਵਿਧੀਆਂ ਸ਼ਾਮਲ ਹਨ ਜੋ ਮਰੀਜ਼ਾਂ ਨੂੰ ਤਣਾਅ ਘਟਾਉਣ ਅਤੇ ਸਿਹਤਮੰਦ ਬਣਨ ਵਿੱਚ ਮਦਦ ਕਰਦੀਆਂ ਹਨ। ਇਹ ਯੋਗ ਆਸਣ ਨਸ਼ਾ ਛੱਡ ਰਹੇ ਮਰੀਜ਼ਾਂ ਨੂੰ ਮਾਨਸਿਕ ਤੇ ਸਰੀਰਕ ਤੌਰ ♥ਤੇ ਤਕੜਿਆਂ ਕਰ ਰਹੇ ਹਨ ਅਤੇ ਇਹ ਨੌਜਵਾਨ ਨਸ਼ੇ ਛੱਡ ਕੇ ਆਮ ਜ਼ਿੰਦਗੀ ਵਿੱਚ ਪਰਤ ਰਹੇ ਹਨ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਸੀਐਮ ਦੀ ਯੋਗਸ਼ਾਲਾ ਤਹਿਤ ਜ਼ਿਲ੍ਹੇ ਵਿੱਚ 600 ਯੋਗਾ ਕਲਾਸਾਂ ਚੱਲ ਰਹੀਆ ਹਨ ਅਤੇ 63 ਯੋਗ ਟ੍ਰੇਨਰ ਤੇ 163 ਟਰੇਨਰ ਵਿਦਿਆਰਥੀ ਨਿਯੁਕਤ ਕੀਤੇ ਗਏ ਹਨ। ਇਹ ਯੋਗਾ ਕਲਾਸਾਂ ਬਿਲਕੁਲ ਮੁਫ਼ਤ ਹਨ ਅਤੇ ਵੱਡੀ ਗਿਣਤੀ ਵਿੱਚ ਲੋਕ ਇਨ੍ਹਾਂ ਕਲਾਸਾਂ ਦਾ ਲਾਭ ਉਠਾ ਰਹੇ ਹਨ। ਉਨ੍ਹਾਂ ਦੱਸਿਆ ਕਿ ਇਨ੍ਹਾਂ ਕਲਾਸਾਂ ਵਿੱਚੋਂ 350 ਕਲਾਸਾਂ ਸ਼ਹਿਰੀ ਖੇਤਰ ਅਤੇ ਕਰੀਬ 250 ਕਲਾਸਾਂ ਦਿਹਾਤੀ ਖੇਤਰ ਵਿੱਚ ਚੱਲ ਰਹੀਆਂ ਹਨ, ਜਿਥੇ ਵੱਡੀ ਗਿਣਤੀ ਵਿੱਚ ਲੋਕ ਸ਼ਾਮਲ ਹੋ ਕੇ ਆਪਣੇ ਆਪ ਨੂੰ ਨਿਰੋਗ ਬਣਾ ਰਹੇ ਹਨ। ਉਨ੍ਹਾਂ ਦੱਸਿਆ ਕਿ ਇਹ ਯੋਗ ਕਲਾਸਾਂ ਸਵੇਰੇ ਅਤੇ ਸ਼ਾਮ ਚੱਲ ਰਹੀਆਂ ਹਨ।ਸੀ.ਐਮ ਯੋਗਸ਼ਾਲਾ ਦੇ ਅੰਮ੍ਰਿਤਸਰ ਦੇ ਜ਼ਿਲ੍ਹਾ ਕੋਆਰਡੀਨੇਟਰ ਸੰਜੇ ਸਿੰਘ ਨੇ ਕਿਹਾ ਕਿ ਇਸ ਪਹਿਲਕਦਮੀ ਦਾ ਉਦੇਸ਼ ਨਸ਼ੇ ਦੀ ਦਲਦਲ ਵਿੱਚ ਫਸੇ ਲੋਕਾਂ ਨੂੰ ਨਵਾਂ ਜੀਵਨ ਦੇਣਾ ਹੈ ਅਤੇ ਨਾਲ ਹੀ ਉਨ੍ਹਾਂ ਨੂੰ ਸਵੈ-ਨਿਰਭਰ ਅਤੇ ਆਤਮ-ਵਿਸ਼ਵਾਸੀ ਬਣਾਉਣਾ ਹੈ। ਨਸ਼ਾ ਛੱਡਣ ਦੇ ਚਾਹਵਾਨ ਲੋਕ ਇਸ ਪਹਿਲਕਦਮੀ ਵਿੱਚ ਉਤਸ਼ਾਹ ਨਾਲ ਹਿੱਸਾ ਲੈ ਰਹੇ ਹਨ ਅਤੇ ਆਮ ਜ਼ਿੰਦਗੀ ਵੱਲ ਵਧ ਰਹੇ ਹਨ। ਉਨ੍ਹਾਂ ਕਿਹਾ ਕਿ ਰਾਜ ਸਰਕਾਰ ਦਾ ਇਹ ਕਦਮ ਨਸ਼ਾ ਛੁਡਾਉਣ ਦੇ ਖੇਤਰ ਵਿੱਚ ਇੱਕ ਨਵਾਂ ਮੀਲ ਪੱਥਰ ਹੈ। ਇਸ ਨਾਲ ਨਾ ਸਿਰਫ਼ ਨਸ਼ੇ ਤੋਂ ਪੀੜਤਾਂ ਨੂੰ ਸਗੋਂ ਸਮਾਜ ਨੂੰ ਵੀ ਲਾਭ ਹੋ ਰਿਹਾ ਹੈ।

ਸ੍ਰੀ ਗੁਰੂ ਤੇਗ ਬਹਾਦਰ ਕਾਲਜ ਵਿਖੇ ਪ੍ਰੋਫੈਸ਼ਨਲ ਹੁਨਰ ਵਿਕਸਿਤ ਸਬੰਧੀ ਵਰਕਸ਼ਾਪ ਕਰਵਾਈ

ਅੰਮ੍ਰਿਤਸਰ, 22 ਅਪ੍ਰੈਲ (ਬਬਲੂ ਮਹਾਜਨ) —ਸ੍ਰੀ ਗੁਰੂ ਤੇਗ ਬਹਾਦਰ ਕਾਲਜ ਫ਼ਾਰ ਵੂਮੈਨ ਵਿਖੇ ਵਿਦਿਆਰਥਣਾਂ ਦੀ ਕੌਸ਼ਲ ਵਿਕਾਸ ਨੂੰ ਧਿਆਨ 'ਚ ਰੱਖਦਿਆਂ ਲੈਕਮੇ ਅਕੈਡਮੀ, ਪੁਤਲੀਘਰ ਦੇ ਸਹਿਯੋਗ ਨਾਲ ਵਿਸ਼ੇਸ਼ ਵਰਕਸ਼ਾਪ ਕਰਵਾਈ ਗਈ।ਕਾਲਜ ਪ੍ਰਿੰਸੀਪਲ ਡਾ.ਲਕਸ਼ਮੀ ਮਲਹੋਤਰਾ ਦੀ ਸਰਪ੍ਰਸਤੀ ਹੇਠ ਕਰਵਾਈ ਗਈ ਉਕਤ ਵਰਕਸ਼ਾਪ ਦਾ ਉਦੇਸ਼ ਵਿਦਿਆਰਥਣਾਂ ਨੂੰ ਬਿਊਟੀ ਅਤੇ ਵੈੱਲਨੈੱਸ ਉਦਯੋਗ ਦੇ ਨਵੇਂ ਰੁਝਾਨਾਂ ਨਾਲ ਜਾਣੂ ਕਰਵਾਉਣਾ ਅਤੇ ਉਨਾਂ 'ਚ ਪ੍ਰੋਫੈਸ਼ਨਲ ਹੁਨਰ ਵਿਕਸਿਤ ਕਰਨਾ ਸੀ। ਇਸ ਮੌਕੇ ਪ੍ਰਿੰ: ਡਾ. ਮਲਹੋਤਰਾ ਨੇ ਜਾਣਕਾਰੀ ਦਿੰਦਿਆਂ ਕਿਹਾ ਕਿ ਉਕਤ ਅਕੈਡਮੀ ਦੇ ਮਾਹਿਰ ਟ੍ਰੇਨਰਾਂ ਦੀ ਟੀਮ ਨੇ ਵਿਦਿਆਰਥਣਾਂ ਨੂੰ ਹੇਅਰ ਸਟਾਇਲਿੰਗ, ਹੇਅਰ ਕਲਰਿੰਗ, ਸਕਿਨ ਕੇਅਰ ਅਤੇ ਮੈਕਅਪ ਦੇ ਨਵੇਂ ਤਰੀਕਿਆਂ ਸਬੰਧੀ ਵਿਸਥਾਰਪੂਰਵਕ ਜਾਣਕਾਰੀ ਪ੍ਰਦਾਨ ਕੀਤੀ। ਉਨਾਂ ਕਿਹਾ ਕਿ ਵਰਕਸ਼ਾਪ ਦੌਰਾਨ ਲਾਈਵ ਡੈਮੋਨਸਟਰੇਸ਼ਨ ਰਾਹੀਂ ਵਿਦਿਆਰਥਣਾਂ ਨੂੰ ਪ੍ਰੈਕਟੀਕਲ ਤਜਰਬਾ ਵੀ ਪ੍ਰਦਾਨ ਕੀਤਾ ਗਿਆ, ਜਿਸ ਨਾਲ ਉਨਾਂ ਨੂੰ ਸਿੱਖਣ ਦਾ ਇਕ ਨਵਾਂ ਮੌਕਾ ਹਾਸਲ ਹੋਇਆ। ਉਨਾਂ ਕਿਹਾ ਕਿ ਅਜਿਹੀਆਂ ਵਰਕਸ਼ਾਪਾਂ ਵਿਦਿਆਰਥਣਾਂ ਦੇ ਆਤਮ ਵਿਸ਼ਵਾਸ

ਨੂੰ ਵਧਾਉਣ ਦੇ ਨਾਲ-ਨਾਲ ਉਨਾਂ ਨੂੰ ਰੁਜ਼ਗਾਰ ਯੋਗ ਬਣਾਉਂਦੀਆਂ ਹਨ। ਉਨਾਂ ਕਿਹਾ ਕਿ ਅੱਜ ਦੇ ਮੁਕਾਬਲੇ ਭਰੇ ਯੁੱਗ 'ਚ ਸਿਰਫ਼ ਅਕਾਦਮਿਕ ਸਿੱਖਿਆ ਹੀ ਨਹੀਂ, ਸਗੋਂ ਪ੍ਰੈਕਟੀਕਲ ਅਤੇ ਪ੍ਰੋਫੈਸ਼ਨਲ ਸਕਿਲਜ਼ ਵੀ ਬਹੁਤ ਜ਼ਰੂਰੀ ਹਨ। ਉਨਾਂ ਕਿਹਾ ਕਿ ਉਕਤ ਵਰਕਸ਼ਾਪ ਸ੍ਰੀਮਤੀ ਸੀਮਾ, ਸ੍ਰੀਮਤੀ ਸਲੋਨੀ, ਸ੍ਰੀਮਤੀ ਕਾਵਿਆ ਸ਼ਰਮਾ ਦੇ ਸਾਂਝੇ ਯਤਨਾਂ ਸਦਕਾ ਆਯੋਜਿਤ ਕੀਤਾ ਗਿਆ ਸੀ। ਇਸ ਮੌਕੇ ਅਕੈਡਮੀ ਦੇ ਟਰੇਨਰਾਂ ਨੇ ਵਿਦਿਆਰਥਣਾਂ ਨੂੰ ਉਦਯੋਗ ਦੇ ਮੌਜੂਦਾ ਮਾਪਦੰਡਾਂ ਅਤੇ ਕੈਰੀਅਰ ਦੇ ਮੌਕਿਆਂ ਸਬੰਧੀ ਜਾਣੂ ਕਰਵਾਉਂਦਿਆਂ ਕਿਹਾ ਕਿ ਬਿਊਟੀ ਇੰਡਸਟਰੀ 'ਚ ਕਈ ਕਿਸਮ ਦੇ ਰੁਜ਼ਗਾਰ ਦੇ ਮੌਕੇ ਉਪਲਬਧ ਹਨ ਅਤੇ ਜੇਕਰ ਵਿਦਿਆਰਥਣਾਂ ਇਸ ਖੇਤਰ 'ਚ ਪ੍ਰੋਫੈਸ਼ਨਲ ਤੌਰ 'ਤੇ ਤਿਆਰੀ ਕਰਦੀਆਂ ਹਨ ਤਾਂ ਉਹ ਆਪਣਾ ਭਵਿੱਖ ਸਫਲਤਾ ਨਾਲ ਨਿਰਮਾਣ ਕਰ ਸਕਦੀਆਂ ਹਨ। ਇਸ ਮੌਕੇ ਪ੍ਰਿੰ: ਮਲਹੋਤਰਾ ਨੇ ਅਕੈਡਮੀ ਦੀ ਟੀਮ ਦਾ ਧੰਨਵਾਦ ਕਰਦਿਆਂ ਉਮੀਦ ਜਾਹਿਰ ਕੀਤੀ ਕਿ ਭਵਿੱਖ 'ਚ ਵੀ ਇਸ ਤਰਾਂ ਦੇ ਸਾਂਝੇ ਉਪਰਾਲੇ ਹਮੇਸ਼ਾਂ ਜਾਰੀ ਰਹਿਣਗੇ। ਉਨਾਂ ਕਿਹਾ ਕਿ ਵਰਕਸ਼ਾਪ ਨੇ ਵਿਦਿਆਰਥਣਾਂ ਦੇ ਵਿਅਕਤੀਗਤ ਅਤੇ ਪ੍ਰੋਫੈਸ਼ਨਲ ਵਿਕਾਸ 'ਚ ਅਹਿਮ ਯੋਗਦਾਨ ਪਾਇਆ।

ਦਿਹਾਤੀ ਮਜ਼ਦੂਰ ਸਭਾ ਨੇ ਸਾੜਿਆ ਐਮਐਲਏ ਮਨਜਿੰਦਰ ਸਿੰਘ ਲਾਲਪੁਰ ਦਾ ਪੁਤਲਾ

ਖੂਈ ਸਾਹਿਬ 22 ਅਪ੍ਰੈਲ ਸਰਬਜੀਤ ਸਿੰਘ ਮੀਆਂ ਵਿੰਡ ਵੈਰੋਵਾਲ ਦਿਹਾਤੀ ਮਜਦੂਰ ਸਭਾ ਦੇ ਜਿਲਾ ਪ੍ਰਧਾਨ ਜਸਵੀਰ ਸਿੰਘ ਵੈਰੋਵਾਲ ਜੋਗਿੰਦਰ ਸਿੰਘ ਖੂਈ ਸਾਹਿਬ ਦੀ ਗਵਾਹੀ ਵਿੱਚ ਸਾੜਿਆ ਵੈਰੋਵਾਲ ਪੁਤਲਾ ਆਗੂਆਂ ਨੇ ਬੋਲਦਿਆਂ ਦੱਸਿਆ ਪਿਛਲੇ ਦਿਨੀ ਪਿੰਡ ਤੋਂਦ ਦੀਆਂ ਮਜਦੂਰ ਔਰਤਾਂ ਨੂੰ ਗਲਤ ਸ਼ਬਦਾਵਲੀ ਬੋਲਣ ਵਾਲੇ ਤੇ ਕਾਰਵਾਈ ਨਾ ਕਰਨ ਸਬੰਧੀ ਪੁਤਲਾ ਫੂਕਿਆ ਗਿਆ ਇਸ ਤੋਂ ਪਹਿਲਾਂ 12 ਤਰੀਕ ਨੂੰ ਚੌਕੀ ਫਤਿਹਾਬਾਦ ਧਰਨਾ ਲਗਾਇਆ ਗਿਆ ਸੀ ਚੌਕੀ ਇੰਚਾਰਜ ਲਖਬੀਰ ਸਿੰਘ ਵੱਲੋਂ ਧਰਨਾਕਾਰੀਆਂ ਨੂੰ ਕਾਰਵਾਈ ਕਰਨ ਦਾ ਭਰੋਸਾ ਦੇ ਕੇ ਧਰਨਾ ਚੁਕਵਾ ਦਿੱਤਾ ਗਿਆ ਸੀ 12 ਤਰੀਕ ਤੱਕ ਲਗਾਤਾਰ ਇਸੇ ਤਰੀਕੇ ਨਾਲ ਐਸਐਚ ਓ ਹਲਕਾ ਵਿਧਾਇਕ ਖਡੂਰ ਸਾਹਿਬ ਦੇ ਲਗਾਤਾਰ ਪੁਤਲੇ ਫੂਕੇ ਜਾਣਗੇ ਤਾਂ ਕਿ ਦੋਸ਼ੀਆਂ ਤੇ ਕਾਰਵਾਈ ਕਰਾਈ ਜਾ ਸਕੇ ਆਗੂਆਂ ਨੇ ਦੱਸਿਆ ਕਿ ਦੋਸ਼ੀਆਂ ਦਾ ਰਿਸ਼ਤੇਦਾਰ ਸਰਵਨ ਸਿੰਘ ਧੁੰਨ ਦੇ ਨਾਲ ਗਨਮੈਨ ਹੈ ਇਸ ਕਰਕੇ ਦੋਵਾਂ ਐਮਐਲਏਆਂ ਦਾ ਦਬਾਅ ਹੋਣ ਕਾਰਨ ਪੁਲਸ ਕਾਰਵਾਈ ਨਹੀਂ ਕਰ ਰਹੀ ਇਸ ਕਰਕੇ ਲਗਾਤਾਰ ਪੁਤਲੇ ਸਾੜਨ ਤੋਂ ਬਾਅਦ ਇਨਸਾਫ ਨਾ ਮਿਲਿਆ ਥਾਣੇ ਅੱਗੇ ਅਣਮਿੱਥੇ ਸਮੇਂ ਲਈ ਧਰਨਾ ਲਾਇਆ ਜਾਵੇਗਾ ਇਸ ਸਮੇਂ ਹਾਜਰ ਬਾਬਾ ਗੁਰਬਚਨ ਸਿੰਘ ਮੰਗਲ ਸਿੰਘ ਖਡੂਰ ਸਾਹਿਬ

ਦਿਲਬਾਗ ਸਿੰਘ ਨਾਰੋਕੇ ਦਲੇਰ ਸਿੰਘ ਵੈਰੋਵਾਲ ਸੁੱਖਾ ਸਿੰਘ ਰਾਮਪੁਰਾ ਸੁਖਵਿੰਦਰ ਸਿੰਘ ਮਗਲਾਣੀ ਗੁਰਨਾਮ ਸਿੰਘ ਵੈਰੋਵਾਲ ਕਸ਼ਮੀਰ ਸਿੰਘ ਰਾਮਪੁਰਾ ਲਖਵਿੰਦਰ ਕੌਰ ਗੁਰਨਾਮ ਸਿੰਘ ਵੈਰੋਵਾਲ ਨਿਰਮਲਜੀਤ ਕੌਰ ਵੈਰੋਵਾਲ ਕਸ਼ਮੀਰ ਸਿੰਘ ਰਾਮਪੁਰ ਸੁਖਦੇਵ ਸਿੰਘ ਉੱਪਲ ਸੁਖਵਿੰਦਰ ਸਿੰਘ ਵੈਰੋਵਾਲ ਬੀਬੀ ਚਰਨ ਕੌਰ ਮਗਲਾਣੀ ਬਲਕਾਰ ਸਿੰਘ ਰਾਮਪੁਰਾ

ਠੇਕੇਦਾਰ ਇੰਦਰਜੀਤ ਸਿੰਘ ਨਾਲ ਗੁਰਜੀਤ ਸਿੰਘੇ ਦੀ ਵਿਸ਼ੇਸ਼ ਮੁਲਾਕਾਤ

ਖਡੂਰ ਸਾਹਿਬ 22 ਅਪ੍ਰੈਲ ਸਰਬਜੀਤ ਸਿੰਘ ਮੀਆਂ ਵਿੰਡ ਠੇਕੇਦਾਰ ਇੰਦਰਜੀਤ ਸਿੰਘ ਦੇ ਘਰ@ ਵਿਸ਼ੇਸ਼ ਮੁਲਾਕਾਤ ਦੌਰਾਨ ਸੰਸਦ ਮੈਂਬਰ ਗੁਰਜੀਤ ਸਿੰਘ ਔਜਲਾ ਅਤੇ ਸਾਬਕਾ ਵਿਧਾਇਕ ਸੰਤੋਖ ਸਿੰਘ ਭਲਾਈਪੁਰ ਨੇ ਕੀਤਾ ਚਾਹ ਦਾ ਕੱਪ ਸਾਂਝਾ ਮੁਲਾਕਾਤ ਦੌਰਾਨ ਸਥਾਨਕ ਮਸਲਿਆਂ ਅਤੇ ਵਿਕਾਸ ਕਾਰਜਾਂ ਬਾਰੇ ਵਿਚਾਰ-ਵਟਾਂਦਰਾ ਕੀਤਾ ਗਿਆ। ਇਸ ਮੌਕੇ ਉਨ੍ਹਾਂ ਨੇ ਇਲਾਕੇ ਦੇ ਲੋਕਾਂ ਦੀਆਂ ਸਮੱਸਿਆਵਾਂ ਸੁਣੀਆਂ ਅਤੇ ਉਨ੍ਹਾਂ ਦੇ ਹੱਲ ਲਈ ਭਰੋਸਾ ਦਿੱਤਾ। ਐਮਪੀ ਗੁਰਜੀਤ ਸਿੰਘ ਔਜਲਾ ਨੇ ਕਿਹਾ ਕਿ ਕੇਂਦਰ ਅਤੇ ਰਾਜ ਸਰਕਾਰ ਵੱਲੋਂ ਚਲ ਰਹੀਆਂ ਯੋਜਨਾਵਾਂ ਦਾ ਲਾਭ ਹਰ ਵਰਗ ਤੱਕ ਪਹੁੰਚਾਇਆ ਜਾਵੇਗਾ। ਉਧਰ, ਸਾਬਕਾ ਵਿਧਾਇਕ ਸੰਤੋਖ ਸਿੰਘ ਭਲਾਈਪੁਰ ਨੇ ਵੀ ਇਲਾਕੇ ਦੇ ਵਿਕਾਸ ਲਈ ਆਪਣੀ ਵਚਨਬੱਧਤਾ ਦੋਹਰਾਈ। ਇਸ ਦੌਰਾਨ ਠੇਕੇਦਾਰ ਇੰਦਰਜੀਤ ਸਿੰਘ ਨੇ ਆਏ ਹੋਏ ਮਹਿਮਾਨਾਂ ਦਾ ਸਵਾਗਤ ਕੀਤਾ ਅਤੇ ਇਲਾਕੇ ਦੀ ਤਰੱਕੀ ਲਈ ਮਿਲ ਕੇ ਕੰਮ ਕਰਨ ਦੀ ਗੱਲ ਕੀਤੀ।ਇਸ ਮੌਕੇ ਦਲੇਰ ਸਿੰਘ ਸਰਲੀ ਬਲਾਕ ਪ੍ਰਧਾਨ ਜਲਾਲਾਬਾਦ, ਹਰਿੰਦਰ ਸਿੰਘ ਮੱਲ੍ਹਾ ,ਮੈਂਬਰ ਜ਼ਿਲ੍ਹਾ ਪ੍ਰੀਸ਼ਦ, ਹਰਪਾਲ ਸਿੰਘ ਜੀ(ਬਲਾਕ ਸੰਮਤੀ ਮੈਂਬਰ), ਗੁਰਦਿਆਲ ਸਿੰਘ ਕੰਗ ਜ਼ਿਲ੍ਹਾ ਜਨਰਲ ਸਕੱਤਰ, ਕੰਵਲਜੀਤ ਸਿੰਘ ਨੱਥੇਕੇ ਮੈਂਬਰ ਬਲਾਕ ਸੰਮਤੀ ਬਲਦੇਵ ਸਿੰਘ ਜੀ ਜ਼ਿਲ੍ਹਾ ਜਨਰਲ ਸਕੱਤਰ, ਸਰਪੰਚ ਪ੍ਰਭ ਥੋਥੀਆਂ , ਜੱਜ ਕੰਡਾ,ਗੁਰਮੇਜ ਸਿੰਘ ਚੀਮਾ ਅਤੇ ਹੋਰ ਸਾਥੀ ਮੌਜੂਦ ਸਨ ।

ਬੀਬੀ ਪਰਮਜੀਤ ਕੌਰ ਪੰਮਾ ਭੈਣ ਵੱਲੋਂ ਸਿੱਖੀ ਦਾ ਪ੍ਰਚਾਰ ਭਾਈ ਗੁਰਇਕਬਾਲ ਸਿੰਘ ਦੀਆਂ ਅਸੀਸਾਂ ਨਾਲ ਵਿਦੇਸ਼ਾਂ ਵਿੱਚ ਕੀਰਤਨ ਸਮਾਗਮ

ਅੰਮ੍ਰਿਤਸਰ, 22 ਅਪ੍ਰੈਲ (ਬਬਲੂ ਮਹਾਜਨ) ਬੀਬੀ ਕੋਲਾ ਜੀ ਭਲਾਈ ਕੇਂਦਰ ਦੇ ਕੀਰਤਨੀ ਜਥਾ, ਬੀਬੀ ਪਰਮਜੀਤ ਕੌਰ ਪੰਮਾ ਭੈਣਜੀ ਭਾਈ ਸਾਹਿਬ ਭਾਈ ਗੁਰਇਕਬਾਲ ਸਿੰਘ ਜੀ ਦੀਆਂ ਅਸੀਸਾਂ ਸਦਕਾ ਅਮਰੀਕਾ ਅਤੇ ਕਨੇਡਾ ਵਿਖੇ ਸਿੱਖੀ ਦੇ ਪ੍ਰਚਾਰ ਲਈ ਵਿਸ਼ੇਸ਼ ਸਮਾਗਮਾਂ ਵਿੱਚ ਹਾਜਰੀ ਭਰੀ ਗਈ। ਇਸ ਦੌਰੇ ਦੌਰਾਨ ਜਥੇ ਵੱਲੋਂ ਵੱਖ-ਵੱਖ ਗੁਰਦੁਆਰਾ ਸਾਹਿਬਾਨਾਂ ਵਿੱਚ ਕੀਰਤਨ ਦਰਬਾਰ ਸਜਾਏ ਗਏ, ਜਿੱਥੇ ਸੰਗਤਾਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਕੇ ਗੁਰਬਾਣੀ ਦਾ ਰਸ ਅਨੁਭਵ ਕੀਤਾ।ਜਥੇ ਵੱਲੋਂ ਗੁਰਬਾਣੀ ਕੀਰਤਨ ਰਾਹੀਂ ਸਿੱਖ ਧਰਮ ਦੀਆਂ ਮਹਾਨ ਸਿੱਖਿਆਵਾਂ ਨੂੰ ਪ੍ਰਸਾਰਿਤ ਕੀਤਾ ਗਿਆ ਅਤੇ ਨੌਜਵਾਨ ਪੀੜ੍ਹੀ ਨੂੰ ਗੁਰਮਤਿ ਨਾਲ ਜੋੜਨ ਉੱਤੇ ਖਾਸ ਜ਼ੋਰ ਦਿੱਤਾ ਗਿਆ। ਬੀਬੀ ਪਰਮਜੀਤ ਕੌਰ ਪੰਮਾ ਭੈਣਜੀ ਨੇ ਆਪਣੇ ਸੰਬੋਧਨ ਦੌਰਾਨ ਕਿਹਾ ਕਿ ਵਿਦੇਸ਼ਾਂ ਵਿੱਚ ਵੱਸਦੀ ਸੰਗਤ ਵਿੱਚ ਸਿੱਖੀ ਪ੍ਰਤੀ ਬਹੁਤ ਪਿਆਰ ਅਤੇ ਸ਼ਰਧਾ ਹੈ, ਅਤੇ ਅਜਿਹੇ ਸਮਾਗਮ ਸੰਗਤ ਨੂੰ ਆਪਣੀਆਂ ਜੜ੍ਹਾਂ ਨਾਲ ਜੋੜਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ।

ਉਨ੍ਹਾਂ ਨੇ ਕਿਹਾ ਕਿ ਭਾਈ ਸਾਹਿਬ ਭਾਈ ਗੁਰਇਕਬਾਲ ਸਿੰਘ ਜੀ ਦੀ ਰਹਿਨੁਮਾਈ ਅਤੇ ਅਸੀਸਾਂ ਨਾਲ ਹੀ ਇਹ ਸੇਵਾ ਨਿਰੰਤਰ ਜਾਰੀ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਵੀ ਇਸ ਤਰ੍ਹਾਂ ਦੇ ਪ੍ਰਚਾਰ ਦੌਰੇ ਜਾਰੀ ਰਹਿਣਗੇ। ਸਮਾਗਮਾਂ ਦੌਰਾਨ ਸੰਗਤਾਂ ਵੱਲੋਂ ਜਥੇ ਦਾ ਨਿੱਘਾ ਸਵਾਗਤ ਕੀਤਾ ਗਿਆ ਅਤੇ ਉਨ੍ਹਾਂ ਦੀ ਸੇਵਾ ਦੀ ਭਰਪੂਰ ਸਰਾਹਨਾ ਕੀਤੀ ਗਈ।ਇਸ ਮੌਕੇ ਗੁਰਦੁਆਰਾ ਪ੍ਰਬੰਧਕ ਕਮੇਟੀਆਂ ਵੱਲੋਂ ਵੀ ਜਥੇ ਨੂੰ ਸਨਮਾਨਿਤ ਕੀਤਾ ਗਿਆ ਅਤੇ ਭਵਿੱਖ ਵਿੱਚ ਵੀ ਅਜਿਹੇ ਪ੍ਰਚਾਰ ਪ੍ਰੋਗਰਾਮ ਕਰਵਾਉਣ ਲਈ ਸੱਦਾ ਦਿੱਤਾ ਗਿਆ। ਸਮੂਹ ਦੌਰਾ ਸਫਲ ਅਤੇ ਚੜ੍ਹਦੀ ਕਲਾ ਵਾਲਾ ਰਿਹਾ, ਜਿਸ ਨਾਲ ਵਿਦੇਸ਼ਾਂ ਵਿੱਚ ਸਿੱਖੀ ਦੇ ਪ੍ਰਚਾਰ ਨੂੰ ਹੋਰ ਮਜ਼ਬੂਤੀ ਮਿਲੀ ਹੈ।

ਵਿਧਾਇਕ ਜਸਵਿੰਦਰ ਸਿੰਘ ਰਮਦਾਸ ਨੇ ਦਾਣਾ ਮੰਡੀ ਅਟਾਰੀ ਵਿੱਚ ਕਣਕ ਦੀ ਚੱਲ ਰਹੀ ਖ਼ਰੀਦ ਦਾ ਜਾਇਜ਼ਾ ਲਿਆ

ਅੰਮ੍ਰਿਤਸਰ, 22 ਅਪ੍ਰੈਲ (ਬਬਲੂ ਮਹਾਜਨ) – ਵਿਧਾਨ ਸਭਾ ਹਲਕਾ ਅਟਾਰੀ ਦੇ ਵਿਧਾਇਕ ਸ. ਜਸਵਿੰਦਰ ਸਿੰਘ ਰਮਦਾਸ ਨੇ ਅੱਜ ਦਾਣਾ ਮੰਡੀ ਅਟਾਰੀ ਵਿਖੇ ਕਣਕ ਦੀ ਚੱਲ ਰਹੀ ਖ਼ਰੀਦ ਦਾ ਜਾਇਜ਼ਾ ਲਿਆ। ਆਪਣੇ ਦੌਰੇ ਦੌਰਾਨ ਉਨ੍ਹਾਂ ਨੇ ਕਿਸਾਨਾਂ, ਆੜ੍ਹਤੀਆਂ ਅਤੇ ਮਜ਼ਦੂਰਾਂ ਨਾਲ ਗੱਲਬਾਤ ਕਰਕੇ ਮੰਡੀ ਵਿੱਚ ਚੱਲ ਰਹੀ ਕਣਕ ਦੀ ਖ਼ਰੀਦ ਬਾਰੇ ਜਾਣਕਾਰੀ ਹਾਸਲ ਕੀਤੀ। ਇਸ ਮੌਕੇ ਉਨ੍ਹਾਂ ਨਾਲ ਮਾਰ

ਤਪਦਿਕ ਦੇ ਲੱਛਣ ਹੋਣ 'ਤੇ ਤੁਰੰਤ ਸਿਹਤ ਕੇਂਦਰ ਤੋਂ ਜਾਂਚ ਕਰਵਾਈ ਜਾਵੇ : ਡਾ. ਬਲਜਿੰਦਰ ਕੌਰ ਕਾਹਲੋਂ

ਕੌਹਰੀਆਂ, 22 ਅਪ੍ਰੈਲ (ਅਵਤਾਰ ਸਿੰਘ ਜਟਾਣਾ) : ਸਿਵਲ ਸਰਜਨ ਡਾ. ਅਮਰਜੀਤ ਕੌਰ ਦੀਆਂ ਹਦਾਇਤਾਂ ਅਤੇ ਜ਼ਿਲ੍ਹਾ ਟੀ.ਬੀ. ਅਫ਼ਸਰ ਡਾ. ਰਾਜਿੰਦਰ ਕੌਰ ਦੇ ਦਿਸ਼ਾ ਨਿਰਦੇਸ਼ਾਂ ਅਤੇ ਸੀਨੀਅਰ ਮੈਡੀਕਲ ਅਫਸਰ ਡਾ. ਬਲਜਿੰਦਰ ਕੌਰ ਕਾਹਲੋਂ ਦੀ ਅਗਵਾਈ ਵਿੱਚ ਸਿਹਤ ਬਲਾਕ ਕੌਹਰੀਆਂ ਵੱਲੋਂ 100 ਦਿਨਾਂ ਤਪਦਿਕ (ਟੀ.ਬੀ.) ਜਾਗਰੂਕਤਾ ਮੁਹਿੰਮ ਤਹਿਤ ਗਤੀਵਿਧੀਆਂ ਜਾਰੀ ਹਨ। ਡਾ. ਬਲਜਿੰਦਰ ਕੌਰ ਕਾਹਲੋਂ ਸੀਨੀਅਰ ਮੈਡੀਕਲ ਅਫਸਰ ਨੇ ਕਿਹਾ ਕਿ ਸਿਹਤ ਵਿਭਾਗ ਵੱਲੋਂ ਇਸ ਵਿਸ਼ੇਸ਼ ਮੁਹਿੰਮ ਦਾ ਮਕਸਦ ਹੈ ਕਿ ਵੱਧ ਤੋਂ ਵੱਧ ਲੋਕਾਂ ਨੂੰ ਤਪਦਿਕ ਦੀ ਬਿਮਾਰੀ ਬਾਰੇ ਜਾਗਰੂਕ ਕੀਤਾ ਜਾਵੇ ਤਾਂ ਜੋ ਤਪਦਿਕ ਮੁਕਤ ਸਮਾਜ ਬਣਾਇਆ ਜਾ ਸਕੇ। ਉਨ੍ਹਾਂ ਕਿਹਾ ਕਿ ਜੇਕਰ ਕਿਸੇ ਵਿਅਕਤੀ ਨੂੰ ਦੋ ਹਫ਼ਤਿਆਂ ਤੋਂ ਵੱਧ ਖੰਘ, ਭੁੱਖ ਨਾ ਲੱਗਣਾ, ਭਾਰ ਘਟਣਾ ਜਾਂ ਸ਼ਾਮ ਵੇਲੇ ਬੁਖਾਰ ਚੜ੍ਹਦਾ ਹੋਵੇ, ਤਾਂ ਉਸ ਨੂੰ ਤੁਰੰਤ ਨਜ਼ਦੀਕੀ ਸਰਕਾਰੀ ਸਿਹਤ ਕੇਂਦਰ ਵਿੱਚ ਜਾਂਚ ਕਰਵਾਉਣੀ ਚਾਹੀਦੀ ਹੈ।ਨਰਿੰਦਰ ਪਾਲ ਸਿੰਘ ਬਲਾਕ ਐਜੂਕੇਟਰ ਨੇ ਨੇ ਜਾਗਰੂਕਤਾ ਮੁਹਿੰਮ ਦੇ ਵੱਖ-ਵੱਖ ਪਹਿਲੂਆਂ @ਤੇ ਚਾਨਣਾ ਪਾਉਂਦਿਆਂ ਦੱਸਿਆ ਕਿ ਟੀ.ਬੀ. ਦਾ ਇਲਾਜ ਸਰਕਾਰੀ ਹਸਪਤਾਲਾਂ ਵਿੱਚ ਬਿਲਕੁਲ ਮੁਫ਼ਤ ਹੈ। ਉਨ੍ਹਾਂ ਕਿਹਾ ਕਿ ਸਾਡਾ ਸਭ ਦਾ ਫ਼ਰਜ਼ ਹੈ ਕਿ ਅਸੀਂ ਆਪਣੇ ਆਲੇ-ਦੁਆਲੇ ਇਸ ਸੰਦੇਸ਼ ਨੂੰ ਪਹੁੰਚਾਈਏ ਤਾਂ ਜੋ ਕੋਈ ਵੀ ਮਰੀਜ਼ ਇਲਾਜ ਤੋਂ ਵਾਂਝਾ ਨਾ ਰਹੇ।ਡਾ. ਵਰਿੰਦਰ ਕੁਮਾਰ ਤੇ ਕਨਿਕਾ ਬੱਗਾ ਏ.ਐੱਮ.ਓ. ਨੇ ਸਕੂਲੀ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਦੱਸਿਆ ਕਿ ਭਾਰਤ ਸਰਕਾਰ ਵੱਲੋਂ ਦੇਸ਼ ਨੂੰ ਟੀ.ਬੀ. ਮੁਕਤ ਕਰਨ ਦਾ ਟੀਚਾ ਮਿੱਥਿਆ ਗਿਆ ਹੈ, ਜਿਸ ਵਿੱਚ ਸਕੂਲੀ ਬੱਚਿਆਂ ਦੀ ਭੂਮਿਕਾ ਅਹਿਮ ਹੈ। ਉਨ੍ਹਾਂ ਬਿਮਾਰੀ ਦੇ ਤਕਨੀਕੀ ਪਹਿਲੂਆਂ ਬਾਰੇ ਗੱਲ ਕਰਦਿਆਂ ਕਿਹਾ ਕਿ ਟੀ.ਬੀ. ਹਵਾ ਰਾਹੀਂ ਫੈਲਣ ਵਾਲੀ ਬਿਮਾਰੀ ਹੈ, ਇਸ ਲਈ ਖੰਘਣ ਜਾਂ ਨਿੱਛ ਮਾਰਨ ਵੇਲੇ ਮੂੰਹ @ਤੇ ਰੁਮਾਲ ਰੱਖਣਾ ਚਾਹੀਦਾ ਹੈ। ਉਨ੍ਹਾਂ ਸਪੱਸ਼ਟ ਕੀਤਾ ਕਿ ਟੀ.ਬੀ. ਕੋਈ ਲਾਇਲਾਜ ਬਿਮਾਰੀ ਨਹੀਂ ਹੈ, ਬਸ਼ਰਤੇ ਕਿ ਦਵਾਈ ਦਾ ਪੂਰਾ ਕੋਰਸ ਬਿਨਾਂ ਨਾਗਾ ਕੀਤਾ ਜਾਵੇ।

ਪੰਜਾਬ ਪਬਲਿਕ ਸੀ. ਸੈ. ਸਕੂਲ ਵਿੱਚ 'ਵਿਸ਼ਵ ਧਰਤੀ ਦਿਵਸ' ਮੌਕੇ ਵਿਸ਼ੇਸ਼ ਸਭਾ

ਧਨੌਲਾ, 22 ਅਪ੍ਰੈਲ (ਚਮਕੌਰ ਸਿੰਘ ਗੱਗੀ) : ਪੰਜਾਬ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਵਿੱਚ 'ਵਿਸ਼ਵ ਧਰਤੀ ਦਿਵਸ' ਮੌਕੇ ਉਤਸ਼ਾਹ ਅਤੇ ਜਾਗਰੂਕਤਾ ਨਾਲ ਪ੍ਰੋਗਰਾਮ ਮਨਾਇਆ ਗਿਆ। ਇਸ ਮੌਕੇ ਸਕੂਲ ਦੀ ਨੌਵੀਂ ਜਮਾਤ ਦੇ ਵਿਦਿਆਰਥੀਆਂ ਵੱਲੋਂ ਇੱਕ ਵਿਸ਼ੇਸ਼ ਸਭਾ (Special Assembly) ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਮੁੱਖ ਸਮਾਗਮ ਵਿਦਿਆਰਥੀਆਂ ਨੇ ਬੜੇ ਹੀ ਰੁਚਿਕਰ ਢੰਗ ਨਾਲ ਪੇਸ਼ ਕੀਤਾ। ਵਿਸ਼ੇਸ਼ ਸਭਾ ਦੌਰਾਨ ਨੌਵੀਂ ਜਮਾਤ ਦੇ ਵਿਦਿਆਰਥੀਆਂ ਨੇ ਧਰਤੀ ਨੂੰ ਪ੍ਰਦੂਸ਼ਣ ਮੁਕਤ ਰੱਖਣ ਅਤੇ ਵੱਧ ਤੋਂ ਵੱਧ ਰੁੱਖ ਲਗਾਉਣ ਦੀ ਅਪੀਲ ਕੀਤੀ। ਇਸ ਦੇ ਨਾਲ ਹੀ ਕੁਦਰਤੀ ਸਰੋਤਾਂ ਦੀ ਸੰਭਾਲ ਅਤੇ ਵਾਤਾਵਰਣ ਦੀ ਰੱਖਿਆ ਬਾਰੇ ਵੀ ਜਾਣਕਾਰੀ ਦਿੱਤੀ ਗਈ। ਵਿਦਿਆਰਥੀਆਂ ਵੱਲੋਂ ਇੱਕ ਲਘੂ ਨਾਟਕ ਵੀ ਪੇਸ਼ ਕੀਤਾ ਗਿਆ, ਜਿਸ ਰਾਹੀਂ ਰੁੱਖਾਂ ਦੀ ਕਟਾਈ ਅਤੇ ਪਾਣੀ ਦੀ ਬਰਬਾਦੀ ਦੇ ਨੁਕਸਾਨਾਂ ਬਾਰੇ ਦਰਸਾਇਆ ਗਿਆ। ਸਭਾ ਦੇ ਅੰਤ ਵਿੱਚ ਸਕੂਲ ਪ੍ਰਬੰਧਕਾਂ ਅਤੇ ਅਧਿਆਪਕਾਂ ਨੇ ਵਿਦਿਆਰਥੀਆਂ ਨੂੰ ਵਾਤਾਵਰਣ ਸੰਭਾਲ ਸੰਬੰਧੀ ਜਾਗਰੂਕ ਕੀਤਾ ਅਤੇ ਪ੍ਰਦੂਸ਼ਣ ਨੂੰ ਘਟਾਉਣ ਲਈ ਪ੍ਰੇਰਿਤ ਕੀਤਾ। ਸਕੂਲ ਦੇ ਪ੍ਰਿੰਸੀਪਲ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਧਰਤੀ ਸਾਡੀ ਸਾਂਝੀ ਜ਼ਿੰਮੇਵਾਰੀ ਹੈ ਅਤੇ ਸਾਨੂੰ ਸਭ ਨੂੰ ਮਿਲ ਕੇ ਇਸ ਦੀ ਰੱਖਿਆ ਕਰਨੀ ਚਾਹੀਦੀ ਹੈ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਪ੍ਰਕਿਰਤੀ ਪ੍ਰਤੀ ਜ਼ਿੰਮੇਵਾਰ ਬਣਨ ਅਤੇ ਹਰੇਕ ਦਿਨ ਨੂੰ ਧਰਤੀ ਦਿਵਸ ਵਜੋਂ ਮਨਾਉਣ ਲਈ ਪ੍ਰੇਰਿਤ ਕੀਤਾ।

ਹੈਰੀਟੇਜ ਸਕੂਲ ਦੇ ਵਿਦਿਆਰਥੀਆਂ ਨੇ ਵੱਖ- ਵੱਖ ਵਿਸ਼ਿਆਂ ਵਿੱਚੋਂ 100 ਪ੍ਰਤੀਸ਼ਤ ਅੰਕ ਲੈ ਕੇ ਮਾਰੀਆਂ ਮੱਲਾਂ

ਭਵਾਨੀਗੜ੍ਹ, 22 ਅਪ੍ਰੈਲ (ਅਮਨਦੀਪ ਸਿੰਘ ਮਾਝਾ) : ਹੈਰੀਟੇਜ ਪਬਲਿਕ ਸਕੂਲ ਦੇ ਵਿਦਿਆਰਥੀਆਂ ਨੇ ਸੀ.ਬੀ.ਐਸ.ਈ. ਦਸਵੀਂ ਜਮਾਤ ਦੇ ਨਤੀਜਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਸਕੂਲ ਦਾ ਨਾਮ ਰੋਸ਼ਨ ਕੀਤਾ ਹੈ। ਇਸ ਸਾਲ ਦਾ ਨਤੀਜਾ ਬਹੁਤ ਹੀ ਸ਼ਾਨਦਾਰ ਰਿਹਾ, ਜਿਸ ਵਿੱਚ ਕਈ ਵਿਦਿਆਰਥੀਆਂ ਨੇ ਉੱਚ ਅੰਕ ਪ੍ਰਾਪਤ ਕੀਤੇ।

ਸਕੂਲ ਦੀ ਵਿਦਿਆਰਥਣ ਏਕਮਦੀਪ ਕੌਰ ਨੇ 99% ਅੰਕ ਪ੍ਰਾਪਤ ਕਰਕੇ ਪਹਿਲਾ ਸਥਾਨ ਹਾਸਲ ਕੀਤਾ। ਇਸ ਤੋਂ ਇਲਾਵਾ ਬਾਹੁਲ ਕਾਂਸਲ (97.4%), ਅਰਪਣਾ ਸ਼ਰਮਾ ਅਤੇ ਕੁਲਜੀਤ ਸਿੰਘ (96.4%), ਹਰਨੂਰ ਕੌਰ (93.4%), ਚੈਤੰਨਯ ਸ਼ਰਮਾ (92.4%), ਗੁਨਤਾਸ਼ (92.2%), ਡਾਲਸੀ (90.6%), ਅਭਿਸ਼ੇਕ ਸ਼ਰਮਾ ਅਤੇ ਸੁਖਮਨਦੀਪ ਕੌਰ (90.4%) ਨੇ ਵੀ ਸ਼ਾਨਦਾਰ ਪ੍ਰਦਰਸ਼ਨ ਕੀਤਾ।

ਨਤੀਜਿਆਂ ਦੇ ਅੰਕੜਿਆਂ ਅਨੁਸਾਰ 10 ਵਿਦਿਆਰਥੀਆਂ ਨੇ 90% ਤੋਂ ਵੱਧ ਅੰਕ ਪ੍ਰਾਪਤ ਕੀਤੇ, ਜਦਕਿ 17 ਵਿਦਿਆਰਥੀਆਂ ਨੇ 80% ਤੋਂ ਵੱਧ ਅਤੇ 33 ਵਿਦਿਆਰਥੀਆਂ ਨੇ 70% ਤੋਂ ਵੱਧ ਅੰਕ ਪ੍ਰਾਪਤ ਕੀਤੇ। ਇਸ ਤੋਂ ਇਲਾਵਾ

ਏਕਮਦੀਪ ਕੌਰ , ਹਰਨੂਰ ਕੌਰ ਅਤੇ ਗੁਣਤਾਸ਼ ਨੇ ਪੰਜਾਬੀ ਵਿੱਚੋਂ 100 ਅੰਕ, ਕੁਲਜੀਤ ਸਿੰਘ ਅਤੇ ਏਕਮਦੀਪ ਕੌਰ ਨੇ ਸਮਾਜਿਕ ਸਿੱਖਿਆ ਵਿੱਚੋਂ 100 ਅੰਕ ਅਤੇ ਏਕਮਦੀਪ ਕੌਰ ਨੇ ਆਈ. ਟੀ ਵਿੱਚੋਂ 100 ਅੰਕ ਪ੍ਰਾਪਤ ਕੀਤੇ ਹਨ।

ਇਸ ਮੌਕੇ 'ਤੇ ਸਕੂਲ ਪ੍ਰਬੰਧਕ ਸ਼੍ਰੀ ਅਨਿਲ ਮਿੱਤਲ ਅਤੇ ਸ਼੍ਰੀਮਤੀ ਆਸ਼ਿਮਾ ਮਿੱਤਲ, ਨਾਲ ਹੀ ਸਕੂਲ ਦੀ ਮੁੱਖ-ਅਧਿਆਪਕਾ ਡਾ. ਗੁਰਪ੍ਰੀਤ ਕੌਰ ਨੇ ਸਾਰੇ ਵਿਦਿਆਰਥੀਆਂ ਨੂੰ ਦਿਲੋਂ ਵਧਾਈ ਦਿੱਤੀ। ਉਨ੍ਹਾਂ ਨੇ ਕਿਹਾ ਕਿ ਇਹ ਸਫ਼ਲਤਾ ਵਿਦਿਆਰਥੀਆਂ ਦੀ ਲਗਨ, ਅਧਿਆਪਕਾਂ ਦੀ ਕੜੀ ਮਿਹਨਤ ਅਤੇ ਮਾਪਿਆਂ ਦੇ ਸਹਿਯੋਗ ਦਾ ਨਤੀਜਾ ਹੈ।

ਗਰੀਨ ਫ਼ੀਲਡ ਕਾਨਵੈਂਟ ਸਕੂਲ ਵਿਖੇ 'ਵਿਸ਼ਵ ਧਰਤੀ ਦਿਵਸ' ਮਨਾਇਆ

ਧਨੌਲਾ, 22 ਅਪ੍ਰੈਲ (ਚਮਕੌਰ ਸਿੰਘ ਗੱਗੀ) : ਗਰੀਨ ਫੀਲਡ ਕਾਨਵੈਂਟ (ਸੀਨੀਅਰ ਸੈਕੰਡਰੀ) ਸਕੂਲ ਦਾਨਗੜ੍ਹ ਵਿਖੇ 'ਵਿਸ਼ਵ ਧਰਤੀ ਦਿਵਸ ਮਨਾਇਆ ਗਿਆ। ਇਸ ਮੌਕੇ ਅਸਿਸਟੈਂਟ ਕੋਆਰਡੀਨੇਟਰ ਨੌਵਲਪ੍ਰੀਤ ਨੇ ਬੱਚਿਆਂ ਨੂੰ ਸੰਬੋਧਨ ਕਰਦਿਆਂ ਜਾਗਰੂਕ ਕੀਤਾ ਕਿ ਧਰਤੀ ਉੱਪਰ ਦਿਨ-ਬ-ਦਿਨ ਪ੍ਰਦੂਸ਼ਣ ਵੱਧ ਰਿਹਾ ਹੈ,ਜੋ ਕਿ ਮਨੁੱਖੀ ਪ੍ਰਜਾਤੀ ਅਤੇ ਪਛੂ ਪੰਛੀਆਂ ਲਈ ਵੀ ਹਾਨੀਕਾਰਕ ਹੈ। ਜਿਸ ਦੀ ਰੋਕਥਾਮ ਲਈ ਜ਼ਰੂਰੀ ਹੈ ਕਿ ਸਾਨੂੰ ਧਰਤੀ ਨੂੰ ਅੱਗ ਨਹੀਂ ਲਗਾਉਣੀ ਚਾਹੀਦੀ ਅਤੇ ਸਾਨੂੰ ਵੱਧ ਤੋਂ ਵੱਧ ਰੁੱਖ ਲਗਾਉਣੇ ਚਾਹੀਦੇ ਹਨ। ਇਸ ਨਾਲ ਪ੍ਰਦੂਸ਼ਣ ਨੂੰ ਠੱਲ੍ਹ ਪੈ ਸਕਦੀ ਹੈ। ਧਰਤੀ ਦੇ ਮਹੱਤਵ ਨੂੰ ਦਰਸਾਉਣ, ਧਰਤੀ ਦੀ ਹੋਂਦ ਨੂੰ ਖੜ੍ਹੇ ਹੋਏ ਖ਼ਤਰਿਆਂ ਸੰਬੰਧੀ ਜਾਣਕਾਰੀ ਦੇਣ ਅਤੇ ਧਰਤੀ ਨੂੰ ਬਚਾਉਣ ਲਈ ਜਾਗਰੂਕਤਾ ਫੈਲਾਉਣ ਲਈ ਹਰ ਸਾਲ 22 ਅਪ੍ਰੈਲ ਨੂੰ ਵਿਸ਼ਵ ਧਰਤੀ ਦਿਵਸ ਮਨਾਇਆ ਜਾਂਦਾ ਹੈ। ਪਹਿਲੀ ਵਾਰ ਇਹ 22 ਅਪ੍ਰੈਲ 1970 ਵਿਚ ਮਨਾਇਆ ਗਿਆ। ਅਤੇ ਪੂਰੇ ਬ੍ਰਹਿਮੰਡ ਵਿੱਚ ਕੇਵਲ ਧਰਤੀ ਹੀ ਇਕ ਅਜਿਹਾ ਗ੍ਰਹਿ ਹੈ, ਜਿਸ 'ਤੇ ਜੀਵਨ ਸੰਭਵ ਹੈ, ਕਿਉਂਕਿ ਇਥੇ ਪਾਣੀ, ਆਕਸੀਜ਼ਨ, ਸਹੀ ਤਾਪਮਾਨ ਤੇ ਵਾਤਾਵਰਨ ਮੌਜੂਦ ਹਨ। ਧਰਤੀ ਦਾ ਲੱਗਭੱਗ 71 ਫੀਸਦੀ ਹਿੱਸਾ ਪਾਣੀ ਹੋਣ ਕਰਕੇ ਇਸ ਨੂੰ ਨੀਲਾ ਗ੍ਰਹਿ ਵੀ ਕਿਹਾ ਜਾਂਦਾ ਹੈ।ਜੇਕਰ ਅਸੀਂ ਦੇਖੀਏ ਤਾਂ ਸਾਡੇ ਵਾਤਾਵਰਨ 'ਚ 50% ਕਾਰਬਨ ਡਾਈਆਕਸਾਇਡ ਵੱਧ ਗਈ ਹੈ, ਜੋ ਮਨੁੱਖੀ ਜੀਵਨ ਲਈ ਬਹੁਤ ਖ਼ਤਰਨਾਕ ਹੈ। ਉਨ੍ਹਾਂ ਕਿਹਾ ਕਿ ਇਸ ਨੂੰ ਰੋਕਣ ਦਾ ਇੱਕੋ-ਇੱਕ ਹੱਲ ਹੈ ਵੱਧ ਤੋਂ ਵੱਧ ਪੌਦੇ ਲਗਾਉਣੇ, ਕਿਉਂਕਿ ਰੁੱਖ ਕਾਰਬਨ ਡਾਈਆਕਸਾਇਡ ਨੂੰ ਖ਼ਤਮ ਕਰਕੇ ਸਾਨੂੰ ਆਕਸੀਜਨ ਦਿੰਦੇ ਹਨ ਜਿਸ ਤੋਂ ਬਿਨਾਂ ਅਸੀਂ ਨਹੀਂ ਰਹਿ ਸਕਦੇ। ਉਨ੍ਹਾਂ ਕਿਹਾ ਕਿ ਧਰਤੀ 'ਤੇ ਖੁੱਲ੍ਹੇਆਮ ਕੂੜਾ-ਕਰਕਟ, ਲਿਫਾਫੇ ਤੇ ਕਚਰਾ ਆਦਿ ਨਹੀਂ ਸੁੱਟਣਾ ਚਾਹੀਦਾ । ਇਸ ਨਾਲ ਧਰਤੀ ਬਹੁਤ ਪ੍ਰਦੂਸ਼ਿਤ ਹੁੰਦੀ ਹੈ। ਸਾਨੂੰ ਕੀਟਨਾਸ਼ਕ (ਪੈਸਟੀਸਾਈਡ) ਦਵਾਈਆਂ ਦੀ ਵਰਤੋਂ 'ਤੇ ਨਕੇਲ ਪਾਉਣ ਦੀ ਜ਼ਰੂਰਤ ਹੈ। ਇਸ ਨਾਲ ਧਰਤੀ ਅੰਦਰਲੀ ਤਾਕਤ ਖ਼ਤਮ ਹੁੰਦੀ ਹੈ। ਉਨ੍ਹਾਂ ਕਿਹਾ ਕਿ ਅਜਿਹੀਆਂ ਫ਼ਸਲਾਂ ਵਧੇਰੇ ਉਗਾਉਣੀਆਂ ਚਾਹੀਦੀਆਂ ਹਨ ਜਿੰਨ੍ਹਾਂ 'ਤੇ ਪਾਣੀ ਦੀ ਖ਼ਪਤ ਘੱਟ ਹੋਵੇ । ਇਸ ਮੌਕੇ ਸਕੂਲ ਵਿੱਚ ਬੱਚਿਆਂ ਦੁਆਰਾ ਵੱਧ ਤੋਂ ਵੱਧ ਪੌਦੇ ਵੀ ਲਗਾਏ ਗਏ। ਇਸ ਮੌਕੇ ਪ੍ਰਿੰਸੀਪਲ ਪ੍ਰੀਤ ਕਮਲ ਸ਼ਰਮਾ,ਵਾਈਸ ਪ੍ਰਿੰਸੀਪਲ ਜਸਵੀਰ ਕੌਰ , ਕੋਆਰਡੀਨੇਟਰ ਸੰਦੀਪ ਕੌਰ ਆਦਿ ਹਾਜ਼ਰ ਸਨ।

ਜੈ ਵਾਟਿਕਾ ਪਬਲਿਕ ਸਕੂਲ ਨੇ ਅੰਤਰਰਾਸ਼ਟਰੀ ਧਰਤੀ ਦਿਵਸ ਲਈ ਵਿਸ਼ੇਸ਼ ਸਭਾ ਕਰਵਾਈ

ਬਰਨਾਲਾ, 22 ਅਪ੍ਰੈਲ (ਇਸ਼ੇਨ ਕੰਗ) : ਜੈ ਵਾਟਿਕਾ ਪਬਲਿਕ ਸਕੂਲ ਨੇ ਅੱਜ ਅੰਤਰਰਾਸ਼ਟਰੀ ਧਰਤੀ ਦਿਵਸ ਮਨਾਉਣ ਲਈ ਇੱਕ ਸ਼ਾਨਦਾਰ ਅਤੇ ਪ੍ਰੇਰਨਾਦਾਇਕ ਵਿਸ਼ੇਸ਼ ਸਭਾ ਦਾ ਆਯੋਜਨ ਕੀਤਾ। ਸਕੂਲ ਦਾ ਮਾਹੌਲ ਉਤਸ਼ਾਹ, ਊਰਜਾ ਅਤੇ ਵਾਤਾਵਰਣ ਸੁਰੱਖਿਆ ਦੇ ਸੰਦੇਸ਼ਾਂ ਨਾਲ ਭਰਿਆ ਹੋਇਆ ਸੀ। 9ਵੀਂ ਤੋਂ 12ਵੀਂ ਜਮਾਤ ਦੇ ਵਿਦਿਆਰਥੀਆਂ ਨੇ ਸਵੇਰ ਦੀ ਸਭਾ ਦਾ ਆਯੋਜਨ ਬਹੁਤ ਉਤਸ਼ਾਹ ਨਾਲ ਕੀਤਾ। ਪ੍ਰੋਗਰਾਮ ਦੀ ਸ਼ੁਰੂਆਤ ਇੱਕ ਪ੍ਰੇਰਨਾਦਾਇਕ ਵਿਚਾਰ ਅਤੇ ਸ਼ਬਦਾਵਲੀ ਪੇਸ਼ਕਾਰੀ ਨਾਲ ਹੋਈ, ਜਿਸ ਵਿੱਚ ਵਿਦਿਆਰਥੀਆਂ ਨੇ ਮਹੱਤਵਪੂਰਨ ਵਾਤਾਵਰਣ ਸੰਬੰਧੀ ਸ਼ਬਦਾਂ ਅਤੇ ਉਨ੍ਹਾਂ ਦੇ ਅਰਥ ਸਾਂਝੇ ਕੀਤੇ। ਇਸ ਤੋਂ ਬਾਅਦ, ਵਿਦਿਆਰਥੀਆਂ ਨੇ ਮਨਮੋਹਕ ਨਾਚਾਂ, ਸ਼ਕਤੀਸ਼ਾਲੀ ਭਾਸ਼ਣਾਂ ਅਤੇ ਵੱਖ-ਵੱਖ ਰਚਨਾਤਮਕ ਪੇਸ਼ਕਾਰੀਆਂ ਰਾਹੀਂ ਧਰਤੀ ਦੀ ਸੰਭਾਲ ਦਾ ਸੰਦੇਸ਼ ਦਿੱਤਾ। ਸਕੂਲ ਦੇ ਭਾਸ਼ਣ ਕਲੱਬ ਨੇ ਪਹਿਲੀ ਤੋਂ ਤੀਜੀ ਜਮਾਤ ਦੇ ਬੱਚਿਆਂ ਲਈ ਇੱਕ ਤੁਕਬੰਦੀ ਮੁਕਾਬਲਾ ਕਰਵਾਇਆ, ਜਿਸ ਵਿੱਚ ਛੋਟੇ ਬੱਚਿਆਂ ਨੇ ਉਤਸ਼ਾਹ ਨਾਲ ਹਿੱਸਾ ਲਿਆ। ਇਸ ਤੋਂ ਇਲਾਵਾ, ਪਹਿਲੀ ਤੋਂ ਪੰਜਵੀਂ ਜਮਾਤ ਦੇ ਵਿਦਿਆਰਥੀਆਂ ਲਈ ਸਕੂਲ ਕੈਂਪਸ ਵਿੱਚ ਇੱਕ ਰੁੱਖ ਲਗਾਉਣ ਦਾ ਪ੍ਰੋਗਰਾਮ ਆਯੋਜਿਤ ਕੀਤਾ ਗਿਆ, ਜਿਸ ਨਾਲ ਵਿਦਿਆਰਥੀਆਂ ਨੂੰ ਕੁਦਰਤ ਨਾਲ ਜੁੜਨ ਦਾ ਮੌਕਾ ਮਿਲਿਆ। ਈਕੋ ਕਲੱਬ ਦੇ ਤਹਿਤ, ਛੇਵੀਂ ਜਮਾਤ ਤੋਂ ਅੱਠਵੀਂ ਜਮਾਤ ਦੇ ਵਿਦਿਆਰਥੀਆਂ ਲਈ ਫੈਸ਼ਨੇਬਲ ਵੇਅਰੇਬਲ ਆਰਟ ਅਤੇ ਬੈਸਟ ਆਊਟ ਆਫ ਵੇਸਟ ਵਰਗੀਆਂ ਗਤੀਵਿਧੀਆਂ ਕਰਵਾਈਆਂ ਗਈਆਂ । 9ਵੀਂ ਅਤੇ 10ਵੀਂ ਜਮਾਤ ਦੇ ਵਿਦਿਆਰਥੀਆਂ ਲਈ ਇੱਕ ਪੋਸਟਰ ਬਣਾਉਣ ਦਾ ਮੁਕਾਬਲਾ ਅਤੇ ਇੱਕ ਕਾਗਜ਼ੀ ਪਰਸ ਬਣਾਉਣ ਦੀ ਗਤੀਵਿਧੀ ਦਾ ਆਯੋਜਨ ਕੀਤਾ ਗਿਆ। ਵਿਦਿਆਰਥੀਆਂ ਨੇ ਆਪਣੇ ਪੋਸਟਰਾਂ ਰਾਹੀਂ ਵਾਤਾਵਰਣ ਸੁਰੱਖਿਆ, ਪਲਾਸਟਿਕ ਦੇ ਮਾੜੇ ਪ੍ਰਭਾਵਾਂ ਅਤੇ ਹਰਿਆਲੀ ਦੀ ਮਹੱਤਤਾ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਪੇਸ਼ ਕੀਤਾ। ਇਸ ਸਮਾਗਮ ਦਾ ਮੁੱਖ ਉਦੇਸ਼ ਵਿਦਿਆਰਥੀਆਂ ਵਿੱਚ ਵਾਤਾਵਰਣ ਜਾਗਰੂਕਤਾ ਵਧਾਉਣਾ ਅਤੇ ਉਨ੍ਹਾਂ ਨੂੰ ਧਰਤੀ ਦੀ ਰੱਖਿਆ ਲਈ ਪ੍ਰੇਰਿਤ ਕਰਨਾ ਸੀ। ਆਪਣੇ ਪ੍ਰੇਰਨਾਦਾਇਕ ਭਾਸ਼ਣ ਵਿੱਚ, ਸਕੂਲ ਦੀ ਪ੍ਰਿੰਸੀਪਲ, ਡਾ. ਪਰਵਿੰਦਰ ਕੌਰ ਨੇ ਕਿਹਾ, ਧਰਤੀ ਸਾਡਾ ਘਰ ਹੈ, ਅਤੇ ਇਸਦੀ ਰੱਖਿਆ ਕਰਨਾ ਸਾਡਾ ਫਰਜ਼ ਹੈ। ਛੋਟੇ-ਛੋਟੇ ਯਤਨ, ਜਿਵੇਂ ਕਿ ਰੁੱਖ ਲਗਾਉਣਾ, ਪਾਣੀ ਬਚਾਉਣਾ ਅਤੇ ਪਲਾਸਟਿਕ ਦੀ ਵਰਤੋਂ ਘਟਾਉਣਾ, ਸਾਡੇ ਭਵਿੱਖ ਨੂੰ ਸੁਰੱਖਿਅਤ ਬਣਾ ਸਕਦੇ ਹਨ। ਪ੍ਰੋਗਰਾਮ ਦੇ ਅੰਤ ਵਿੱਚ, ਸਾਰੇ ਵਿਦਿਆਰਥੀਆਂ ਨੇ ਵਾਤਾਵਰਣ ਦੀ ਰੱਖਿਆ ਕਰਨ ਦਾ ਪ੍ਰਣ ਲਿਆ। ਇਹ ਸਮਾਗਮ ਨਾ ਸਿਰਫ਼ ਜਾਣਕਾਰੀ ਭਰਪੂਰ ਸੀ ਬਲਕਿ ਵਿਦਿਆਰਥੀਆਂ ਵਿੱਚ ਕੁਦਰਤ ਪ੍ਰਤੀ ਪਿਆਰ ਅਤੇ ਜ਼ਿੰਮੇਵਾਰੀ ਦੀ ਭਾਵਨਾ ਨੂੰ ਮਜ਼ਬੂਤ ਕਰਨ ਵਿੱਚ ਵੀ ਸਫਲ ਰਿਹਾ।

ਨਿੱਘੇ ਪਾਠਕ, ਵੱਡੇ ਸੁਪਨੇ : ਐਮ.ਟੀ.ਐਸ. ਸਕੂਲ ਵਿੱਚ ਕਲਾਸਰੂਮ ਗੀਡਿੰਗ ਗਤੀਵਿਧੀ

ਬਰਨਾਲਾ, 22 ਅਪ੍ਰੈਲ (ਇਸ਼ੇਨ ਕੰਗ) : ਐਮ.ਟੀ.ਐਸ. ਬਰਨਾਲਾ ਵਿੱਚ ਨਰਸਰੀ ਤੋਂ ਦੂਜੀ ਕਲਾਸ ਤੱਕ ਦੇ ਵਿਦਿਆਰਥੀਆਂ ਲਈ ਰੁਚਿਕਰ ਕਲਾਸਰੂਮ ਗੀਡਿੰਗ ਗਤੀਵਿਧੀ ਕਰਵਾਈ ਗਈ। ਨਿੱਘੇ ਬੱਚਿਆਂ ਨੇ ਅਧਿਆਪਕਾਂ ਦੀ ਰਹਿਨੁਮਾਈ ਹੇਠ ਕਹਾਣੀ ਪੁਸਤਕਾਂ ਅਤੇ ਤਸਵੀਰੀ ਕਿਤਾਬਾਂ ਦਾ ਆਨੰਦ ਲਿਆ। ਇਸ ਗਤੀਵਿਧੀ ਨਾਲ ਉਨ੍ਹਾਂ ਦੀ ਸ਼ਬਦਾਵਲੀ, ਉਚਾਰਣ ਅਤੇ ਸੁਣਨ ਦੀ ਸਮਰੱਥਾ ਵਿੱਚ ਵਿਕਾਸ ਹੋਇਆ। ਬੱਚਿਆਂ ਨੇ ਆਤਮ ਵਿਸ਼ਵਾਸ ਨਾਲ ਪੜ੍ਹਨਾ ਸਿੱਖਿ

ਵਿਧਾਇਕ ਸਿੱਧੂ ਨੇ ਕਿਰਤੀ ਮਜ਼ਦੂਰ ਤੋਂ ਗੀਬਨ ਕਟਵਾਕੇ 'ਆਪ' ਦਫ਼ਤਰ ਦਾ ਕਰਵਾਇਆ ਉਦਘਾਟਨ

ਭਗਤਾ ਭਾਈ ਕਾ, 22 ਅਪ੍ਰੈਲ (ਸਵਰਨ ਸਿੰਘ ਭਗਤਾ): ਆਮ ਆਦਮੀ

ਪਾਰਟੀ ਵੱਲੋਂ ਹਲਕਾ ਰਾਮਪੁਰਾ ਫੂਲ ਦੇ ਭਗਤਾ ਭਾਈ ਵਿਖੇ ਬਰਨਾਲਾ ਰੋਡ ਤੇ ਪਾਰਟੀ ਦਫਤਰ ਦਾ ਉਦਘਾਟਨ ਬੇਮਿਸਾਲ ਜੋਸ਼ੋ-ਖਰੋਸ਼ ਨਾਲ ਕੀਤਾ ਗਿਆ। ਇਸ ਮੌਕੇ ਹਜ਼ਾਰਾਂ ਦੀ ਗਿਣਤੀ ਵਿੱਚ ਵਰਕਰ ਮੌਜੂਦ ਰਹੇ ਅਤੇ ਖਾਸ ਗੱਲ ਇਹ ਰਹੀ ਕਿ ਉਦਘਾਟਨ ਕਿਸੇ ਵੱਡੇ ਆਗੂ ਦੀ ਬਜਾਏ ਇੱਕ ਕਿਰਤੀ ਮਜ਼ਦਰ ਤੋਂ ਕਰਵਾਇਆ ਗਿਆ, ਜਿਸ ਰਾਹੀਂ ਮਿਹਨਤਕਸ਼ ਵਰਗ ਨੂੰ ਸਨਮਾਨ ਦਿੱਤਾ ਗਿਆ। ਇਸ ਮੌਕੇ ਸੰਬੋਧਨ ਕਰਦਿਆਂ ਹਲਕਾ ਵਿਧਾਇਕ ਬਲਕਾਰ ਸਿੰਘ ਸਿੱਧੂ ਨੇ ਕਿਹਾ ਕਿ ਆਮ ਆਦਮੀ ਪਾਰਟੀ ਹਮੇਸ਼ਾ ਹੱਕ-ਹਲਾਲ ਦੀ ਕਮਾਈ ਕਰਨ ਵਾਲੇ ਇਮਾਨਦਾਰ ਤੇ ਮਿਹਨਤੀ ਲੋਕਾਂ ਦੇ ਨਾਲ ਖੜੀ ਰਹੀ ਹੈ ਤੇ ਰਹੇਗੀ। ਉਨ੍ਹਾਂ ਨੇ ਮਿਹਨਤਕਸ਼ ਵਰਗ ਨੂੰ ਸਿਜਦਾ ਕਰਦਿਆਂ ਕਿਹਾ ਕਿ ਇਹੀ ਲੋਕ ਸਮਾਜ ਦੀ ਅਸਲ ਤਾਕਤ ਹਨ। ਉਨ੍ਹਾਂ ਆਪਣੇ ਭਾਸ਼ਣ ਵਿੱਚ ਸੂਬਾ ਸਰਕਾਰ ਵੱਲੋਂ ਕੀਤੇ ਗਏ ਲੋਕ-ਪੱਖੀ ਫੈਸਲਿਆਂ ਤੇ ਵਿਕਾਸ ਕਾਰਜਾਂ ਦੀ ਖੁੱਲ੍ਹ ਕੇ ਸ਼ਲਾਘਾ ਕੀਤੀ।ਉਨ੍ਹਾਂ ਦੱਸਿਆ ਕਿ ਔਰਤਾਂ ਲਈ "ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ" ਤਹਿਤ ਹਰ ਮਹੀਨੇ 1000-1500 ਰੁਪਏ ਦੀ ਆਰਥਿਕ ਸਹਾਇਤਾ ਦਿੱਤੀ ਜਾ ਰਹੀ ਹੈ, ਜਦਕਿ ਪਰਿਵਾਰਾਂ ਲਈ 10 ਲੱਖ ਰੁਪਏ ਤੱਕ ਮੁਫ਼ਤ ਇਲਾਜ ਦੀ ਸਹੂਲਤ ਵੀ ਮੁਹੱਈਆ ਕਰਵਾਈ ਗਈ ਹੈ। ਖੇਤੀਬਾੜੀ ਨੂੰ ਮਜ਼ਬੂਤ ਬਣਾਉਣ ਲਈ ਨਹਿਰੀ ਪਾਣੀ ਖੇਤਾਂ ਤੱਕ ਪਹੁੰਚਾਇਆ ਗਿਆ ਹੈ ਤੇ ਮੁਫ਼ਤ ਬਿਜਲੀ ਨਾਲ ਲੋਕਾਂ ਦੇ ਘਰਾਂ ਵਿੱਚ ਰੋਸ਼ਨੀ ਆਈ ਹੈ। ਹਲਕੇ ਵਿੱਚ ਸੜਕਾਂ ਅਤੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕੀਤਾ ਗਿਆ ਹੈ। ਇਸਦੇ ਨਾਲ ਹੀ ਬਜ਼ੁਰਗਾਂ ਲਈ ਮੁਫ਼ਤ ਤੀਰਥ ਯਾਤਰਾ, ਸਰਕਾਰੀ ਸਕੂਲਾਂ ਵਿੱਚ ਸੁਧਾਰ ਤੇ ਘਰ ਨੇੜੇ ਮੁਹੱਲਾ ਕਲੀਨਿਕਾਂ ਰਾਹੀਂ ਮੁਫ਼ਤ ਇਲਾਜ ਵਰਗੀਆਂ ਸਹੂਲਤਾਂ ਨੂੰ ਵੀ ਲੋਕਾਂ ਲਈ ਵੱਡੀ ਰਾਹਤ ਕਰਾਰ ਦਿੱਤਾ।

ਬਲਕਾਰ ਸਿੱਧੂ ਨੇ ਕਿਹਾ ਕਿ ਹਲਕੇ ਵਿੱਚ ਹੋ ਰਹੇ ਵਿਕਾਸ ਕਾਰਜਾਂ ਨਾਲ ਨਵੀਂ ਖੁਸ਼ਹਾਲੀ ਦੀ ਲਹਿਰ ਦਿਖਾਈ ਦੇ ਰਹੀ ਹੈ। ਉਨ੍ਹਾਂ ਨੇ ਬੇਅਦਬੀ ਰੋਕਣ ਲਈ ਬਣਾਏ ਗਏ ਸਖ਼ਤ ਕਾਨੂੰਨ ਦੀ ਵੀ ਚੁਫੇਰਿਓਂ ਹੋ ਰਹੀ ਸ਼ਲਾਘਾ ਦਾ ਜ਼ਿਕਰ ਕਰਦਿਆਂ ਵਿਰੋਧੀ ਪਾਰਟੀਆਂ 'ਤੇ ਤਿੱਖਾ ਹਮਲਾ ਕੀਤਾ। ਉਨ੍ਹਾਂ ਕਿਹਾ ਕਿ ਜਿਹੜੀਆਂ ਪਾਰਟੀਆਂ ਆਪਣੇ ਆਪ ਨੂੰ ਪੰਥਕ ਕਹਾਉਂਦੀਆਂ ਸਨ, ਉਹ ਇਸ ਮਸਲੇ 'ਤੇ ਚੁੱਪ ਕਿਉਂ ਹਨ। ਵਿਧਾਇਕ ਨੇ ਲੋਕਾਂ ਨੂੰ ਭਾਈਚਾਰਕ ਸਾਂਝ ਤੇ ਅਮਨ ਕਾਇਮ ਰੱਖਣ ਦੀ ਅਪੀਲ ਕੀਤੀ।ਵਿਧਾਇਕ ਬਲਕਾਰ ਸਿੱਧੂ ਨੇ ਕਿਹਾ ਕਿ ਇਲਾਕਾ ਵਾਸੀਆਂ ਦੀ ਸੇਵਾ ਲਈ ਇਹ ਦਫਤਰ ਹਰ ਵੇਲੇ ਖੁੱਲ੍ਹਾ ਰਹੇਗਾ, ਤੁਹਾਡੇ ਹਰ ਜਾਇਜ਼ ਕੰਮ ਲਈ ਅਸੀਂ ਹਮੇਸ਼ਾ ਹਾਜ਼ਰ ਹਾਂ। ਸਾਡਾ ਮਕਸਦ ਲੋਕਾਂ ਤੱਕ ਪਹੁੰਚ ਹੋਰ ਸੁਖਾਲੀ, ਤੇਜ਼ ਤੇ ਮਜ਼ਬੂਤ ਬਣਾਉਣਾ ਹੈ।ਲੋਕਾਂ ਦਾ ਪਿਆਰ ਤੇ ਭਰੋਸਾ ਹੀ ਸਾਡੀ ਸਭ ਤੋਂ ਵੱਡੀ ਤਾਕਤ ਹੈ।ਹਜ਼ਾਰਾਂ ਵਰਕਰਾਂ ਦੀ ਜੋਸ਼ ਭਰੀ ਸ਼ਮੂਲੀਅਤ ਇਸ ਗੱਲ ਦੀ ਪੱਕੀ ਗਵਾਹ ਹੈ ਕਿ 2027 ਵਿੱਚ ਫਿਰ ਤੋਂ ਮਾਨ ਸਰਕਾਰ ਬਣਨ ਜਾ ਰਹੀ ਹੈ।ਇਸ ਮੌਕੇ ਜਤਿੰਦਰ ਸਿੰਘ ਭੱਲਾ ਚੈਅਰਮੈਨ ਨਗਰ ਸਧਾਰ ਟਰੱਸਟ ਬਠਿੰਡਾ,ਬੇਅੰਤ ਸਿੰਘ ਚੇਅਰਮੈਨ ਮਾਰਕੀਟ ਕਮੇਟੀ ਭਗਤਾ, ਬੂਟਾ ਸਿੰਘ ਜਲਾਲ, ਬੂਟਾ ਸਿੰਘ ਪ੍ਰਧਾਨ ਨਗਰ ਪੰਚਾਇਤ ਕੋਠਾਗੁਰੂ, ਹਰਪ੍ਰੀਤ ਸਿੰਘ ਸਰਪੰਚ, ਰਾਜਵਿੰਦਰ ਸਿੰਘ ਭਗਤਾ, ਡਾਕਟਰ ਕੇਵਲ ਸਿੰਘ ਭਗਤਾ, ਜਗਸੀਰ ਪੰਨੂ, ਏਕਮ ਸਿੱਧੂ ਸੁਰੇਸ਼ ਕੁਮਾਰ ਕਾਲਾ ਸੇਤੀਆ, ਰਾਮਪਾਲ ਗਰਗ, ਸੰਜੀਵ ਕੁਮਾਰ ਬੰਟੀ, ਵਿਜੇ ਕੁਮਾਰ ਪੱਪੂ, ਰਾਕੇਸ ਕੁਮਾਰ ਅਰੋੜਾ, ਕੁਲਵਿੰਦਰ ਸਿੰਘ ਸਰਪੰਚ ਸੁਰਜੀਤ ਨਗਰ ਆਦਿ ਤੋਂ ਇਲਾਵਾ ਇਲਾਕੇ ਦੇ ਪਤਵੰਤੇ ਸੱਜਣ ਹਾਜ਼ਰ ਸਨ।

ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦਾ ਵਾਰਸ ਏ ਪੰਜਾਬ ਨਾਲ ਚੋਣ ਗਠਜੋੜ ਹੋਣਾ ਪੰਜਾਬ ਲਈ ਸ਼ੁਭ ਸੰਕੇਤ : ਪਰਮਿੰਦਰ ਢੀਂਡਸਾ

ਲਹਿਰਾਗਾਗਾ, 22 ਅਪ੍ਰੈਲ (ਗੁਰਦੀਪ ਸਿੰਘ): ਪੰਜਾਬ ਦੀਆਂ ਵਿਧਾਨ ਸਭਾ ਚੋਣਾਂ ਜਿਵੇਂ ਜਿਵੇਂ ਨੇੜੇ ਆ ਰਹੀਆਂ ਹਨ ਉਵੇਂ ਉਵੇਂ ਪੰਜਾਬ ਦੀ ਰਾਜਨੀਤੀ ਕਰਵਟ ਲੈਂਦੀ ਹੋਈ ਨਜ਼ਰ ਆ ਰਹੀ ਹੈ, ਜਿਸ ਦਾ ਅੰਦਾਜ਼ਾ ਸ਼੍ਰੋਮਣੀ ਅਕਾਲੀ ਦਲ ਪੁਨਰ ਸਰਜੀਤ ਤੇ ਸ਼੍ਰੋਮਣੀ ਅਕਾਲੀ ਦਲ ਵਾਰਿਸ ਏ ਪੰਜਾਬ ਵਿਚਕਾਰ ਚੋਣ ਗੱਠਜੋੜ ਦੀਆਂ ਸੰਭਾਵਨਾਵਾਂ ਤੋਂ ਸਹਿਜੇ ਹੀ ਲਗਾਇਆ ਜਾ ਸਕਦਾ ਹੈ, ਇਸ ਸਬੰਧੀ ਪਰਮਿੰਦਰ ਸਿੰਘ ਢੀਂਡਸਾ ਸਾਬਕਾ ਵਿੱਤ ਮੰਤਰੀ ਨੇ ਪੱਤਰਕਾਰ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਦੋਨੋਂ ਦਲਾਂ ਵਿਚਕਾਰ ਚੋਣ ਗਠਜੋੜ ਹੋਣਾ ਪੰਜਾਬ ਤੇ ਪੰਜਾਬੀਅਤ ਲਈ ਇੱਕ ਸ਼ੁਭ ਸੰਕੇਤ ਹੋਵੇਗਾ, ਕਿਉਂਕਿ ਪੰਜਾਬ ਦੇ ਲੋਕ ਉਮੀਦ ਭਰੀ ਨਜ਼ਰ ਨਾਲ ਦੇਖ ਰਹੇ ਹਨ ਕਿ ਕਦੋਂ ਪੰਥਕ ਧਿਰਾਂ ਇਕੱਠੀਆਂ ਹੋ ਕੇ ਪੰਜਾਬ ਦੀ ਕਮਾਨ ਸੰਭਾਲਣਗੀਆਂ, ਉਹਨਾਂ ਕਿਹਾ ਜੇਕਰ ਕੋਈ ਪੰਜਾਬ ਤੇ ਪੰਜਾਬੀਆਂ ਦੀ ਗੱਲ ਕਰ ਸਕਦਾ ਹੈ ਤਾਂ ਉਹ ਸਿਰਫ ਤੇ ਸਿਰਫ ਖੇਤਰੀ ਪਾਰਟੀ ਹੀ ਕਰ ਸਕਦੀ ਹੈ, ਜਿਸ ਦਾ ਜਿੰਮਾ ਇਹ ਦੋਨੋਂ ਦਲ ਲੈਣਗੇ ਅਤੇ ਪੰਜਾਬ ਦੀਆਂ ਹੱਕੀ ਮੰਗਾਂ ਲਈ ਆਵਾਜ਼ ਬੁਲੰਦ ਕਰਨਗੇ, ਢੀਂਡਸਾ ਨੇ ਅੱਗੇ ਗੱਲਬਾਤ ਕਰਦਿਆਂ

ਕਿਹਾ ਕਿ ਭਾਈ ਅੰਮ੍ਰਿਤਪਾਲ ਸਿੰਘ ਮੈਂਬਰ ਪਾਰਲੀਮੈਂਟ ਨੂੰ ਲੰਮੇ ਸਮੇਂ ਤੋਂ ਜੇਲ ਵਿੱਚ ਬੰਦ ਰੱਖਣਾ ਲੋਕਤੰਤਰ ਦਾ ਸਰਾਸਰ ਘਾਣ ਹੈ, ਉਹਨਾਂ ਕਿਹਾ ਕਿ ਸਾਡਾ ਮੁੱਖ ਏਜੰਡਾ ਪੰਥਕ ਧਿਰਾਂ ਨੂੰ ਇਕੱਠੀਆਂ ਕਰਕੇ ਪੰਜਾਬ ਦੀ ਲੜਾਈ ਨੂੰ ਸਿਖਰਾਂ ਤੱਕ ਲੈ ਕੇ ਜਾਣਾ ਹੈ, ਜਿਵੇਂ ਕਿ ਬੰਦੀ ਸਿੰਘਾ ਦੀ ਰਿਹਾਈ ,ਪੰਜਾਬੀ ਬੋਲਦੇ ਇਲਾਕੇ, ਚੰਡੀਗੜ੍ਹ ਤੇ ਪੰਜਾਬ ਨੂੰ ਲੈ ਕੇ ਦੇਣਾ , ਪਾਣੀਆਂ ਦੀ ਰਾਖੀ ਲਈ ਅਗਰ ਜੇਕਰ ਕੋਈ ਸੰਘਰਸ਼ ਕਰ ਸਕਦਾ ਹੈ ਉਹ ਪੰਜਾਬ ਦੀ ਖੇਤਰੀ ਪਾਰਟੀ ਹੀ ਕਰ ਸਕਦੀ ਹੈ, ਉਹਨਾਂ ਪਿਛਲੇ ਦਿਨੀ ਮੰਡੀਆਂ ਵਿੱਚ ਕਣਕ ਦੀ ਬੋਲੀ ਨੂੰ ਲੈ ਕੇ ਪੰਜਾਬ ਸਰਕਾਰ ਤੇ ਨਿਸ਼ਾਨਾਂ ਸਾਧਦਿਆ ਕਿਹਾ ਕਿ ਬਦਲਾਅ ਵਾਲੀ ਸਰਕਾਰ ਨੇ ਪੰਜਾਬ ਦਾ ਕਿਸਾਨ ਮੰਡੀਆਂ ਵਿੱਚ ਰੋਲ ਕੇ ਰੱਖ ਦਿੱਤਾ ਹੈ, 10 ,15 ਦਿਨ ਮੰਡੀਆਂ ਵਿੱਚ ਕਣਕ ਦੇ ਅੰਬਾਰ ਲੱਗੇ ਪਏ ਰਹੇ, ਪਰ ਸਰਕਾਰ ਦਾ ਇਸ ਪਾਸੇ ਵੱਲ ਕੋਈ ਧਿਆਨ ਨਹੀਂ ਗਿਆ, ਜਿਸ ਤੋਂ ਸਾਬਤ ਹੁੰਦਾ ਹੈ ਕਿ ਪੰਜਾਬ ਸਰਕਾਰ ਹਰ ਪਾਸੇ ਫੇਲ ਹੋਈ ਜਾਪਦੀ ਹੈ, ਇਸ ਸਮੇਂ ਉਹਨਾਂ ਨਾਲ ਰਾਮਪਾਲ ਸਿੰਘ ਬਹਿਣੀਵਾਲ ਜਿਲਾ ਪ੍ਰਧਾਨ, ਛੱਜੂ ਸਿੰਘ ਧਾਲੀਵਾਲ, ਗੁਰਸੰਤ ਸਿੰਘ ਭੁਟਾਲ, ਬਾਬਰਜੀਤ ਸਿੰਘ ਗਰੇਵਾਲ, ਚਮਕੌਰ ਸਿੰਘ ਬਾਦਲਗੜ੍ਹ, ਹਰਦੀਪ ਕੌਰ ਕਲੇਰ, ਸੰਜੇ ਸਿੰਗਲਾ, ਜਗਦੀਪ ਸਿੰਘ ਨੰਗਲਾ, ਗੁਲਜਾਰ ਸਿੰਘ ਭਾਈ ਕੀਪਸ਼ੌਰ ਮੌਜੂਦ ਸਨ।

ਵਿਆਹ ਦਾ ਝਾਂਸਾ ਦੇ ਕੇ ਜਬਰ ਜਨਾਹ ਕਰਨ ਵਾਲੇ ਵਿਰੁੱਧ ਮਾਮਲਾ ਦਰਜ

ਮਲੋਟ, 22 ਅਪ੍ਰੈਲ (ਅਮਨਦੀਪ ਸਿੰਘ ਮਹਿਰਾ): ਵਿਆਹ ਦਾ ਝਾਂਸਾ ਦੇ ਕੇ ਇਕ ਕੁੜੀ ਨਾਲ ਜਬਰ ਜਨਾਹ ਕਰਨ ਦੇ ਮਾਮਲੇ ਵਿੱਚ ਪੁਲਿਸ ਨੇ ਕਥਤ ਦੋਸ਼ੀ ਜੋ ਕਿ ਆਰਮੀ ਦਾ ਜਵਾਨ ਹੈ ਦੇ ਖ਼ਿਲਾਫ਼ ਮਾਮਲਾ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ। ਪੁਲਿਸ ਨੂੰ ਦਿੱਤੇ ਬਿਆਨ ਵਿੱਚ ਪੀੜਤਾ ਨੇ ਦੱਸਿਆ ਕਿ ਉਸਨੇ ਸਰਕਾਰੀ ਸਕੂਲ ਪਿੰਡ ਬਾਦਲ ਤੋਂ ਬਾਰ੍ਹਵੀਂ ਜਮਾਤ ਪਾਸ ਕੀਤੀ ਹੈ ਅਤੇ ਆਈਲੈਟਸ ਵੀ ਕੀਤੀ ਹੋਈ ਹੈ। ਉਸਦੇ ਨਾਲ ਕਲਾਸ ਵਿੱਚ ਗੁਰਜੰਟ ਸਿੰਘ ਪੁੱਤਰ ਗੁਰਦਾਸ ਸਿੰਘ ਵਾਸੀ ਪਿੰਡ ਸਿੰਘੇਵਾਲਾ ਵੀ ਪੜਦਾ ਸੀ। ਜਦੋਂ ਉਹ ਗਿਆਰ੍ਹਵੀਂ ਜਮਾਤ ਵਿੱਚ ਸੀ, ਉਸ ਸਮੇਂ ਗੁਰਜੰਟ ਸਿੰਘ ਨੇ ਉਸ ਨਾਲ ਫੋਨ 'ਤੇ ਗੱਲਬਾਤ ਕਰਨੀ ਸ਼ੁਰੂ ਕਰ ਦਿੱਤੀ। ਪੀੜਤਾ ਦੇ ਮੁਤਾਬਕ ਫਰਵਰੀ 2022 ਵਿੱਚ ਉਸਦੀ ਉਮਰ 18 ਸਾਲ ਤੋਂ ਘੱਟ ਸੀ। ਇਸ ਦੌਰਾਨ ਦੋਸ਼ੀ ਨੇ ਉਸਨੂੰ ਆਪਣੇ ਪ੍ਰੇਮ ਜਾਲ ਵਿੱਚ ਫਸਾ ਕੇ ਵਿਆਹ ਦਾ ਝਾਂਸਾ ਦਿੱਤਾ ਅਤੇ ਲਗਾਤਾਰ ਗੱਲਬਾਤ ਕਰਦਾ ਰਿਹਾ। ਗੱਲਾਂ ਵਿੱਚ ਆ ਕੇ ਉਸਦੇ ਕਹਿਣ 'ਤੇ ਪਿੰਡ ਤੋਂ ਬੱਸ ਰਾਹੀਂ ਬਠਿੰਡਾ ਚਲੀ ਗਈ। ਉੱਥੇ ਦੋਸ਼ੀ ਉਸਨੂੰ ਇਕ ਹੋਟਲ ਵਿੱਚ ਲੈ ਗਿਆ, ਜਿੱਥੇ ਉਸਨੇ ਪੀੜਤਾ ਦੀ ਮਰਜ਼ੀ ਤੋਂ ਬਿਨਾਂ ਉਸ ਨਾਲ ਜਬਰ ਜਨਾਹ ਕੀਤਾ। ਪੀੜਤਾ ਨੇ ਦੋਸ਼ ਲਗਾਇਆ ਕਿ ਇਸ ਤੋਂ ਬਾਅਦ ਵੀ ਦੋਸ਼ੀ ਵਿਆਹ ਦਾ ਝਾਂਸਾ ਦੇ ਕੇ ਉਸ ਨਾਲ ਵਾਰ-ਵਾਰ ਜਬਰ ਜਨਾਹ ਕਰਦਾ ਰਿਹਾ ਅਤੇ ਇਸ ਦੌਰਾਨ ਉਸਨੇ ਦੋਵਾਂ ਦੀਆਂ ਤਸਵੀਰਾਂ ਅਤੇ ਵੀਡੀਓ ਆਪਣੇ ਮੋਬਾਇਲ ਵਿੱਚ ਬਣਾਈਆਂ।

ਬਿਆਨ ਅਨੁਸਾਰ ਅਪ੍ਰੈਲ 2025 ਵਿੱਚ ਗੁਰਜੰਟ ਸਿੰਘ ਫੌਜ ਵਿੱਚ ਭਰਤੀ ਹੋ ਗਿਆ ਅਤੇ ਡਿਊਟੀ 'ਤੇ ਚਲਾ ਗਿਆ, ਪਰ ਇਸ ਤੋਂ ਬਾਅਦ ਵੀ ਉਹ ਜਦੋਂ ਵੀ ਆਉਂਦਾ ਤਾਂ ਪੀੜਤਾ ਨਾਲ ਸੰਬੰਧ ਬਣਾਉਂਦਾ ਰਿਹਾ। ਹੁਣ ਦੋਸ਼ੀ ਨੇ ਵਿਆਹ ਕਰਨ ਤੋਂ ਸਾਫ਼ ਇਨਕਾਰ ਕਰ ਦਿੱਤਾ ਹੈ। ਪੁਲਿਸ ਨੇ ਪੀੜਤਾ ਦੇ ਉਕਤ ਦਰਜ ਕਰਵਾਏ ਬਿਆਨ ਦੇ ਆਧਾਰ 'ਤੇ ਦੋਸ਼ੀ ਖ਼ਿਲਾਫ਼ ਮਾਮਲਾ ਦਰਜ ਕਰਕੇ ਜਾਂਚ ਸ਼ੁਰੂ ਕਰ ਦਿੱਤੀ ਹੈ।

ਮਾਨ ਸਰਕਾਰ ਪੰਜਾਬ ਵਿੱਚ ਬਿਹਤਰੀਨ ਸੜਕੀ ਨੈੱਟਵਰਕ ਰਾਹੀਂ ਆਵਾਜਾਈ ਨੂੰ ਬਣਾ ਰਹੀ ਹੈ ਸੁਰੱਖਿਅਤ: ਡਾ. ਜਵੰਧਾ

ਸੰਗਰੂਰ, 22 ਅਪ੍ਰੈਲ (ਹਰਕੰਵਲ ਸਿੰਘ ਹੈਪੀ) ਪੰਜਾਬ ਇਨਫੋਟੈਕ ਦੇ ਚੇਅਰਮੈਨ ਡਾ. ਗੁਨਿੰਦਰਜੀਤ ਸਿੰਘ ਮਿੰਕੂ ਜਵੰਧਾ ਨੇ ਅੱਜ ਇੱਕ ਬਿਆਨ ਜਾਰੀ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਸੂਬੇ ਦੇ ਸਰਵਪੱਖੀ ਵਿਕਾਸ ਲਈ ਵਚਨਬੱਧ ਹੈ।

ਉਨ੍ਹਾਂ ਕਿਹਾ ਕਿ 'ਮਾਨ ਸਰਕਾਰ' ਆਪਣੇ ਇਤਿਹਾਸਿਕ ਸੜਕੀ ਪ੍ਰੋਜੈਕਟ ਤਹਿਤ ਪੰਜਾਬ ਭਰ ਵਿੱਚ ਸ਼ਾਨਦਾਰ ਸੜਕਾਂ ਦਾ ਜਾਲ ਵਿਛਾ ਰਹੀ ਹੈ, ਤਾਂ ਜੋ ਆਮ ਲੋਕਾਂ ਦੀ ਆਵਾਜਾਈ ਨੂੰ ਸੁਖਾਲੀ ਤੇ ਸੁਰੱਖਿਅਤ ਬਣਾਇਆ ਜਾ ਸਕੇ। ਗੁਣਵੱਤਾ ਦੀ ਜਾਂਚ ਲਈ ਸੀ.ਐਮ ਫਲਾਇੰਗ ਸਕੁਐਡ ਸਰਗਰਮ ਡਾ. ਜਵੰਧਾ ਨੇ ਵਿਸ਼ੇਸ਼ ਤੌਰ 'ਤੇ ਜ਼ਿਕਰ ਕੀਤਾ ਕਿ ਸਰਕਾਰ ਕੇਵਲ ਸੜਕਾਂ ਬਣਾ ਹੀ ਨਹੀਂ ਰਹੀ, ਸਗੋਂ ਇਨ੍ਹਾਂ ਦੀ ਗੁਣਵੱਤਾ ਦਾ ਵੀ ਪੂਰਾ ਧਿਆਨ ਰੱਖਿਆ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਵਿਕਾਸ ਕਾਰਜਾਂ ਵਿੱਚ ਪਾਰਦਰਸ਼ਤਾ ਲਿਆਉਣ ਲਈ CM ਫਲਾਇੰਗ ਸਕੁਐਡ ਵੱਲੋਂ ਲਗਾਤਾਰ ਚੈਕਿੰਗ ਕੀਤੀ ਜਾ ਰਹੀ ਹੈ। ਹਾਲ ਹੀ ਵਿੱਚ ਫਲਾਇੰਗ ਸਕੁਐਡ ਦੀਆਂ ਟੀਮਾਂ ਨੇ ਵੱਖ-ਵੱਖ ਜ਼ਿਲ੍ਹਿਆਂ ਦੇ ਕਈ ਪਿੰਡਾਂ ਅਤੇ ਕਸਬਿਆਂ ਦਾ ਦੌਰਾ ਕਰਕੇ ਨਵੀਆਂ ਬਣੀਆਂ ਸੜਕਾਂ ਦੇ ਨਮੂਨੇ ਭਰੇ ਅਤੇ ਗੁਣਵੱਤਾ ਦੀ ਜਾਂਚ ਕੀਤੀ।

ਜਾਂਚ ਅਧੀਨ ਆਏ ਮੁੱਖ ਇਲਾਕੇ: ਹਰਦਾਸਾ, ਕਾਸੋਆਣਾ ਅਤੇ ਕੋਟਕਪੂਰਾ ਦਾ ਪ੍ਰਤਾਪ ਨਗਰ। ਸਤੀਆ ਵਾਲਾ, ਤਲਵੰਡੀ ਸਾਬੋ ਅਤੇ ਖੋਖਰ। ਲੀਲਾਂ, ਹਰਦਾਸਪੁਰਾ ਅਤੇ ਵਾੜਾ ਵਰਿਆਮ ਸਿੰਘ ਵਾਲਾ। ਕਿਲ੍ਹਾ ਲਾਲ ਸਿੰਘ, ਕਲਾਨੌਰ ਅਤੇ ਮੰਗਲ ਸੈਨ। ਚੇਅਰਮੈਨ ਨੇ ਕਿਹਾ ਕਿ ਸਰਕਾਰੀ ਪੈਸੇ ਦੀ ਦੁਰਵਰਤੋਂ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਉਨ੍ਹਾਂ ਸਪੱਸ਼ਟ ਕੀਤਾ ਕਿ ਜੇਕਰ ਕਿਸੇ ਵੀ ਸੜਕ ਦੇ ਨਿਰਮਾਣ ਵਿੱਚ ਕੋਈ ਘਾਟ ਪਾਈ ਜਾਂਦੀ ਹੈ ਜਾਂ ਮਾੜੀ ਸਮੱਗਰੀ ਦੀ ਵਰਤੋਂ ਸਾਹਮਣੇ ਆਉਂਦੀ ਹੈ, ਤਾਂ ਸਬੰਧਤ ਅਧਿਕਾਰੀਆਂ ਤੇ ਠੇਕੇਦਾਰਾਂ ਖ਼ਿਲਾਫ਼ ਸਖਤ ਕਾਰਵਾਈ ਕੀਤੀ ਜਾਵੇਗੀ। ਉਨਾਂ ਕਿਹਾ ਮਾਨ ਸਰਕਾਰ ਲੋਕਾਂ ਨੂੰ ਬਿਹਤਰੀਨ ਬੁਨਿਆਦੀ ਢਾਂਚਾ ਮੁਹੱਈਆ ਕਰਵਾਉਣ ਲਈ ਵਚਨਬੱਧ ਹੈ। ਸਾਡਾ ਮਕਸਦ ਪੰਜਾਬ ਦੀਆਂ ਸੜਕਾਂ ਨੂੰ ਹਾਦਸਾ-ਮੁਕਤ ਤੇ ਮਿਆਰੀ ਬਣਾਉਣਾ ਹੈ ਤਾਂ ਜੋ ਹਰ ਨਾਗਰਿਕ ਦਾ ਸਫ਼ਰ ਸੁਖਾਵਾਂ ਹੋਵੇ।" ਅਖੀਰ ਵਿੱਚ ਉਨ੍ਹਾਂ ਕਿਹਾ ਕਿ ਨਵੀਆਂ ਬਣੀਆਂ ਸੜਕਾਂ ਨਾਲ ਜਿੱਥੇ ਪੇਂਡੂ ਆਰਥਿਕਤਾ ਨੂੰ ਹੁਲਾਰਾ ਮਿਲੇਗਾ, ਉੱਥੇ ਹੀ ਸ਼ਹਿਰਾਂ ਨਾਲ ਸੰਪਰਕ ਵੀ ਮਜ਼ਬੂਤ ਹੋਵੇਗਾ। ਪੰਜਾਬ ਸਰਕਾਰ ਆਉਣ ਵਾਲੇ ਸਮੇਂ ਵਿੱਚ ਹੋਰ ਵੀ ਕਈ ਵੱਡੇ ਸੜਕੀ ਪ੍ਰੋਜੈਕਟਾਂ ਨੂੰ ਨੇਪਰੇ ਚਾੜ੍ਹਨ ਦੀ ਯੋਜਨਾ ਬਣਾ ਰਹੀ ਹੈ।

ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ 24 ਨੂੰ ਪੰਜਾਬ ਦੇ ਗਵਰਨਰ ਨੂੰ ਸੌਂਪੇਗੀ ਮੰਗ ਪੱਤਰ

ਸੰਗਰੂਰ 22 ਅਪ੍ਰੈਲ (ਹਰਕੰਵਲ ਸਿੰਘ ਹੈਪੀ) ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਜਿਲਾ ਸੰਗਰੂਰ ਦੀ ਮੀਟਿੰਗ ਅੱਜ ਜ਼ਿਲ੍ਹਾ ਸੰਗਰੂਰ ਅਧੀਨ ਪੈਂਦੇ ਹਲਕਾ ਸੁਨਾਮ ਦੇ ਗੁਰੂ ਘਰ ਸੱਚਖੰਡ ਸਾਹਿਬ ਵਿਖੇ ਜਿਲਾ ਪ੍ਰਧਾਨ ਅਮਰੀਕ ਸਿੰਘ ਗੰਢੂਆ ਤੇ ਜਿਲਾ ਜਨਰਲ ਸਕੱਤਰ ਦਰਬਾਰਾ ਸਿੰਘ ਛਾਜਲਾ ਦੀ ਅਗਵਾਈ ਵਿੱਚ ਹੋਈ ਜਿਸ ਵਿੱਚ ਸ਼ੂਬੇ ਦੇ ਪ੍ਰਚਾਰ ਸਕੱਤਰ ਜਗਤਾਰ ਸਿੰਘ ਕਾਲਾਝਾੜ ਵਿਸ਼ੇਸ਼ ਤੌਰ ਤੇ ਹਾਜ਼ਰ ਰਹੇ। ਇਸ ਮੌਕੇ ਜੱਥੇਬੰਦੀ ਵੱਲੋਂ ਫੰਡਾ ਸਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ ਤੇ ਫੰਡ ਇਕੱਠਾ ਕਰਨ ਨੂੰ ਕਿਹਾ ਗਿਆ। ਕਿਸਾਨ ਆਗੂਆਂ ਨੇ ਕਿਹਾ ਕਿ ਪਿਛਲੇ ਦਿਨੀ ਜਮਹੂਰ

ਪਟਿਆਲਾ-ਆਸ/ਪਾਸ

ਡਿਪਟੀ ਕਮਿਸ਼ਨਰ ਵੱਲੋਂ ਹੜ੍ਹਾਂ ਤੋਂ ਬਚਾਅ ਲਈ ਤਿਆਰੀਆਂ ਤੇ ਸੰਵੇਦਨਸ਼ੀਲ ਖੇਤਰਾਂ ਦਾ ਮੁਲਾਂਕਣ

➢ਹੜ੍ਹ ਸੁਰੱਖਿਆ ਕਾਰਜ ਮੁਕੰਮਲ ਕਰਨ ਲਈ ਤੈਅ ਸਮਾਂ-ਸੀਮਾ 'ਚ ਕੁਤਾਹੀ ਬਰਦਾਸ਼ਤ ਨਹੀਂ : ਡਾ. ਹਿਮਾਂਸ਼ੂ ਅਗਰਵਾਲ

ਪਟਿਆਲਾ, 22 ਅਪ੍ਰੈਲ (ਰੁਪਾਣਾ) : ਪਟਿਆਲਾ ਦੇ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਜ਼ਿਲ੍ਹੇ ਅੰਦਰ ਹੜ੍ਹ ਸੁਰੱਖਿਆ ਕਾਰਜਾਂ ਦਾ ਮੁਲਾਂਕਣ ਕਰਦਿਆਂ ਮੌਨਸੂਨ ਸੀਜ਼ਨ ਲਈ ਤਿਆਰੀਆਂ ਦਾ ਵਿਸਤ੍ਰਿਤ ਜਾਇਜ਼ਾ ਲਿਆ।ਉਨ੍ਹਾਂ ਨੇ ਸਾਰੇ ਸਬੰਧਤ ਵਿਭਾਗਾਂ ਨੂੰ ਚੱਲ ਰਹੇ ਪ੍ਰੋਜੈਕਟ ਸਮੇਂ ਸਿਰ ਪੂਰਾ ਕਰਨ ਨੂੰ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ। ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ, ਡਿਪਟੀ ਕਮਿਸ਼ਨਰ ਨੇ ਘੱਗਰ ਨਦੀ ਸਮੇਤ ਹੋਰ ਨਦੀਆਂ, ਨਾਲਿਆਂ ਵਿੱਚ ਪਿਛਲੇ ਸਾਲਾਂ ਦੌਰਾਨ ਆਏ ਪਾਣੀ ਕਾਰਨ ਪਏ ਪਾੜਾਂ ਸਮੇਤ ਨੀਵੇਂ ਇਲਾਕਿਆਂ ਵਿੱਚ ਪਾਣੀ ਭਰਨ ਦੀ ਡੂੰਘਾਈ ਨਾਲ ਸਮਝ ਦੀ ਲੋੜ 'ਤੇ ਜ਼ੋਰ ਦਿੱਤਾ। ਅਗਲੇ ਕੁਝ ਮਹੀਨਿਆਂ ਲਈ ਹੜ੍ਹ ਰੋਕੂ ਕਾਰਜਾਂ ਨੂੰ ਤਰਜੀਹੀ ਕੰਮ ਵਜੋਂ ਨਿਰਧਾਰਤ ਕਰਦਿਆਂ ਉਨ੍ਹਾਂ ਕਿਹਾ ਕਿ ਹੜ੍ਹਾਂ ਤੋਂ ਬਚਾਅ ਲਈ ਸਾਰੀਆਂ ਤਿਆਰੀਆਂ ਸਮੇਂ ਸਿਰ ਮੁਕੰਮਲ ਕੀਤੀਆਂ ਜਾਣ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਨਿਰਧਾਰਤ ਸਮਾਂ-ਸੀਮਾ ਦੇ ਅੰਦਰ ਹੜ੍ਹ ਸੁਰੱਖਿਆ ਕਾਰਜਾਂ ਨੂੰ ਪੂਰਾ ਕਰਨ ਵਿੱਚ ਕਿਸੇ ਵੀ ਦੇਰੀ ਜਾਂ ਲਾਪਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ ਅਤੇ ਸਬੰਧਤ ਅਧਿਕਾਰੀਆਂ ਵਿਰੁੱਧ ਸਖ਼ਤ ਕਾਰਵਾਈ ਹੋਵੇਗੀ। ਡਾ. ਹਿਮਾਂਸ਼ੂ ਅਗਰਵਾਲ ਨੇ ਡਰੇਨੇਜ ਵਿਭਾਗ ਨੂੰ ਚੱਲ ਰਹੇ ਸਾਰੇ ਹੜ੍ਹ ਸੁਰੱਖਿਆ ਕਾਰਜ ਜੂਨ ਦੇ ਅੰਤ ਤੱਕ ਮੁਕੰਮਲ ਕਰਨ ਦੇ ਨਿਰਦੇਸ਼ ਦਿੱਤੇ। ਸ਼ਹਿਰ ਅੰਦਰ ਹੜ੍ਹਾਂ ਬਾਬਤ ਸਮੀਖਿਆ ਕਰਦਿਆਂ ਉਨ੍ਹਾਂ ਨਗਰ ਨਿਗਮ ਦੇ ਅਧਿਕਾਰੀਆਂ ਨੂੰ ਮਾਨਸੂਨ ਸੀਜ਼ਨ ਸ਼ੁਰੂ ਹੋਣ ਤੋਂ ਪਹਿਲਾਂ ਸ਼ਹਿਰ ਵਿੱਚ ਜੈਕਬ ਅਤੇ ਮਾਡਲ ਟਾਊਨ ਡਰੇਨਾਂ ਸਮੇਤ ਸਾਰੀਆਂ ਸੀਵਰ ਲਾਈਨਾਂ ਦੀ ਸਫਾਈ ਨੂੰ ਸਮੇਂ ਸਿਰ ਮੁਕੰਮਲ ਕਰਵਾਉਣਾ ਯਕੀਨੀ ਬਣਾਉਣ ਦੇ ਵੀ ਨਿਰਦੇਸ਼ ਦਿੱਤੇ। ਡਿਪਟੀ ਕਮਿਸ਼ਨਰ ਨੇ ਘੱਗਰ ਦੇ ਬੰਨ੍ਹ ਮਜ਼ਬੂਤ ਕਰਨ ਤੋਂ ਇਲਾਵਾ ਵੱਡੀ ਨਦੀ ਅਤੇ ਛੋਟੀ ਨਦੀ ਸਮੇਤ ਨਾਲਿਆਂ ਦੀ ਸਫਾਈ ਦੇ ਕੰਮਾਂ ਦੀ ਸਮੀਖਿਆ ਕਰਦਿਆਂ ਸਾਲ 2019, 2023 ਅਤੇ 2025 ਵਿੱਚ, ਹੜ੍ਹਾਂ ਸਮੇਤ ਖਾਸ ਕਰਕੇ ਨੀਵੇਂ ਇਲਾਕਿਆਂ ਵਿੱਚ ਪਾਣੀ ਭਰਨ ਦੀ ਸਥਿਤੀ ਬਾਰੇ ਵਿਸਤ੍ਰਿਤ ਰਿਪੋਰਟ ਮੰਗੀ। ਉਨ੍ਹਾਂ ਕਿਹਾ ਕਿ ਉਹ ਚੱਲ ਰਹੇ ਕੰਮਾਂ ਦਾ ਖੁਦ ਨਿਰੀਖਣ ਕਰਨਗੇ ਅਤੇ ਕਿਸੇ ਵੀ ਤਰ੍ਹਾਂ ਦੀ ਲਾਪਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਡਿਪਟੀ ਕਮਿਸ਼ਨਰ ਨੇ ਮੁੱਖ ਥਾਵਾਂ 'ਤੇ ਚੱਲ ਰਹੇ ਹੜ੍ਹ ਸੁਰੱਖਿਆ ਉਪਾਵਾਂ ਦੀ ਵੀ ਸਮੀਖਿਆ ਕੀਤੀ, ਜਿਸ ਵਿੱਚ ਸਰਾਲਾ ਹੈੱਡ ਵਿਖੇ ਘੱਗਰ ਵਿੱਚੋਂ ਮਿੱਟੀ ਕੱਢਣ ਦਾ ਕੰਮ, ਪਿੰਡ ਮਾੜੂ ਵਿਖੇ ਘੱਗਰ ਦੇ ਕੰਢਿਆਂ 'ਤੇ ਪੱਥਰ ਲਗਾ ਕੇ ਮਜ਼ਬੂਤ ਕਰਨ ਅਤੇ ਹਰਿਆਣਾ ਸਿੰਚਾਈ ਵਿਭਾਗ ਵੱਲੋਂ ਹਾਂਸੀ-ਬੁਟਾਣਾ ਨਹਿਰ ਦੇ ਸਾਈਫਨਾਂ ਹੇਠੋਂ ਮਿੱਟੀ ਕੱਢਣਾ ਸ਼ਾਮਲ ਹੈ। ਉਨ੍ਹਾਂ ਨੇ ਪੀਐਸਪੀਸੀਐਲ ਅਤੇ ਫੂਡ ਸਪਲਾਈ ਸਮੇਤ ਹੋਰ ਵਿਭਾਗਾਂ ਨੂੰ ਹੜ੍ਹਾਂ ਦੌਰਾਨ ਪ੍ਰਭਾਵਿਤ ਹੋਣ ਵਾਲੇ ਪਾਵਰ ਸਟੇਸ਼ਨਾਂ, ਗੁਦਾਮਾਂ ਅਤੇ ਹੋਰ ਬੁਨਿਆਦੀ ਢਾਂਚਿਆਂ ਦੀ ਸੂਚੀ ਮੁਹੱਈਆ ਕਰਵਾਉਣ ਤੇ ਇਨ੍ਹਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਬਾਰੇ ਡੇਟਾ ਪ੍ਰਦਾਨ ਕਰਨ ਦੇ ਨਿਰਦੇਸ਼ ਦਿੱਤੇ। ਬੈਠਕ ਮੌਕੇ ਏ ਡੀ ਸੀ (ਦਿਹਾਤੀ ਵਿਕਾਸ) ਦਮਨਜੀਤ ਸਿੰਘ ਮਾਨ, ਏ ਡੀ ਸੀ (ਸ਼ਹਿਰੀ ਵਿਕਾਸ) ਨਵਰੀਤ ਕੌਰ ਸੇਖੋਂ, ਐਸਡੀਐਮਜ ਨਮਨ ਮਰਕਨ, ਰਿਚਾ ਗੋਇਲ, ਏਪੀਐਸ ਸੋਮਲ ਅਤੇ ਹਰਜੋਤ ਕੌਰ ਮਾਵੀ, ਡੀਆਰਓ ਹਰਸਿਮਰਨ ਸਿੰਘ, ਡਰੇਨੇਜ ਵਿਭਾਗ ਦੇ ਕਾਰਜਕਾਰੀ ਇੰਜੀਨੀਅਰ ਆਕਾਸ਼ ਅਗਰਵਾਲ ਸਮੇਤ ਹੋਰ ਅਧਿਕਾਰੀ ਮੌਜੂਦ ਸਨ।

ਨਾਬਾਲਿਗ ਲੜਕੀ ਨੂੰ ਵਰਗਲਾ ਕੇ ਲਿਜਾਣ ਵਾਲੇ ਨੌਜਵਾਨ ਖ਼ਿਲਾਫ਼ ਮਾਮਲਾ ਦਰਜ

ਲੜਕੀ ਆਪਣੇ ਨਾਲ ਸੋਨੇ ਦੇ ਗਹਿਣੇ ਤੇ ਨਕਦੀ ਵੀ ਲੈ ਗਈ

ਸਮਾਣਾ, 22 ਅਪ੍ਰੈਲ (ਵਿਜੇ ਕੁਮਾਰ) : ਇੱਕ ਨਾਬਾਲਿਗ ਲੜਕੀ ਨੂੰ ਵਿਆਹ ਦਾ ਝਾਂਸਾ ਦੇ ਕੇ ਸੋਨੇ ਦੇ ਗਹਿਣੇ ਅਤੇ ਨਕਦੀ ਸਮੇਤ ਘਰੋਂ ਵਰਗਲਾ ਕੇ ਲਿਜਾਣ ਦੇ ਮਾਮਲੇ ਵਿੱਚ ਸਦਰ ਪੁਲਿਸ ਨੇ ਪਿੰਡ ਕਕਰਾਲਾ ਦੇ ਨਿਵਾਸੀ ਕਰਨਵੀਰ ਸ਼ਰਮਾ ਖਿਲਾਫ਼ ਮਾਮਲਾ ਦਰਜ ਕੀਤਾ ਹੈ। ਮਵੀਕਲਾਂ ਪੁਲਿਸ ਚੌਕੀ ਦੇ ਇੰਚਾਰਜ ਕੁਲਦੀਪ ਸਿੰਘ ਨੇ ਦੱਸਿਆ ਕਿ ਲੜਕੀ ਦੇ ਪਿਤਾ ਵੱਲੋਂ ਪੁਲਿਸ ਨੂੰ ਦਿੱਤੀ ਸ਼ਿਕਾਇਤ ਅਨੁਸਾਰ, 19 ਅਪ੍ਰੈਲ ਨੂੰ ਉਹ ਆਪਣੇ ਪਰਿਵਾਰ ਸਮੇਤ ਰਿਸ਼ਤੇਦਾਰਾਂ ਦੇ ਘਰ ਗਏ ਸਨ ਅਤੇ ਘਰ ਵਿੱਚ ਉਨ੍ਹਾਂ ਦੀ 17 ਸਾਲਾ ਬੇਟੀ, ਜੋ ਸਕੂਲ ਵਿੱਚ ਪੜ੍ਹਦੀ ਹੈ, ਇਕੱਲੀ ਸੀ। ਸ਼ਾਮ 7 ਵਜੇ ਜਦੋਂ ਉਹ ਵਾਪਸ ਆਏ ਤਾਂ ਉਨ੍ਹਾਂ ਦੇਖਿਆ ਕਿ ਉਨ੍ਹਾਂ ਦੀ ਬੇਟੀ ਘਰ ਵਿੱਚ ਨਹੀਂ ਸੀ। ਕਾਫੀ ਭਾਲ ਕਰਨ ਤੋਂ ਬਾਅਦ ਪਤਾ ਲੱਗਾ ਕਿ ਦੋਸ਼ੀ ਨੌਜਵਾਨ ਉਨ੍ਹਾਂ ਦੀ ਬੇਟੀ ਨੂੰ ਵਰਗਲਾ ਕੇ ਵਿਆਹ ਦਾ ਝਾਂਸਾ ਦੇ ਕੇ ਘਰੋਂ ਭਜਾ ਕੇ ਲੈ ਗਿਆ ਹੈ। ਜਾਂਦੇ ਸਮੇਂ ਲੜਕੀ ਘਰੋਂ ਸੋਨੇ ਦੇ ਗਹਿਣੇ ਅਤੇ 8,000 ਰੁਪਏ ਦੀ ਨਕਦੀ ਵੀ ਨਾਲ ਲੈ ਗਈ ਹੈ। ਅਧਿਕਾਰੀ ਅਨੁਸਾਰ ਪੁਲਿਸ ਨੇ ਦੋਸ਼ੀ ਨੌਜਵਾਨ ਖਿਲਾਫ਼ ਮਾਮਲਾ ਦਰਜ ਕਰਕੇ ਸੀ.ਸੀ.ਟੀ.ਵੀ. ਕੈਮਰੇ, ਮੋਬਾਈਲ ਫੋਨ ਅਤੇ ਹੋਰ ਤਕਨੀਕੀ ਸਾਧਨਾਂ ਰਾਹੀਂ ਲੜਕੀ ਅਤੇ ਦੋਸ਼ੀ ਨੌਜਵਾਨ ਦੀ ਭਾਲ ਸ਼ੁਰੂ ਕਰ ਦਿੱਤੀ ਹੈ।

ਪੰਜਾਬ ਦੇ ਲੋਕ ਦੁਬਾਰਾ ਤੋਂ ਅਕਾਲੀ ਦਲ ਦੀ ਸਰਕਾਰ ਦੇਖਣ ਦੇ ਇੱਛੁਕ : ਜਗਮੀਤ ਸਿੰਘ ਹਰਿਆਊ

ਬਲਬੇੜਾ/ਡਕਾਲਾ, 22 ਅਪ੍ਰੈਲ (ਗੁਰਸੇਵਕ ਸਿੰਘ ਕਰਹਾਲੀ ਸਾਹਿਬ) : ਵਿਧਾਨ ਸਭਾ ਹਲਕੇ ਸਮਾਣੇ ਦੇ ਹਲਕਾ ਇੰਚਾਰਜ ਜਗਮੀਤ ਸਿੰਘ ਸਰਕਲ ਰਾਮ ਨਗਰ ਦੀ ਇੱਕ ਜ਼ਰੂਰੀ ਮੀਟਿੰਗ ਜਥੇਦਾਰ ਭੁਪਿੰਦਰ ਸਿੰਘ ਘਿਓਰਾ ਸਰਕਲ ਪ੍ਰਧਾਨ ਰਾਮ ਨਗਰ ਤੇ ਮਲਕੀਤ ਸਿੰਘ ਚੀਮਾ ਕੌਮੀ ਜਨਰਲ ਸਕੱਤਰ ਯੂਥ ਅਕਾਲੀ ਦਲ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਅਕਾਲੀ ਦਲ ਦੇ ਹਲਕਾ ਇੰਚਾਰਜ ਸਮਾਣਾ ਜਗਮੀਤ ਸਿੰਘ ਹਰਿਆਊ ਜ਼ਿਲ੍ਹਾ ਪ੍ਰਧਾਨ ਅਕਾਲੀ ਦਲ ਪਟਿਆਲਾ ਨੇ 2027 ਵਿੱਚ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਬਣਾਉਣ ਸਬੰਧੀ ਪਾਰਟੀ ਵਰਕਰਾਂ ਨਾਲ ਵਿਚਾਰ ਚਰਚਾ ਕੀਤੀ। ਉਪਰੰਤ ਪ੍ਰੈਸ ਨੋਟ ਜਾਰੀ ਕਰਦਿਆਂ ਹਲਕਾ ਇੰਚਾਰਜ ਜਗਮੀਤ ਸਿੰਘ ਹਰਿਆਊ ਨੇ ਕਿਹਾ ਕਿ ਪੰਜਾਬ 'ਚ ਸ਼੍ਰੋਮਣੀ ਅਕਾਲੀ ਦਲ ਦੇ ਰਾਜ ਨੂੰ ਯਾਦ ਕਰਕੇ ਪੰਜਾਬ ਦੇ ਸਾਬਕਾ ਮੁੱਖ ਮੰਤਰੀ ਪ੍ਰਕਾਸ਼ ਸਿੰਘ ਬਾਦਲ ਦੀਆਂ ਪੰਜਾਬ ਪ੍ਰਤੀ ਵਿਕਾਸ ਦੀਆਂ ਨੀਤੀਆਂ ਨੂੰ ਯਾਦ ਕਰਦੇ ਹੋਏ ਦੁਬਾਰਾ ਤੋਂ ਪੰਜਾਬੀ ਸੂਬੇ 'ਚ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਦੇਖਣਾ ਚਾਹੁੰਦੇ ਹਨ। ਇਸ ਮੌਕੇ ਕਸ਼ਮੀਰ ਸਿੰਘ ਸਰਪੰਚ, ਹਰਮਨ ਬੱਲ, ਹਰਦਮ ਸਿੰਘ ਬੀਬੀਪੁਰ, ਗੁਰਪ੍ਰੀਤ ਵੜੈਚ, ਨਸੀਬ ਸਰਪੰਚ, ਹਰਦੀਪ ਸਿੰਘ ਚੀਮਾ, ਸੋਨੂ ਰੰਧਾਵਾ, ਹੁਸ਼ਿਆਰ ਸਿੰਘ ਚੀਮਾ ਮੈਂਬਰ ਬਲਾਕ ਸੰਮਤੀ, ਨਿਸ਼ਾਨ ਸਿੰਘ ਸੰਧੂ, ਅਮਰਜੀਤ ਸਿੰਘ ਗਰਾਇਆ, ਅਮਰਜੀਤ ਸਿੰਘ ਟੋਡਰਪੁਰ ਸਾਬਕਾ ਚੇਅਰਮੈਨ, ਬਲਜਿੰਦਰ ਸਿੰਘ ਬੱਲੀ ਕੌਮੀ ਜਨਰਲ ਸਕੱਤਰ ਯੂਥ ਅਕਾਲੀ ਦਲ, ਵਰਿੰਦਰ ਸਿੰਘ, ਗੁਰਤੇਜ ਸਿੰਘ ਘੁਮਾਣ, ਗੁਰਵਿੰਦਰ ਸਿੰਘ, ਗੁਰਸੇਵਕ ਸਿੰਘ, ਬਾਬਰ ਸਿੰਘ ਸਰਪੰਚ, ਰਾਜਵਿੰਦਰ ਸਿੰਘ ਰਾਜੂ, ਚਰਨਜੀਤ ਸਿੰਘ, ਸਰਪੰਚ ਗੁਰਜਿੰਦਰ ਸਿੰਘ ਚਤਹਿਰਾ, ਜਿੰਦਾ ਸਸਾ ਗੁਜਰਾ, ਅਜੈਬ ਸਿੰਘ ਮੱਲੀ ਦਫਤਰ ਇੰਚਾਰਜ ਸਮਾਣਾ ਆਦਿ ਹਾਜ਼ਰ ਸਨ।

ਨਵ-ਨਿਯੁਕਤ ਡੀ.ਸੀ. ਹਿਮਾਂਸ਼ੂ ਅਗਰਵਾਲ ਦਾ ਸਵਾਗਤ

ਪਟਿਆਲਾ, 22 ਅਪ੍ਰੈਲ (ਚ.ਨ.ਸ.) : ਸੇਂਟ ਜੌਨ ਐਂਬੂਲੈਂਸ ਬ੍ਰਿਗੇਡ ਦੇ ਅਧਿਕਾਰੀਆਂ ਅਤੇ ਮੈਂਬਰਾਂ ਵੱਲੋਂ ਅੱਜ ਡਿਪਟੀ ਕਮਿਸ਼ਨਰ ਸ਼੍ਰੀ ਹਿਮਾਂਸ਼ੂ ਅਗਰਵਾਲ ਨਾਲ ਵਿਸ਼ੇਸ਼ ਮੁਲਾਕਾਤ ਕੀਤੀ ਗਈ ਅਤੇ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ ਗਿਆ।ਇਸ ਮੌਕੇ ਬ੍ਰਿਗੇਡ ਦੇ ਵਫ਼ਦ ਨੇ ਡਿਪਟੀ ਕਮਿਸ਼ਨਰ ਨੂੰ ਆਇਆਂ ਕਹਿੰਦਿਆਂ ਰੈੱਡ ਕਰਾਸ ਤੇ ਫਸਟ ਏਡ ਦੀਆਂ ਗਤੀਵਿਧੀਆਂ ਬਾਰੇ ਜਾਣੂੰ ਕਰਵਾਇਆ।ਇਸ ਮੌਕੇ ਐਚ. ਐਸ. ਕਰੀਰ ਰਾਸ਼ਟਰਪਤੀ ਪੁਰਸਕਾਰ ਪ੍ਰਾਪਤ ਸਹਾਇਕ ਕਮਿਸ਼ਨਰ (ਸੇਂਟ ਜੌਨ), ਕੇ.ਕੇ.ਬਾਂਸਲ ਸੇਵਾ ਮੈਡੀਕਲ ਡਿਵੀਜ਼ਨਲ ਕਮਾਂਡਰ, ਆਰ.ਐਸ.ਮਾਨ ਐਂਬੂਲੈਂਸ ਅਫਸਰ-ਕਮ-ਲੈਕਚਰਰ, ਧਰਮ ਪਾਲ ਕਾਰਪੋਰਲ, ਬਲਬੀਰ ਸਿੰਘ ਕਾਰਪੋਰਲ ਸ਼ਾਮਿਲ ਸਨ। ਮੁਲਾਕਾਤ ਦੌਰਾਨ ਡਿਪਟੀ ਕਮਿਸ਼ਨਰ ਨੇ ਸੇਂਟ ਜੌਨ ਐਂਬੂਲੈਂਸ ਬ੍ਰਿਗੇਡ ਵੱਲੋਂ ਮਾਨਵਤਾ ਦੀ ਸੇਵਾ ਲਈ ਕੀਤੇ ਜਾ ਰਹੇ ਕਾਰਜਾਂ ਦੀ ਸ਼ਲਾਘਾ ਕੀਤੀ।

ਪੰਜਾਬ ਸਟੇਟ ਓਪਨ ਯੂਨੀਵਰਸਿਟੀ ਵੱਲੋਂ ਵਿਸ਼ਵ ਧਰਤੀ ਦਿਵਸ ਮੌਕੇ ਬੂਟੇ ਲਗਾਉਣ ਦੀ ਮੁਹਿੰਮ ਦੀ ਸ਼ੁਰੂਆਤ

ਪਟਿਆਲਾ, 22 ਅਪ੍ਰੈਲ (ਚ.ਨ.ਸ.) : ਜਗਤ ਗੁਰੂ ਨਾਨਕ ਦੇਵ ਪੰਜਾਬ ਸਟੇਟ ਓਪਨ ਯੂਨੀਵਰਸਿਟੀ, ਪਟਿਆਲਾ ਦੇ ਮਾਨਯੋਗ ਵਾਈਸ ਚਾਂਸਲਰ ਪ੍ਰੋ: ਰਤਨ ਸਿੰਘ ਵੱਲੋਂ ਅੱਜ ਵਿਸ਼ਵ ਧਰਤੀ ਦਿਵਸ ਮੌਕੇ ਵਾਤਾਵਰਨ ਦੀ ਸਾਂਭ-ਸਭਾਲ ਲਈ ਬੂਟੇ ਲਗਾਉਣ ਦੀ ਮੁਹਿੰਮ ਦਾ ਆਯੋਜਨ ਕੀਤਾ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਮੁੱਖ ਮਹਿਮਾਨ ਵੱਜੋਂ ਪ੍ਰੋ: ਦਲੀਪ ਯੂ.ਕੇ ਵਾਈਸ ਚਾਂਸਲਰ ਨੈਸ਼ਨਲ ਲਾਅ ਯੂਨੀਵਰਸਿਟੀ ਮਹਾਰਾਸਟਰ, ਮੁੰਬਈ ਉਚੇਚੇ ਤੌਰ 'ਤੇ ਯੂਨੀਵਰਸਿਟੀ ਵਿਖੇ ਪੁਹੰਚੇ ਅਤੇ ਇਸ ਸੁਚੱਜੇ ਕਾਰਜ ਦੀ ਸ਼ੁਰੂਆਤ ਦੇ ਵਿੱਚ ਆਪਣਾ ਵਿਸ਼ੇਸ ਯੋਗਦਾਨ ਪ੍ਰਦਾਨ ਕੀਤਾ। ਇਸ ਮੌਕੇ ਵਾਈਸ ਚਾਂਸਲਰ ਸਾਹਿਬ ਨੇ ਆਪਣੇ ਸੰਬੋਧਨ ਦੌਰਾਨ ਗੁਰੂ ਨਾਨਕ ਪਾਤਸ਼ਾਹ ਦੇ ਸਿਧਾਂਤ ਮਾਤਾ ਧਰਤਿ ਮਹਤੁ ਦੇ ਸਿਧਾਂਤ ਉਪਰ ਚਲਦਿਆ ਹੋਇਆ ਧਰਤੀ ਨੂੰ ਮਾਂ ਦੇ ਸਮਾਨ ਸਤਿਕਾਰ ਕਰਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਪ੍ਰੋ: ਰਤਨ ਸਿੰਘ ਨੇ ਵਿਸ਼ੇਸ ਤੌਰ 'ਤੇ ਪਹੁੰਚੇ ਹੋਏ ਪ੍ਰੋ: ਦਲੀਪ ਯੂ.ਕੇ. ਦਾ ਸਨਮਾਨ ਪੰਜਾਬ ਦੀ ਪ੍ਰੰਪਰਾ ਅਨੁਸਾਰ ਕੀਤਾ। ਇਸ ਮੌਕੇ ਉੱਪਰ ਵਾਈਸ ਚਾਂਸਲਰ ਸਾਹਿਬ ਤੋਂ ਇਲਾਵਾ ਰਜਿਸਟਰਾਰ ਪ੍ਰੋ: ਬਲਜੀਤ ਸਿੰਘ ਖਹਿਰਾ, ਡਾਇਰਕੈਟਰ CIAQ ਡਾ. ਕੁਲਦੀਪ ਵਾਲੀਆ, ਡੀਨ ਰੀਸਰਚ ਡਾ. ਨਵਲੀਨ ਮੁਲਤਾਨੀ ਅਤੇ ਯੂਨੀਵਰਸਿਟੀ ਦੇ ਹੋਰ ਸਮੂਹ ਅਧਿਕਾਰੀ ਅਤੇ ਕਰਮਚਾਰੀ ਮੌਜੂਦ ਸਨ।

ਨਸ਼ੇ ਦਾ ਸੇਵਨ ਕਰਨ 'ਤੇ ਮਾਮਲਾ ਦਰਜ

ਪਟਿਆਲਾ, 22 ਅਪ੍ਰੈਲ (ਵਿਨੋਦ ਸ਼ਰਮਾ) : ਥਾਣਾ ਲਾਹੌਰੀ ਗੇਟ ਪਟਿਆਲਾ ਪੁਲਿਸ ਨੇ ਕਥਿਤ ਦੋਸ਼ੀ ਮਹੀਰ ਵਾਸੀ ਗਲੀ ਨੰ. 6 ਗਾਂਧੀ ਨਗਰ ਲਾਹੌਰੀ ਗੇਟ ਵਿਰੁੱਧ ਧਾਰਾ 27, 61, 85 ਦੇ ਤਹਿਤ ਮਾਮਲਾ ਦਰਜ ਕੀਤਾ ਹੈ। ਏਐਸਆਈ ਤੇਜਿੰਦਰ ਸਿੰਘ ਸਮੇਤ ਪੁਲਿਸ ਪਾਰਟੀ ਬਾਬਾ ਸ੍ਰੀ ਚੰਦ ਕਲੋਨੀ ਪਾਸ ਮੌਜੂਦ ਸੀ, ਜੋ ਕਥਿਤ ਦੋਸ਼ੀ ਨੂੰ ਸ਼ੱਕ ਦੇ ਅਧਾਰ ਪਰ ਰੋਕ ਕੇ ਚੈਕ ਕਰਨ ਪਰ ਉਸਦਾ ਨਸ਼ਾ ਕੀਤਾ ਜਾਪਦਾ ਪਾਇਆ ਗਿਆ।

ਮੰਡੀਆਂ 'ਚ ਫ਼ਸਲ ਦਾ ਢੇਰ, ਸਰਕਾਰੀ ਯੋਜਨਾ ਨਾਕਾਮ: ਸ਼ੈਰੀ ਰਿਆੜ

ਸਨੌਰ, 22 ਅਪ੍ਰੈਲ (ਪ੍ਰਥਮ ਕੁਮਾਰ): ਸਨੌਰ ਤੋਂ ਸੀਨੀਅਰ ਕਾਂਗਰਸ ਆਗੂ ਮਨਸਿਮਰਤ ਸਿੰਘ ਸ਼ੈਰੀ ਰਿਆੜ ਨੇ ਅੱਜ ਢੁੱਧਨ ਸਾਧਾਂ ਅਨਾਜ ਮੰਡੀ ਦਾ ਦੌਰਾ ਕੀਤਾ ਅਤੇ ਮੰਡੀ ਵਿੱਚ ਕਿਸਾਨਾਂ ਅਤੇ ਆੜ੍ਹਤੀਆਂ ਨਾਲ ਮੁਲਾਕਾਤ ਕੀਤੀ। ਇਸ ਦੌਰਾਨ, ਉਨ੍ਹਾਂ ਨੇ ਮੰਡੀਆਂ ਵਿੱਚ ਕਿਸਾਨਾਂ ਨੂੰ ਆ ਰਹੀਆਂ ਸਮੱਸਿਆਵਾਂ ਦਾ ਜਾਇਜ਼ਾ ਲਿਆ। ਸ਼ੈਰੀ ਰਿਆੜ ਨੇ ਸਰਕਾਰ ਦੀ ਨਿੰਦਿਆ ਕਰਦਿਆਂ ਕਿਹਾ ਕਿ ਉਹ ਕਣਕ ਦੇ ਸੀਜ਼ਨ ਦੌਰਾਨ ਮੰਡੀਆਂ ਵਿਚ ਕਣਕ ਦੀ ਫ਼ਸਲ ਦੀ ਲਿਫ਼ਟਿੰਗ ਅਤੇ ਪੈਸਿਆਂ ਦੇ ਭੁਗਤਾਨ ਕਰਨ ਵਿੱਚ ਅਸਫਲ ਰਹੀ ਹੈ। ਇਸ ਕਾਰਨ, ਮੰਡੀਆਂ ਵਿੱਚ ਕਣਕ ਦੀਆਂ ਬੋਰੀਆਂ ਦੇ ਢੇਰ ਲੱਗੇ ਹੋਏ ਹਨ, ਜਿਸ ਨਾਲ ਕਿਸਾਨਾਂ ਨੂੰ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਤੇ ਮੰਡੀਆਂ ਵਿੱਚ ਇਸ ਦੀ ਲਿਫ਼ਟਿੰਗ ਕਰਾਉਣ ਵਿੱਚ ਅਸਫਲ ਹੋਣ ਦੇ ਕਾਰਨ ਪੰਜਾਬ ਦੇ ਕਿਸਾਨਾਂ ਵਿੱਚ ਚਿੰਤਾ ਦੀ ਲਹਿਰ ਹੈ। ਰਿਆੜ ਵੱਲੋਂ ਕਿਸਾਨਾਂ ਦੀਆਂ ਮੁਸ਼ਕਲਾਂ ਨੂੰ ਸਮਝਦਿਆਂ, ਇਸ ਗੱਲ ਨੂੰ ਵਾਰ-ਵਾਰ ਸਪੱਸ਼ਟ ਕੀਤਾ ਗਿਆ ਹੈ ਕਿ ਕਣਕ ਦਾ ਝਾੜ ਘੱਟ ਹੋਣ ਕਾਰਨ ਸਰਕਾਰ ਨੂੰ ਕਿਸਾਨਾਂ ਨੂੰ ਬਣਦਾ ਬੋਨਸ ਪ੍ਰਦਾਨ ਕਰਨਾ ਚਾਹੀਦਾ ਹੈ। ਇਸ ਨਾਲ ਕਿਸਾਨਾਂ ਦੀਆਂ ਆਰਥਿਕ ਦਸ਼ਾਵਾਂ ਵਿੱਚ ਕੁਝ ਸੁਧਾਰ ਹੋ ਸਕਦਾ ਹੈ। ਇਸ ਤੋਂ ਇਲਾਵਾ, ਸਾਡੇ ਪਾਣੀ ਦੇ ਧੱਧਰ ਨੂੰ ਬਚਾਉਣ ਲਈ, ਸਰਕਾਰਾਂ ਨੂੰ ਕਿਸਾਨਾਂ ਨਾਲ ਗੱਲਬਾਤ ਕਰਕੇ ਕਣਕ ਅਤੇ ਝੋਨੇ ਦੀ ਫਸਲ ਦਾ ਬਦਲ ਲੱਭਣਾ ਚਾਹੀਦਾ ਹੈ। ਇਹ ਕਦਮ ਸਿਰਫ ਕਿਸਾਨਾਂ ਦੀਆਂ ਮੁਸ਼ਕਲਾਂ ਨੂੰ ਹੀ ਘਟਾਉਣਗੇ, ਬਲਕਿ ਸ

ਪਟਿਆਲਾ-ਆਸ/ਪਾਸ

ਵਿਧਾਇਕ ਡਾ. ਜਮੀਲ ਉਰ ਰਹਿਮਾਨ ਤੋਂ 20 ਲੱਖ ਦੀ ਫਿਰੌਤੀ ਮੰਗਣ ਵਾਲੇ ਦੋ ਕਾਬੂ

ਮਲੇਰਕੋਟਲਾ, 22 ਅਪ੍ਰੈਲ (ਬਲਜੀਤ ਸਿੰਘ ਟਿੱਬਾ) : ਸੀਨੀਅਰ ਕਪਤਾਨ ਪੁਲਿਸ, ਮਾਲੇਰਕੋਟਲਾ ਗਗਨ ਅਜੀਤ ਸਿੰਘ ਵੱਲੋਂ ਜਾਣਕਾਰੀ ਦਿੰਦੇ ਹੋਏ ਦੱਸਿਆ ਗਿਆ ਕਿ ਸੱਤਪਾਲ ਸਰਮਾ ਪੀ.ਪੀ.ਐੱਸ, ਕਪਤਾਨ ਪੁਲਿਸ ਇੰਨਵੈਸਟੀਗੇਸ਼ਨ, ਦੀਪਇੰਦਰ ਸਿੰਘ ਜੇਜੀ ਪੀ.ਪੀ.ਐੱਸ ਉਪ ਕਪਤਾਨ ਪੁਲਿਸ ਇੰਨਵੈਸਟੀਗੇਸ਼ਨ, ਮਾਲੇਰਕੋਟਲਾ ਅਤੇ ਸ੍ਰੀ ਮਾਨਵਜੀਤ ਸਿੰਘ ਸਿੱਧੂ ਪੀ.ਪੀ.ਐੱਸ ਉਪ ਕਪਤਾਨ ਪੁਲਿਸ ਸਬ ਡਵੀਜਨ ਮਾਲੇਰਕੋਟਲਾ ਦੇ ਦਿਸ਼ਾ ਨਿਰਦੇਸਾਂ ਹੇਠ ਇੰਸਪੈਕਟਰ ਹਰਜਿੰਦਰ ਸਿੰਘ ਇੰਚਾਰਜ ਸੀ.ਆਈ.ਏ ਮਾਹੋਰਾਣਾ, ਇੰਸਪੈਕਟਰ ਮਨਜੋਤ ਸਿੰਘ ਮੁੱਖ ਅਫਸਰ ਥਾਣਾ ਸਾਇਬਰ ਕਰਾਇਮ ਮਾਲੇਰਕੋਟਲਾ ਅਤੇ ਥਾਣੇਦਾਰ ਦਰਸ਼ਨ ਸਿੰਘ ਮੁੱਖ ਅਫਸਰ ਥਾਣਾ ਸਿਟੀ-2 ਮਾਲੇਰਕੋਟਲਾ ਦੀ ਟੀਮ ਉਸ ਸਮੇਂ ਵੱਡੀ ਸਫਲਤਾ ਹਾਸਲ ਹੋਈ ਜਦੋਂ ਮੁਕੱਦਮਾ ਨੰਬਰ 64 ਅਧੀਨ ਧਾਰਾ 308(4),351(4),62 ਬੀਐਨਐਸ ਥਾਣਾ ਸਿਟੀ-2 ਮਾਲੇਰਕੋਟਲਾ ਵਿੱਚ ਨਾਮਲੂਮ ਦੋਸੀਆਨ ਨੂੰ ਟੈਕਨੀਕਲ ਤਰੀਕੇ ਨਾਲ ਨਾਲ ਟਰੇਸ ਕਰਕੇ ਦੋਸੀ ਮੁਹੰਮਦ ਸੁਭਹਾਨ ਉਰਫ ਮਾਨ ਪੁੱਤਰ ਮੁਹੰਮਦ ਸਰੀਫ ਵਾਸੀ ਮੁਹੱਲਾ ਸਾਦੇਵਾਲ ਮਾਲੇਰਕੋਟਲਾ ਨੂੰ ਮਿਤੀ 18.04.2026 ਨੂੰ ਮੁਕੱਦਮਾ ਉਕਤ ਵਿੱਚ ਨਾਮਜਦ ਕਰਕੇ ਹਸਬ ਜਾਬਤਾ ਗ੍ਰਿਫਤਾਰ ਕੀਤਾ ਗਿਆ ਅਤੇ ਦੋਸੀ ਮੁਹੰਮਦ ਸਬੁਹਾਨ ਉਕਤ ਪਾਸੋਂ ਇੱਕ ਮੋਬਾਇਲ ਮਾਰਕਾ ਰੀਅਲ ਮੀ ਬਰਾਮਦ ਕੀਤਾ ਗਿਆ। ਦੋਸੀ ਮੁਹੰਮਦ ਸੁਬਹਾਨ ਉਕਤ ਵੱਲੋਂ ਪੁੱਛਗਿੱਛ ਦੌਰਾਨ ਦੱਸਿਆ ਗਿਆ ਕਿ ਉਸ ਵੱਲੋਂ ਜਗਦੀਪ ਸਿੰਘ ਉਰਫ ਸੈਂਟੀ ਪੁੱਤਰ ਜਸਵੰਤ ਸਿੰਘ ਵਾਸੀ ਬਲਾਕ-ਬੀ ਅਫਸਰ ਕਲੋਨੀ ਸੰਗਰੂਰ ਨੂੰ ਡਾਕਟਰ ਜਮੀਲ ਉਰ ਰਹਿਮਾਨ ਐੱਮ.ਐੱਲ.ਏ ਮਾਲੇਰਕੋਟਲਾ ਦੇ ਮੋਬਾਇਲ ਨੰਬਰ ਮੁਹੱਈਆ ਕਰਵਾਇਆ ਗਿਆ ਸੀ, ਜਿਸ ਤੋਂ ਬਾਅਦ ਜਗਦੀਪ ਸਿੰਘ ਉਰਫ ਸੈਂਟੀ ਉਕਤ ਵੱਲੋਂ ਆਪਣੇ ਵਿਦੇਸੀ ਵੱਟਸ ਐੱਪ ਨੰਬਰ ਤੋਂ ਡਾ. ਜਮੀਲ ਉਰ ਰਹਿਮਾਨ ਐੱਮ.ਐੱਲ.ਏ ਮਾਲੇਰਕੋਟਲਾ ਦੇ ਪੀ.ਏ ਗੁਰਮੱਖ ਸਿੰਘ ਜੋ ਵਰਤਿਆ ਜਾਂਦਾ ਹੈ ਉਸ ਮੋਬਾਇਲ ਨੰਬਰ ਪਰ ਕਾਲ ਕਰਕੇ 20 ਲੱਖ ਰੁਪੈ ਦੀ ਫਿਰੌਤੀ ਦੀ ਮੰਗ ਕੀਤੀ ਗਈ ਸੀ। ਜਿਸ ਉਪਰੰਤ ਦੋਸੀ ਮੁਹੰਮਦ ਸੁਬਹਾਨ ਉਕਤ ਦੀ ਪੁੱਛਗਿੱਛ ਪਰ ਜਸਵੰਤ ਸਿੰਘ ਉਕਤ ਨੂੰ ਮੁਕੱਦਮਾ ਹਜਾ ਵਿੱਚ ਦੋਸੀ ਨਾਮਜਦ ਕਰਕੇ ਮਿਤੀ 21.04.26 ਨੂੰ ਹਸਬ ਜਾਬਤਾ ਗ੍ਰਿਫਤਾਰ ਕੀਤਾ ਗਿਆ। ਦੋਸੀਆਨ ਪਾਸੋਂ ਹੋਰ ਵੀ ਡੂੰਘਾਈ ਨਾਲ ਪੁੱਛਗਿੱਛ ਕੀਤੀ ਜਾ ਰਹੀ ਹੈ।

ਅੱਗ ਦਾ ਕਹਿਰ: 16 ਵਿਘੇ ਕਣਕ ਦੀ ਨਾੜ ਸੜੀ

ਪੁਲਿਸ ਤੇ ਪਿੰਡ ਵਾਸੀਆਂ ਨੇ ਜਾਨ ਜੋਖਮ 'ਚ ਪਾ ਕੇ ਪਾਇਆ ਕਾਬੂ

ਘਨੌਰ, 22 ਅਪ੍ਰੈਲ (ਰਾਜਿੰਦਰ ਸਿੰਘ ਕੰਬੋਜ) : ਹਲਕਾ ਘਨੌਰ ਵਿੱਚ ਪੈਂਦੇ ਪਿੰਡ ਖੇੜੀ ਗੁਰਨਾ ਵਿੱਚ ਕਣਕ ਦੀ ਨਾੜ ਨੂੰ ਅੱਗ ਲੱਗੀ ਅੱਗ ਕਾਰਨ ਲਗਭਗ 16 ਵਿਘੇ ਕਣਕ ਦੀ ਨਾੜ ਸੜ ਕੇ ਸੁਆਹ ਹੋ ਗਈ, ਜਿਸ ਨਾਲ ਕਿਸਾਨ ਨੂੰ ਲੱਖਾਂ ਰੁਪਏ ਦਾ ਨੁਕਸਾਨ ਝੱਲਣਾ ਪਿਆ। ਪੀੜਤ ਕਿਸਾਨ ਜਸਵੀਰ ਸਿੰਘ ਜੱਸੀ ਪੁੱਤਰ ਸੁਰਜੀਤ ਸਿੰਘ ਵਾਸੀ ਖੇੜੀ ਗੁਰਨਾ ਨੇ ਦੱਸਿਆ ਕਿ ਅੱਗ ਬਿਜਲੀ ਦੇ ਸ਼ਾਰਟ ਸਰਕਟ ਨਾਲ ਅੱਗ ਲੱਗੀ। ਉਨ੍ਹਾਂ ਕਿਹਾ ਕਿ ਅੱਗ ਨੇ ਕੁਝ ਹੀ ਸਮੇਂ ਵਿੱਚ ਭਿਆਨਕ ਰੂਪ ਧਾਰ ਲਿਆ ਅਤੇ ਸੂਚਨਾ ਮਿਲਦੇ ਹੀ ਪੁਲਸ ਚੌਕੀ ਤੇਪਲਾ ਦੇ ਇੰਚਾਰਜ ਜਜਵਿੰਦਰ ਸਿੰਘ ਪੁਲਿਸ ਪਾਰਟੀ ਸਮੇਤ ਤੁਰੰਤ ਮੌਕੇ 'ਤੇ ਪਹੁੰਚੇ। ਉਨ੍ਹਾਂ ਨੇ ਪਿੰਡ ਵਾਸੀਆਂ ਦੇ ਸਹਿਯੋਗ ਨਾਲ ਜਾਨ ਜੋਖਮ 'ਚ ਪਾ ਕੇ ਅੱਗ ਬੁਝਾਉਣ ਦੀ ਕੋਸ਼ਿਸ਼ ਕੀਤੀ। ਲੰਬੀ ਮੁਸ਼ੱਕਤ ਤੋਂ ਬਾਅਦ ਅੱਗ 'ਤੇ ਕਾਬੂ ਪਾਇਆ ਗਿਆ, ਜਿਸ ਨਾਲ ਹੋਰ ਫਸਲਾਂ ਅਤੇ ਘਰਾਂ ਨੂੰ ਬਚਾ ਲਿਆ ਗਿਆ। ਪਿੰਡ ਵਾਸੀਆਂ ਦੇ ਸਹਿਯੋਗ ਕਾਰਨ ਨੇੜਲੇ ਖੇਤ ਦੀ ਖੜੀ ਕਣਕ ਦੀ ਫਸਲ ਦਾ ਬਚਾਅ ਹੋ ਗਿਆ। ਕਿਸਾਨਾਂ ਨੇ ਸਰਕਾਰ ਤੋਂ ਮੰਗ ਕੀਤੀ ਹੈ ਕਿ ਨੁਕਸਾਨ ਦੀ ਪੂਰਤੀ ਲਈ ਤੁਰੰਤ ਮਦਦ ਦਿੱਤੀ ਜਾਵੇ। ਇਸ ਸਬੰਧੀ ਐਸ.ਡੀ.ਓ. ਮੇਜਰ ਸਿੰਘ ਨੇ ਕਿਹਾ ਕਿ ਮਾਮਲੇ ਦੀ ਗੰਭੀਰਤਾ ਨਾਲ ਜਾਂਚ ਕੀਤੀ ਜਾ ਰਹੀ ਹੈ ਅਤੇ ਅੱਗ ਦੇ ਅਸਲੀ ਕਾਰਨਾਂ ਦਾ ਪਤਾ ਲਗਾ ਕੇ ਬਣਦੀ ਕਾਰਵਾਈ ਕੀਤੀ ਜਾਵੇਗੀ।

ਭਾਈ ਗੁਰਜੀਤ ਸਿੰਘ ਖ਼ਾਲਸਾ ਨੂੰ ਟਾਵਰ ਤੋਂ ਸੁਰੱਖਿਅਤ ਉਤਾਰਨ ਲਈ ਪੁਖ਼ਤਾ ਪ੍ਰਬੰਧ ਕੀਤੇ ਜਾਣਗੇ : ਦਮਨਜੀਤ ਸਿੰਘ ਮਾਨ

➢ਭਾਈ ਗੁਰਜੀਤ ਸਿੰਘ ਖ਼ਾਲਸਾ ਦੀ ਸਿਹਤ ਪ੍ਰਤੀ ਜ਼ਿਲ੍ਹਾ ਪ੍ਰਸ਼ਾਸਨ ਚਿੰਤਤ

ਸਮਾਣਾ, 22 ਅਪ੍ਰੈਲ (ਸੁਖਜਿੰਦਰ ਸਿੰਘ ਕੁਲਾਰਾਂ) :ਪਟਿਆਲਾ ਦੇ ਵਧੀਕ ਡਿਪਟੀ ਕਮਿਸ਼ਨਰ (ਦਿਹਾਤੀ ਵਿਕਾਸ) ਦਮਨਜੀਤ ਸਿੰਘ ਮਾਨ ਨੇ ਦੱਸਿਆ ਹੈ ਕਿ ਮੁੱਖ ਮੰਤਰੀ ਸ੍ਰ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ 13 ਅਪ੍ਰੈਲ ਨੂੰ ਵਿਧਾਨ ਸਭਾ ਵਿਚ ਪਾਸ ਕੀਤੇ ਗਏ ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਐਕਟ 2026 ਦੇ ਕਾਨੂੰਨ ਬਣਨ ਮਗਰੋਂ ਪੰਜਾਬ ਸਰਕਾਰ ਵੱਲੋਂ ਇਸ ਸਬੰਧੀ ਨੋਟੀਫ਼ਿਕੇਸ਼ਨ ਜਾਰੀ ਕਰਨ ਨਾਲ ਰਾਜ ਵਿੱਚ ਹੁਣ ਇਹ ਕਾਨੂੰਨ ਲਾਗੂ ਹੋ ਗਿਆ ਹੈ।ਉਨ੍ਹਾਂ ਕਿਹਾ ਕਿ ਸਮਾਣਾ ਵਿਖੇ ਇਸ ਸਬੰਧੀ ਸੰਗਤ ਵੱਲੋਂ ਲਗਾਏ ਗਏ ਮੋਰਚੇ ਦੀ ਸਮਾਪਤੀ ਮੌਕੇ ਜ਼ਿਲ੍ਹਾ ਪ੍ਰਸ਼ਾਸਨ ਭਾਈ ਗੁਰਜੀਤ ਸਿੰਘ ਖ਼ਾਲਸਾ ਨੂੰ ਟਾਵਰ ਤੋਂ ਸੁਰੱਖਿਅਤ ਹੇਠਾਂ ਲਿਆਉਣ ਲਈ ਸਾਰਥਕ ਉਪਰਾਲੇ ਕਰਦੇ ਹੋਏ ਪੂਰੀ ਤਰ੍ਹਾਂ ਸੰਵੇਦਨਸ਼ੀਲ ਹੈ। ਉਨ੍ਹਾਂ ਕਿਹਾ ਕਿ ਭਾਈ ਗੁਰਜੀਤ ਸਿੰਘ ਜੀ ਪਿਛਲੇ ਕਾਫ਼ੀ ਸਮੇਂ ਤੋਂ ਲਗਭਗ 400 ਫੁੱਟ ਉੱਚੇ ਟੈਲੀਕਾਮ ਟਾਵਰ 'ਤੇ ਚੜ੍ਹੇ ਹੋਏ ਹਨ, ਜਿਸ ਲਈ ਉਨ੍ਹਾਂ ਨੂੰ ਹੁਣ ਹੇਠਾਂ ਉਤਾਰਨ ਲਈ ਪਟਿਆਲਾ ਦੇ ਡਿਪਟੀ ਕਮਿਸ਼ਨਰ ਡਾ ਹਿਮਾਂਸ਼ੂ ਅਗਰਵਾਲ ਦੀ ਅਗਵਾਈ ਹੇਠ ਜ਼ਿਲ੍ਹਾ ਪ੍ਰਸ਼ਾਸਨ ਪੂਰੀ ਤਰ੍ਹਾਂ ਸੁਹਿਰਦਤਾ ਨਾਲ ਯਤਨ ਕਰ ਰਿਹਾ ਹੈ। ਉਨ੍ਹਾਂ ਨੇ ਇਹ ਵੀ ਦੱਸਿਆ ਕਿ ਇਸ ਤਰ੍ਹਾਂ ਉੱਚਾਈ ਤੋਂ ਕਿਸੇ ਵਿਅਕਤੀ ਨੂੰ ਸੁਰੱਖਿਅਤ ਤਰੀਕੇ ਨਾਲ ਹੇਠਾਂ ਲਿਆਉਣਾ ਇੱਕ ਬਹੁਤ ਹੀ ਤਕਨੀਕੀ ਕਾਰਵਾਈ ਹੈ, ਜਿਸ ਲਈ ਸਿਰਫ਼ ਸਧਾਰਣ ਰੈਸਕਿਊ ਪ੍ਰਬੰਧ ਕਾਫ਼ੀ ਨਹੀਂ ਹੁੰਦੇ। ਏਡੀਸੀ ਨੇ ਦੱਸਿਆ ਕਿ ਇਸ ਮਾਮਲੇ ਦੀ ਗੰਭੀਰਤਾ ਨੂੰ ਸਮਝਦਿਆਂ, ਜ਼ਿਲ੍ਹਾ ਪ੍ਰਸ਼ਾਸਨ ਨੇ ਪੁਲਿਸ, ਫਾਇਰ ਬ੍ਰਿਗੇਡ ਅਤੇ ਹੋਰ ਮੁਹਾਰਤ ਰੱਖਣ ਵਾਲੀਆਂ ਏਜੰਸੀਆਂ ਨਾਲ ਗੱਲਬਾਤ ਕੀਤੀ ਹੈ। ਇਸ ਤੋਂ ਇਲਾਵਾ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਭਾਰਤੀ ਫੌਜ ਨੂੰ ਵੀ ਤਕਨੀਕੀ ਸਹਾਇਤਾ ਲਈ ਬੇਨਤੀ ਕੀਤੀ ਗਈ ਹੈ, ਕਿਉਂਕਿ ਫੌਜ ਕੋਲ ਇਸ ਤਰ੍ਹਾਂ ਦੀਆਂ ਉੱਚ-ਖ਼ਤਰੇ ਵਾਲੀਆਂ ਸਥਿਤੀਆਂ ਨੂੰ ਹੱਲ ਕਰਨ ਦਾ ਖਾਸ ਤਜਰਬਾ ਅਤੇ ਉਪਕਰਨ ਉਪਲੱਬਧ ਹੁੰਦੇ ਹਨ। ਦਮਨਜੀਤ ਸਿੰਘ ਮਾਨ ਨੇ ਮੀਡੀਆ ਅਤੇ ਆਮ ਜਨਤਾ ਨੂੰ ਅਪੀਲ ਕੀਤੀ ਕਿ ਉਹ ਇਸ ਮਾਮਲੇ ਵਿੱਚ ਅਫ਼ਵਾਹਾਂ ਤੋਂ ਬਚਣ ਅਤੇ ਸਿਰਫ਼ ਅਧਿਕਾਰਿਕ ਜਾਣਕਾਰੀ 'ਤੇ ਹੀ ਵਿਸ਼ਵਾਸ ਕਰਨ। ਉਨ੍ਹਾਂ ਨੇ ਇਹ ਵੀ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਦੀ ਪਹਿਲੀ ਪ੍ਰਾਥਮਿਕਤਾ ਇੱਕ ਵਿਅਕਤੀ ਦੀ ਜ਼ਿੰਦਗੀ ਦੀ ਸੁਰੱਖਿਆ ਹੈ ਅਤੇ ਸਮੁੱਚੀ ਕਾਰਵਾਈ ਬਿਨਾਂ ਕਿਸੇ ਜਲਦੀਬਾਜ਼ੀ ਦੇ ਸੁਰੱਖਿਅਤ ਢੰਗ ਨਾਲ ਕੀਤੀ ਜਾ ਰਹੀ ਹੈ। ਉਨ੍ਹਾਂ ਨੇ ਹੋਰ ਕਿਹਾ ਕਿ ਅਸੀਂ ਹਰ ਸੰਭਵ ਕੋਸ਼ਿਸ਼ ਕਰ ਰਹੇ ਹਾਂ ਕਿ ਭਾਈ ਗੁਰਜੀਤ ਸਿੰਘ ਨਾਲ ਸੰਪਰਕ ਬਣਾਈ ਰੱਖਿਆ ਜਾਵੇ ਅਤੇ ਉਨ੍ਹਾਂ ਨੂੰ ਸੁਰੱਖਿਅਤ ਤਰੀਕੇ ਨਾਲ ਹੇਠਾਂ ਲਿਆਂਦਾ ਜਾਵੇ।

ਨਗਰ ਨਿਗਮ ਦੀ ਐਫ ਐਂਡ ਸੀ.ਸੀ. ਮੀਟਿੰਗ 'ਚ 15 ਕਰੋੜ ਦੇ ਵਿਕਾਸ ਕਾਰਜਾਂ ਨੂੰ ਹਰੀ ਝੰਡੀ

ਮੇਅਰ ਤੇ ਕਮਿਸ਼ਨਰ ਨੇ ਸ਼ਹਿਰ ਦੀ ਨੁਹਾਰ ਬਦਲਣ ਲਈ ਲਏ ਵੱਡੇ ਫ਼ੈਸਲੇ

ਪਟਿਆਲਾ, 22 ਅਪ੍ਰੈਲ (ਗੁਰਮੁੱਖ ਰੁਪਾਣਾ) : ਸ਼ਾਹੀ ਸ਼ਹਿਰ ਪਟਿਆਲਾ ਦੇ ਸਰਵਪੱਖੀ ਵਿਕਾਸ ਅਤੇ ਲੋਕਾਂ ਨੂੰ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣ ਦੇ ਮਕਸਦ ਨਾਲ ਅੱਜ ਮੇਅਰ ਕੁੰਦਨ ਗੋਗੀਆ, ਨਗਰ ਨਿਗਮ ਕਮਿਸ਼ਨਰ ਪਰਮਜੀਤ ਸਿੰਘ, ਡਿਪਟੀ ਮੇਅਰ ਜਗਦੀਪ ਜੱਗਾ ਅਤੇ ਨਿਗਮ ਦੇ ਹੋਰਨਾਂ ਸੀਨੀਅਰ ਅਧਿਕਾਰੀਆਂ ਦੀ ਮੌਜੂਦਗੀ ਵਿੱਚ ਨਗਰ ਨਿਗਮ ਦੇ ਵਿੱਤ ਤੇ ਠੇਕਾ ਕਮੇਟੀ ਦੀ ਅਹਿਮ ਮੀਟਿੰਗ ਹੋਈ। ਇਸ ਮੀਟਿੰਗ ਵਿੱਚ ਸ਼ਹਿਰ ਦੇ ਵਿਕਾਸ ਲਈ ਲਗਭਗ 15 ਕਰੋੜ ਰੁਪਏ ਦੇ ਵੱਖ-ਵੱਖ ਪ੍ਰੋਜੈਕਟਾਂ ਨੂੰ ਪ੍ਰਵਾਨਗੀ ਦਿੱਤੀ ਗਈ। ਮੀਟਿੰਗ ਵਿੱਚ ਸਭ ਤੋਂ ਅਹਿਮ ਫੈਸਲਾ ਸ਼ਹਿਰ ਵਿੱਚੋਂ ਲੰਘਣ ਵਾਲੀ ਬੜੀ ਅਤੇ ਛੋਟੀ ਨਦੀ ਦੀ ਸਫ਼ਾਈ ਨੂੰ ਲੈ ਕੇ ਲਿਆ ਗਿਆ। ਮੇਅਰ ਕੁੰਦਨ ਗੋਗੀਆ ਨੇ ਦੱਸਿਆ ਕਿ ਸੀਨੀਅਰ ਡਿਪਟੀ ਮੇਅਰ ਹਰਿੰਦਰ ਕੋਹਲੀ ਦੀ ਮੰਗ 'ਤੇ ਇਸ ਵਾਰ ਮਾਨਸੂਨ ਦੇ ਆਉਣ ਤੋਂ ਤਿੰਨ ਮਹੀਨੇ ਪਹਿਲਾਂ ਹੀ ਨਦੀਆਂ ਦੀ ਸਫ਼ਾਈ ਦਾ ਕੰਮ ਸ਼ੁਰੂ ਕੀਤਾ ਜਾ ਰਿਹਾ ਹੈ। ਇਸ ਕਾਰਜ ਲਈ ਕੁੱਲ 48 ਲੱਖ ਰੁਪਏ ਦਾ ਬਜਟ ਪਾਸ ਕੀਤਾ ਗਿਆ ਹੈ, ਜਿਸ ਵਿੱਚੋਂ ਬੜੀ ਨਦੀ ਲਈ 16 ਲੱਖ 70 ਹਜ਼ਾਰ ਅਤੇ ਛੋਟੀ ਨਦੀ ਲਈ 32 ਲੱਖ 73 ਹਜ਼ਾਰ ਰੁਪਏ ਖਰਚੇ ਜਾਣਗੇ। ਇਸ ਨਾਲ ਸ਼ਹਿਰ ਦੀਆਂ ਲਗਭਗ 40 ਕਲੋਨੀਆਂ ਨੂੰ ਹਰ ਸਾਲ ਆਉਣ ਵਾਲੇ ਹੜ੍ਹ ਵਰਗੀ ਸਥਿਤੀ ਤੋਂ ਵੱਡੀ ਰਾਹਤ ਮਿਲੇਗੀ। ਸ਼ਹਿਰ ਦੀ ਸੀਵਰੇਜ ਵਿਵਸਥਾ ਨੂੰ ਦਰੁਸਤ ਕਰਨ ਲਈ ਹਾਈ-ਟੈਕ ਮਸ਼ੀਨਾਂ ਨਾਲ ਸਫ਼ਾਈ ਕਰਵਾਉਣ ਵਾਸਤੇ 53 ਲੱਖ ਰੁਪਏ ਦੇ ਬਜਟ ਨੂੰ ਮੰਜ਼ੂਰੀ ਦਿੱਤੀ ਗਈ ਹੈ। ਇਸ ਤੋਂ ਇਲਾਵਾ, ਝਿੱਲ ਇਲਾਕੇ ਵਿੱਚ ਪੀਣ ਵਾਲੇ ਪਾਣੀ ਦੀਆਂ ਪਾਈਪਾਂ ਪਾਉਣ ਲਈ 35 ਲੱਖ 73 ਹਜ਼ਾਰ ਰੁਪਏ ਪਾਸ ਕੀਤੇ ਗਏ ਹਨ। ਅਨਾਰਦਾਨਾ ਚੌਕ ਨੇੜੇ ਏ.ਸੀ. ਮਾਰਕੀਟ ਅਤੇ ਟੋਭਾ ਧਿਆਨਾ ਸਿਟੀ ਬਗਲ ਦੇ ਪੁਰਾਣੇ ਨਾਲੇ ਨੂੰ ਕਵਰ ਕਰਕੇ ਉੱਥੇ ਪਾਰਕਿੰਗ ਬਣਾਉਣ ਦੇ ਪ੍ਰਸਤਾਵ ਨੂੰ ਵੀ ਹਰੀ ਝੰਡੀ ਦਿੱਤੀ ਗਈ ਹੈ, ਜਿਸ ਨਾਲ ਬਾਜ਼ਾਰਾਂ ਵਿੱਚ ਟ੍ਰੈਫਿਕ ਦੀ ਸਮੱਸਿਆ ਹੱਲ ਹੋਵੇਗੀ। ਭਗਤ ਸਿੰਘ ਕਲੋਨੀ: ਇੰਟਰਲੌਕਿੰਗ ਟਾਈਲਾਂ ਲਗਾਉਣ ਲਈ 2 ਕਰੋੜ ਰੁਪਏ ਦਾ ਵੱਡਾ ਬਜਟ ਪਾਸ। ਵਾਰਡ ਨੰਬਰ 13: ਨਵੇਂ ਪਾਰਕ ਦੇ ਨਿਰਮਾਣ ਲਈ 42.50 ਲੱਖ ਰੁਪਏ ਅਤੇ ਸੰਜੇ ਕਲੋਨੀ ਧਰਮਸ਼ਾਲਾ ਦੀ ਰਿਪੇਅਰ ਲਈ 10 ਲੱਖ ਰੁਪਏ। ਵਾਰਡ ਨੰਬਰ 7: ਰਤਨ ਨਗਰ ਐਕਸਟੈਂਸ਼ਨ ਦੀਆਂ ਸੜਕਾਂ ਲਈ 33 ਲੱਖ ਅਤੇ ਗੌਂਇਲ ਵੈਲੀ ਦੀਆਂ ਸੜਕਾਂ ਲਈ 62 ਲੱਖ ਰੁਪਏ। ਵਾਰਡ ਨੰਬਰ 16: ਏਕਤਾ ਨਗਰ ਡੀ.ਸੀ.ਡਬਲਿਊ ਦੀਆਂ ਸੜਕਾਂ ਲਈ 59 ਲੱਖ ਰੁਪਏ। ਵਾਰਡ ਨੰਬਰ 59 ਪੁਲੀ ਨੰਬਰ 2 ਬਸਤੀ ਦੇ ਕਮਿਊਨਿਟੀ ਸੈਂਟਰ ਦੀ ਰਿਪੇਅਰ ਲਈ 66 ਲੱਖ ਰੁਪਏ ਦੀ ਪ੍ਰਵਾਨਗੀ। ਇਸ ਮੌਕੇ ਡੇਂਗੂ ਅਤੇ ਮਲੇਰੀਆ ਵਰਗੀਆਂ ਬਿਮਾਰੀਆਂ ਤੋਂ ਬਚਾਅ ਲਈ ਫੌਗਿੰਗ ਮਸ਼ੀਨਾਂ ਵਾਸਤੇ ਦਵਾਈ ਖਰੀਦਣ ਲਈ 18 ਲੱਖ ਰੁਪਏ ਦੀ ਮੰਜ਼ੂਰੀ ਦਿੱਤੀ ਗਈ। ਮੇਅਰ ਨੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਕਰ-ਖਾਸ ਕਲੋਨੀ ਵਿੱਚ ਬਹਾਵਲਪੁਰ ਮਹਾਵੀਰ ਧਰਮਸ਼ਾਲਾ ਵਿੱਚ ਗ੍ਰੇਨਾਈਟ ਪੱਥਰ ਲਗਾਉਣ ਦੇ ਕੰਮ ਨੂੰ 'ਰੰਗਲਾ ਪੰਜਾਬ' ਗ੍ਰਾਂਟ ਅਧੀਨ ਤੇਜ਼ੀ ਨਾਲ ਮੁਕੰਮਲ ਕੀਤਾ ਜਾਵੇ। ਮੀਟਿੰਗ ਮਗਰੋਂ ਵਿਸ਼ੇਸ਼ ਤੌਰ ਤੇ ਗੱਲਬਾਤ ਕਰਦਿਆਂ ਮੇਅਰ ਕੁੰਦਨ ਗੋਗੀਆ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਪਟਿਆਲਾ ਦੇ ਵਿਕਾਸ ਲਈ ਫੰਡਾਂ ਦੀ ਕੋਈ ਕਮੀ ਨਹੀਂ ਆਉਣ ਦੇਵੇਗੀ। ਉਨ੍ਹਾਂ ਸਪੱਸ਼ਟ ਕੀਤਾ ਕਿ ਸਾਰੇ ਵਿਕਾਸ ਕਾਰਜ ਤੈਅ ਸਮੇਂ ਅੰਦਰ ਅਤੇ ਉੱਚ ਗੁਣਵੱਤਾ ਨਾਲ ਕੀਤੇ ਜਾਣਗੇ। ਮੇਅਰ ਨੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਕੰਮ ਵਿੱਚ ਕਿਸੇ ਵੀ ਤਰ੍ਹਾਂ ਦੀ ਲਾਪਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ।

ਚੇਅਰਮੈਨ ਤੇਜਿੰਦਰ ਮਹਿਤਾ ਦੀ ਅਗਵਾਈ ਹੇਠ ਸਿਹਤ ਬੀਮਾ ਕੈਂਪ ਲਗਾਇਆ

ਪਟਿਆਲਾ, 22 ਅਪ੍ਰੈਲ (ਰੁਪਾਣਾ) : ਜ਼ਿਲ੍ਹਾ ਯੋਜਨਾ ਕਮੇਟੀ ਦੇ ਚੇਅਰਮੈਨ ਅਤੇ ਆਮ ਆਦਮੀ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਤੇਜਿੰਦਰ ਮਹਿਤਾ ਦੀ ਅਗਵਾਈ ਹੇਠ ਵਾਰਡ ਨੰਬਰ 34 ਵਿਖੇ ਸਿਹਤ ਬੀਮਾ ਰਜਿਸਟਰੇਸ਼ਨ ਕੈਂਪ ਲਗਾਇਆ ਗਿਆ। ਕੈਂਪ ਦੌਰਾਨ ਸਿਰਫ਼ ਵਾਰਡ ਦੇ ਨਹੀਂ ਬਲਕਿ ਸ਼ਹਿਰ ਦੇ ਵੱਖ-ਵੱਖ ਹਿੱਸਿਆਂ ਦੇ ਨਿਵਾਸੀਆਂ ਨੇ ਸਿਹਤ ਬੀਮਾ ਕਾਰਡ ਬਣਵਾਏ। ਇਸ ਮੌਕੇ ਪ੍ਰੈੱਸ ਕਾਨਫਰੰਸ ਨੂੰ ਸੰਬੋਧਿਤ ਕਰਦਿਆਂ ਤੇਜਿੰਦਰ ਮਹਿਤਾ ਨੇ ਕਿਹਾ ਕਿ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਰਾਜ ਸਰਕਾਰ ਦੀ ਸਭ ਤੋਂ ਮਹੱਤਵਪੂਰਨ ਲੋਕ-ਹਿਤੈਸ਼ੀ ਯੋਜਨਾਵਾਂ ਵਿੱਚੋਂ ਇੱਕ ਹੈ, ਜਿਸ ਦਾ ਉਦੇਸ਼ ਹਰ ਯੋਗ ਪਰਿਵਾਰ ਨੂੰ ਸਿਹਤ ਸੁਰੱਖਿਆ ਕਵਰੇਜ ਦੇਣਾ ਹੈ। ਉਨ੍ਹਾਂ ਕਿਹਾ ਕਿ ਇਸ ਯੋਜਨਾ ਤਹਿਤ ਲਾਭਪਾਤਰੀਆਂ ਨੂੰ ਕੈਸ਼ਲੈਸ਼ ਇਲਾਜ ਦੀ ਸਹੂਲਤ ਮਿਲ ਰਹੀ ਹੈ, ਜਿਸ ਨਾਲ ਆਮ ਪਰਿਵਾਰਾਂ ਨੂੰ ਮਹਿੰਗੇ ਇਲਾਜ ਦੇ ਬੋਝ ਤੋਂ ਵੱਡੀ ਰਾਹਤ ਮਿਲ ਰਹੀ ਹੈ। ਉਨ੍ਹਾਂ ਜ